ਮੁੱਖ ਸੰਪਾਦਕ
ਡਾ. ਭਾਈ ਪਰਮਜੀਤ ਸਿੰਘ

ਸੰਪਾਦਕ
ਸੁਰਿੰਦਰ ਸਿੰਘ

Email: garjdisaver@rediffmail.com

ਪੰਦਰਵਾੜਾ

# ਗਰਜਦੀ ਸਵੇਰ

स्वयमेव मृगेन्द्रता

FORTNIGHTYLY GARJDI SAVER,PATIALA

ਪਟਿਆਲਾ

ਡਾ. ਹੈਡਗੇਵਾਰ ਕਲੀਨਿਕ ਅਤੇ ਆਯੁਰਵੈਦਿਕ ਮੈਡੀਸਨ ਸੈਂਟਰ
ਚਮੜੀ ਰੋਗਾਂ ਦੇ ਮਾਹਿਰ
ਡਾ. ਭਾਈ ਪਰਮਜੀਤ ਸਿੰਘ
ਬੀ.ਏ.ਐਮ.ਐਸ.
ਅਨਾਰਦਾਨਾ ਚੌਂਕ,
ਪਟਿਆਲਾ-147001
ਫੋਨ: 0175-2216759,
ਫੈਕਸ: 0175-2301152
ਮੋਬਾਇਲ: 9317767647

ਆਰ.ਐਨ.ਆਈ. ਨੰ: 042481/86 | ਅੰਕ : 01 | ਸਾਲ : 38 | 1 ਜਨਵਰੀ 2023 | ਦਿਨ : ਐਤਵਾਰ | ਮੁੱਲ: 2:00 ਰੁਪਏ | Regd. PTA/0091/2021-2023

## ਵੈੱਲਫੇਅਰ ਸੁਸਾਇਟੀ ਨੇ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਠ ਆਰੰਭ ਕਰਵਾਏ



ਭਾਦਸੋਂ, (ਪੱਤਰ ਪ੍ਰੇਰਕ)-ਦਿ ਵੈੱਲਫੇਅਰ ਸੁਸਾਇਟੀ ਪਟਿਆਲਾ ਵਲੋਂ ਹਰ ਸਾਲ ਦੀ ਤਰ੍ਹਾਂ 1 ਜਨਵਰੀ 2023 ਨੂੰ ਸਵੇਰੇ 10.00 ਵਜੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਪਾਠ ਦਾ ਭੋਗ ਪਾਇਆ ਜਾਵੇਗਾ। ਇਸ ਉਪਰੰਤ ਹਰ ਜਸ ਕੀਰਤਨ ਰਾਹੀਂ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਿਆ ਜਾਵੇਗਾ। ਜਾਣਕਾਰੀ ਦਿੰਦਿਆਂ ਦੀ ਵੈੱਲਫੇਅਰ ਸੁਸਾਇਟੀ ਦੇ ਚੇਅਰਮੈਨ ਐਡਵੋਕੇਟ ਸਤਬੀਰ ਸਿੰਘ ਖੱਟੜਾ ਨੇ ਸੁਸਾਇਟੀ ਮੈਂਬਰਾਂ ਅਤੇ ਇਲਾਕੇ ਦੀ ਸੰਗਤ ਨੂੰ ਅਪੀਲ ਕੀਤੀ ਹੈ ਕਿ ਸਮੇਂ ਸਿਰ ਪੁੱਜ ਕੇ ਗੁਰਬਾਣੀ ਦਾ ਆਨੰਦ ਮਾਣਿਆ ਜਾਵੇ। ਇਸ ਮੌਕੇ ਪ੍ਰਧਾਨ ਬਲਵਿੰਦਰ ਸਿੰਘ ਕੰਗ, ਬੱਬੀ ਟਿਵਾਣਾ, ਗੁਰਤੇਜ ਸਿੰਘ ਸਿੱਧੂਵਾਲ, ਤਰਸੇਮ ਸਿੰਘ ਕੋਟਲੀ ਤੇ ਸੂਬੇਦਾਰ ਨਾਹਰ ਸਿੰਘ ਅਜਨੌਦਾ ਆਦਿ ਹਾਜ਼ਰ ਸਨ।

## ਕੋਰੋਨਾ ਦੀ ਰੋਕਥਾਮ ਲਈ ਕੇਂਦਰ ਸਰਕਾਰ ਯਤਨ ਕਰੇ - ਡਾ. ਜਗਦੇਵ ਸਿੰਘ



ਪਟਿਆਲਾ, (ਪੱਤਰ ਪ੍ਰੇਰਕ)-ਭਾਰਤੀ ਕਿਸਾਨ ਯੂਨੀਅਨ ਦੇ ਸੀਨੀਅਰ ਆਗੂ ਡਾ. ਜਗਦੇਵ ਸਿੰਘ ਦੌਣ ਕਲਾਂ ਨੇ ਕੇਂਦਰ ਸਰਕਾਰ ਨੂੰ ਜ਼ੋਰ ਦੇ ਕੇ ਆਖਿਆ ਕਿ ਕੋਰੋਨਾ ਦੀ ਬਿਮਾਰੀ ਜੋ ਕਿ ਵੱਡੇ ਪੱਧਰ 'ਤੇ ਸੰਸਾਰ ਭਰ 'ਚ ਫੈਲ ਰਹੀ ਹੈ, ਉਸ ਦੀ ਰੋਕਥਾਮ ਲਈ ਕੇਂਦਰ ਸਰਕਾਰ ਨੂੰ ਸਿਰ ਤੋੜ ਯਤਨ ਕਰਨੇ ਚਾਹੀਦੇ ਹਨ ਤਾਂ ਜੋ ਦੇਸ਼ ਵਾਸੀਆਂ ਨੂੰ ਕੋਰੋਨਾ ਦੀ ਬਿਮਾਰੀ ਦੀ ਮਾਰ ਨਾ ਪਵੇ ਅਤੇ ਇਸ ਬਿਮਾਰੀ ਨੂੰ ਰੋਕਣ ਲਈ ਪੂਰੇ ਪ੍ਰਬੰਧ ਕੀਤੇ ਜਾਣ। ਉਨ੍ਹਾਂ ਇਹ ਵੀ ਆਖਿਆ ਕਿ ਜਿਹੜੀਆਂ ਡਿਸਪੈਂਸਰੀਆਂ ਪੰਜਾਬ ਭਰ 'ਚ ਨਵੀਆਂ ਖੁਲ੍ਹ ਰਹੀਆਂ ਹਨ, ਉਨ੍ਹਾਂ ਵਿਚ ਸੂਬੇ ਦੀ ਗਰੀਬ ਜਨਤਾ ਨੂੰ ਬਿਮਾਰੀਆਂ ਦੇ ਇਲਾਜ ਜਿਵੇਂ ਦਵਾਈਆਂ ਅਤੇ ਟੈਸਟ ਮੁਫ਼ਤ ਕੀਤੇ ਜਾਣ ਤਾਂ ਜੋ ਸੂਬੇ ਭਰ 'ਚ ਦਿਨ ਪ੍ਰਤੀਦਿਨ ਵੱਧ ਰਹੀਆਂ ਬਿਮਾਰੀਆਂ 'ਤੇ ਰੋਕਥਾਮ ਲਗਾਈ ਜਾਵੇ।

# ਸਾਲ 2022: ਮਾਤ ਭੂਮੀ ਲਈ ਜਾਨਾਂ ਵਾਰਨ ਵਾਲੇ ਜਵਾਨਾਂ ਦੇ ਪਰਿਵਾਰਾਂ ਨਾਲ ਖੜ੍ਹੀ ਮਾਨ ਸਰਕਾਰ : ਸਰਾਰੀ



ਚੰਡੀਗੜ੍ਹ , (ਪੱਤਰ ਪ੍ਰੇਰਕ)- ਦੇਸ ਦੀ ਰੱਖਿਆ ਲਈ ਵੱਖ-ਵੱਖ ਆਪ੍ਰੇਸਨਾਂ ਵਿੱਚ ਆਪਣੀਆਂ ਜਾਨਾਂ ਨਿਛਾਵਰ ਕਰਨ ਵਾਲੇ ਜਵਾਨਾਂ ਦੇ ਸਕੇ-ਸਨੇਹੀਆਂ ਦੇ ਹਿੱਤਾਂ ਦੀ ਰਾਖੀ ਲਈ ਅੱਗੇ ਆਉਂਦਿਆਂ ਮੁੱਖ ਮੰਤਰੀ ਸ. ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਸੈਨਿਕਾਂ ਦੇ ਵਾਰਸਾਂ ਦੀ ਭਲਾਈ ਲਈ ਕਈ ਮਹੱਤਵਪੂਰਨ ਫੈਸਲੇ ਲਏ ਹਨ।ਰੱਖਿਆ ਜਵਾਨਾਂ ਦੀਆਂ ਬਹਾਦਰੀ ਦੀਆਂ ਸੇਵਾਵਾਂ ਨੂੰ ਮਾਨਤਾ ਦਿੰਦੇ ਹੋਏ ਮਾਨ ਸਰਕਾਰ ਨੇ ਸੱਤਾ ਸੰਭਾਲਣ ਤੋਂ ਤੁਰੰਤ ਬਾਅਦ ਸਹੀਦ ਸੈਨਿਕਾਂ ਦੇ ਪਰਿਵਾਰਾਂ ਨੂੰ ਦਿੱਤੀ ਜਾਣ ਵਾਲੀ ਐਕਸ-ਗ੍ਰੇਸੀਆ ਗ੍ਰਾਂਟ 50 ਲੱਖ ਰੁਪਏ ਤੋਂ ਵਧਾ ਕੇ 1 ਕਰੋੜ ਰੁਪਏ ਕਰ ਦਿੱਤੀ। ਦੇਸ ਦੀ ਰੱਖਿਆ ਲਈ ਵੱਖ-ਵੱਖ ਆਪ੍ਰੇਸ਼ਨਾਂ ਵਿੱਚ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਸੈਨਿਕਾਂ ਦੇ ਵਾਰਸਾਂ ਨੂੰ ਇਹ ਵਿੱਤੀ ਸਹਾਇਤਾ ਦਿੱਤੀ ਜਾ ਰਹੀ ਹੈ। ਪੰਜਾਬ ਦੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਫੌਜਾ ਸਿੰਘ ਸਰਾਰੀ ਨੇ ਦੱਸਿਆ ਕਿ ਵਿਭਾਗ ਵੱਲੋਂ 1 ਅਪ੍ਰੈਲ 2022 ਤੋਂ ਹੁਣ ਤੱਕ ਦੇ ਸਮੇਂ ਦੌਰਾਨ ਸਹੀਦਾਂ ਦੇ ਵਾਰਸਾਂ ਨੂੰ 3,09,40,000 ਰੁਪਏ ਦੀ ਅਦਾਇਗੀ ਕੀਤੀ ਜਾ ਚੁੱਕੀ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਜੰਗ ਤੋਂ ਇਲਾਵਾ ਕਿਸੇ ਹੋਰ ਵਜ੍ਹਾ ਕਰਕੇ ਸੈਨਿਕ ਦੀ ਮੌਤ ਹੋਣ ਦੀ ਸੂਰਤ ਵਿੱਚ ਹਥਿਆਰਬੰਦ ਸੈਨਾਵਾਂ ਦੇ ਫਲੈਗ ਡੇਅ ਫੰਡ ਤਹਿਤ ਸਹੀਦ ਹੋਣ ਵਾਲੇ ਜਵਾਨਾਂ ਦੇ ਪਰਿਵਾਰ ਨੂੰ 1 ਲੱਖ ਰੁਪਏ ਦੀ ਵਿੱਤੀ ਸਹਾਇਤਾ ਦਿੱਤੀ ਜਾ ਰਹੀ ਹੈ। ਇਸ ਤਹਿਤ 01.04.2022 ਤੋਂ ਹੁਣ ਤੱਕ ਦੇ ਅਰਸੇ ਦੌਰਾਨ ਹਥਿਆਰਬੰਦ ਬਲਾਂ ਦੇ ਜਵਾਨਾਂ ਦੇ ਪਰਿਵਾਰਾਂ ਨੂੰ 26 ਲੱਖ ਰੁਪਏ ਦੀ ਰਾਸੀ ਦਾ ਭੁਗਤਾਨ ਕੀਤਾ ਗਿਆ ਹੈ। ਸਹੀਦ ਹੋਣ ਵਾਲੇ ਸੈਨਿਕਾਂ ਦੀਆਂ ਵਿਧਵਾਵਾਂ ਦੀ ਦੇਖਭਾਲ ਦੇ ਏਜੰਡੇ ਨੂੰ ਮੁੱਖ ਰੱਖਦਿਆਂ ਮਾਨ ਸਰਕਾਰ ਵੱਲੋਂ ਫੌਜੀਆਂ ਦੀਆਂ ਵਿਧਵਾਵਾਂ ਨੂੰ 6 ਮਹੀਨਿਆਂ ਤੱਕ ਪੈਨਸਨ ਸੁਰੂ ਹੋਣ ਤੱਕ 15000 ਰੁਪਏ ਪ੍ਰਤੀ ਮਹੀਨਾ ਗੁਜਾਰਾ ਭੱਤਾ ਦਿੱਤਾ ਜਾ ਰਿਹਾ ਹੈ। ਕੈਬਨਿਟ ਮੰਤਰੀ ਫੌਜਾ ਸਿੰਘ ਸਰਾਰੀ ਨੇ ਦੱਸਿਆ ਕਿ ਸੂਬਾ ਸਰਕਾਰ ਨੇ 01.04.2022 ਤੋਂ ਹੁਣ ਤੱਕ ਦੇ ਸਮੇਂ ਦੌਰਾਨ 14 ਵਿਧਵਾਵਾਂ ਨੂੰ ਗੁਜਾਰਾ ਭੱਤਾ ਮੁਹੱਈਆ ਕਰਵਾਇਆ ਹੈ।

## 1200 ਕਰੋੜ ਰੁਪਏ ਦੇ ਸਿੰਚਾਈ ਘੁਟਾਲੇ 'ਚ ਸਾਬਕਾ ਕੈਬਨਿਟ ਮੰਤਰੀ ਜਨਮੇਜਾ ਸਿੰਘ ਸੇਖੋਂ ਤੋਂ ਅੱਠ ਘੰਟੇ ਹੋਈ ਪੁੱਛਗਿੱਛ



ਚੰਡੀਗੜ੍ਹ , (ਪੱਤਰ ਪ੍ਰੇਰਕ)- ਸ਼੍ਰੋਮਣੀ ਅਕਾਲੀ ਦਲ ਅਤੇ ਭਾਜਪਾ ਗਠਜੋੜ ਦੀ ਸਰਕਾਰ ਦੇ ਕਾਰਜਕਾਲ 'ਚ ਹੋਏ 1200 ਕਰੋੜ ਰੁਪਏ ਤੋਂ ਜ਼ਿਆਦਾ ਦੇ ਸਿੰਚਾਈ ਘਪਲੇ 'ਚ ਵਿਜੀਲੈਂਸ ਨੇ ਸ਼ੁੱਕਰਵਾਰ ਨੂੰ ਸਾਬਕਾ ਸਿੰਚਾਈ ਮੰਤਰੀ ਜਨਮੇਜਾ ਸਿੰਘ ਸੇਖੋਂ ਤੋਂ ਪੁੱਛਗਿੱਛ ਕੀਤੀ। ਸੇਖੋਂ ਸਵੇਰੇ ਵਿਜੀਲੈਂਸ ਦੇ ਮੁੱਖ ਦਫ਼ਤਰ ਪਹੁੰਚੇ। ਵਿੱਚੋਂ ਉਹ ਦੁਪਹਿਰ ਦਾ ਖਾਣਾ ਖਾਣ ਲਈ ਘਰ ਗਏ ਤੇ ਦੁਪਹਿਰ ਤੋਂ ਬਾਅਦ ਆ ਕੇ ਫਿਰ ਤੋਂ ਜਾਂਚ 'ਚ ਸ਼ਾਮਲ ਹੋਏ। ਵਿਜੀਲੈਂਸ ਅਧਿਕਾਰੀਆਂ ਦੀ ਟੀਮ ਨੇ ਉਨ੍ਹਾਂ ਤੋਂ ਅੱਠ ਘੰਟੇ ਤੋਂ ਵੱਧ ਸਮੇਂ ਤਕ ਪੁੱਛਗਿੱਛ ਕੀਤੀ। ਇਸ ਤੋਂ ਪਹਿਲਾਂ ਸਾਬਕਾ ਕੈਬਨਿਟ ਮੰਤਰੀ ਸ਼ਰਨਜੀਤ ਸਿੰਘ ਢਿੱਲੋਂ ਤੋਂ ਵੀ ਵਿਜੀਲੈਂਸ ਬਿਊਰੋ ਪੁੱਛਗਿੱਛ ਕਰ ਚੁੱਕੀ ਹੈ। ਵਿਜੀਲੈਂਸ ਅਧਿਕਾਰੀਆਂ ਦਾ ਕਹਿਣਾ ਹੈ ਕਿ ਮਾਮਲੇ ਦੀ ਸ਼ੁਰੂਆਤ ਤੋਂ ਲੈ ਕੇ ਵੱਖ-ਵੱਖ ਸਵਾਲ ਪੁੱਛੇ ਗਏ। ਇਸ ਮਾਮਲੇ 'ਚ ਵਿਜੀਲੈਂਸ ਪੰਜਾਬ ਦੇ ਸਾਬਕਾ ਮੁੱਖ ਸਕੱਤਰ ਸਰਵੇਸ਼ ਕੌਸ਼ਲ ਤੋਂ ਅਗਲੇ ਹਫ਼ਤੇ ਪੁੱਛਗਿੱਛ ਕਰ ਸਕਦੀ ਹੈ। ਉਹ ਅਮਰੀਕਾ ਤੋਂ ਪਰਤ ਆਏ ਹਨ ਤੇ ਚੀਫ ਡਾਇਰੈਕਟਰ ਵਿਜੀਲੈਂਸ ਨੂੰ ਪੱਤਰ ਲਿਖਣ ਤੋਂ ਬਾਅਦ ਜਾਂਚ 'ਚ ਸ਼ਾਮਲ ਕਰਵਾਏ ਜਾਣ ਦਾ ਇੰਤਜ਼ਾਰ ਕਰ ਰਹੇ ਹਨ। ਇਸ ਘਪਲੇ 'ਚ ਤਿੰਨ ਸਾਬਕਾ ਆਈਏਐੱਸ ਅਧਿਕਾਰੀਆਂ ਦਾ ਨਾਂ ਸ਼ਾਮਲ ਸੀ, ਜਿਨ੍ਹਾਂ 'ਚੋਂ ਦੋ ਆਈਏਐੱਸ ਅਧਿਕਾਰੀਆਂ ਕਾਹਨ ਸਿੰਘ ਪੰਨੂ ਤੇ ਕੇਬੀਐੱਸ ਸਿੱਧੂ ਤੋਂ ਵਿਜੀਲੈਂਸ ਪੁੱਛਗਿੱਛ ਕਰ ਚੁੱਕੀ ਹੈ। ਇਸ ਮਾਮਲੇ ਦੀ ਜਾਂਚ ਮੁੱਖ ਮੰਤਰੀ ਭਗਵੰਤ ਮਾਨ ਦੀ ਮਨਜ਼ੂਰੀ ਮਿਲਣ ਤੋਂ ਬਾਅਦ ਸ਼ੁਰੂ ਕੀਤੀ ਗਈ ਹੈ। ਜਾਂਚ ਪ੍ਰਕਿਰਿਆ ਪੂਰੀ ਹੋਣ ਤੋਂ ਬਾਅਦ ਵਿਜੀਲੈਂਸ ਵੱਲੋਂ ਇਸ ਮਾਮਲੇ 'ਚ ਵੱਡੀ ਕਾਰਵਾਈ ਕੀਤੀ ਜਾ ਸਕਦੀ ਹੈ। ਇਸ ਘਪਲੇ 'ਚ ਠੇਕੇਦਾਰ ਗੁਰਿੰਦਰ ਸਿੰਘ ਦੇ ਬਿਆਨ 'ਤੇ ਇਨ੍ਹਾਂ ਸਾਬਕਾ ਅਧਿਕਾਰੀਆਂ ਤੇ ਮੰਤਰੀਆਂ ਤੋਂ ਪੁੱਛਗਿੱਛ ਕੀਤੀ ਗਈ ਹੈ।

## ਦਾਸਤਾਨ-ਏ-ਸ਼ਹਾਦਤ ਪ੍ਰੋਗਰਾਮ 'ਤੇ ਹੋਏ ਖ਼ਰਚਿਆਂ ਦੀ ਵਿਜੀਲੈਂਸ ਵੱਲੋਂ ਜਾਂਚ ਸ਼ੁਰੂ, ਸ਼ਿਕਾਇਤਕਰਤਾ 'ਚ ਕਿਹਾ- ਸਾਬਕਾ ਮੁੱਖ ਮੰਤਰੀ ਚੰਨੀ ਦੇ ਪੁੱਤਰ ਦੇ ਵਿਆਹ 'ਤੇ ਖ਼ਰਚ ਹੋਇਆ ਪੈਸਾ



ਚੰਡੀਗੜ੍ਹ , (ਪੱਤਰ ਪ੍ਰੇਰਕ)-ਪੰਜਾਬ ਵਿਜੀਲੈਂਸ ਬਿਊਰੋ ਨੇ ਨਵੰਬਰ, 2021 'ਚ ਹੋਏ ਦਾਸਤਾਨ-ਏ-ਸ਼ਹਾਦਤ ਪ੍ਰੋਗਰਾਮ 'ਤੇ ਹੋਏ ਖ਼ਰਚਿਆਂ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਬਿਊਰੋ ਨੂੰ 2021 'ਚ ਟੂਰਿਜ਼ਮ ਦੇ ਜਨਰਲ ਮੈਨੇਜਰ ਐੱਸਕੇ ਚੱਢਾ ਤੇ ਐਕਸੀਅਨ ਪ੍ਰੇਮ ਚੰਦ ਖ਼ਿਲਾਫ਼ ਸ਼ਿਕਾਇਤ ਮਿਲੀ ਹੈ। ਬਠਿੰਡਾ ਵਾਸੀ ਰਾਜਬਿੰਦਰ ਸਿੰਘ ਨੇ ਵਿਜੀਲੈਂਸ ਬਿਊਰੋ ਨੂੰ ਦਿੱਤੀ ਸ਼ਿਕਾਇਤ 'ਚ ਦੋਸ਼ ਲਗਾਇਆ ਹੈ ਕਿ ਦਾਸਤਾਨ-ਏ-ਸ਼ਹਾਦਤ ਦੇ ਪ੍ਰੋਗਰਾਮ ਜਿਹੜੇ ਨਵੰਬਰ, 2021 'ਚ ਹੋਏ ਸਨ, ਦੀ ਜਾਂਚ ਕੀਤੀ ਜਾਵੇ ਕਿਉਂਕਿ ਪ੍ਰੋਗਰਾਮ ਕਰਵਾਉਣ ਨੂੰ ਲੈ ਕੇ ਕਰੋੜਾਂ ਰੁਪਏ ਦਾ ਘੁਟਾਲਾ ਹੋਇਆ ਹੈ। ਸ਼ਿਕਾਇਤ 'ਚ ਕਿਹਾ ਗਿਆ ਹੈ ਕਿ ਉਕਤ ਪ੍ਰੋਗਰਾਮ ਚਮਕੌਰ ਸਾਹਿਬ 'ਚ ਕਰਵਾਇਆ ਗਿਆ ਸੀ। ਸਾਰੇ ਪ੍ਰੋਗਰਾਮ ਦੀ ਜ਼ਿੰਮੇਵਾਰੀ ਉਕਤ ਦੋਵਾਂ ਅਧਿਕਾਰੀਆਂ ਕੋਲ ਸੀ। ਪ੍ਰੋਗਰਾਮ ਦੌਰਾਨ 1.47 ਕਰੋੜ ਰੁਪਏ ਦਾ ਘੁਟਾਲਾ ਹੋਇਆ ਹੈ। ਘੁਟਾਲੇ ਤੋਂ ਜਿਹੜਾ ਪੈਸਾ ਆਇਆ, ਉਸ ਨੂੰ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੇ ਪੁੱਤਰ ਦੇ ਵਿਆਹ 'ਚ ਖ਼ਰਚ ਤੇ ਅਡਜਸਟ ਕੀਤਾ ਗਿਆ। ਧਿਆਨ ਰਹੇ ਕਿ ਚੰਨੀ ਪਹਿਲਾਂ ਪੰਜਾਬ ਟੂਰਿਜ਼ਮ ਮੰਤਰੀ ਵੀ ਸਨ। ਸ਼ਿਕਾਇਤਕਰਤਾ ਨੇ ਦੋਸ਼ ਲਗਾਇਆ ਹੈ ਕਿ ਦਾਸਤਾਨ-ਏ-ਸ਼ਹਾਦਤ ਦੇ ਪ੍ਰੋਗਰਾਮ ਲਈ ਐੱਸਕੇ ਚੱਢਾ ਵੱਲੋਂ ਚਾਰ ਟੈਂਡਰ ਲਗਾਏ ਗਏ। ਟੈਂਡਰ 17 ਨਵੰਬਰ, 2021 ਨੂੰ ਕਾਲ ਕੀਤੇ ਗਏ। ਇਸੇ ਦਿਨ ਟੈਕਨੀਕਲ ਬਿਡ ਖੋਲ੍ਹੀ ਗਈ, ਟੈਕਨੀਕਲ ਬਿਡ ਨੂੰ ਮਨਜ਼ੂਰ ਕੀਤਾ ਗਿਆ। ਘੁਟਾਲੇ ਦਾ ਅੰਦਾਜ਼ਾ ਇਸੇ ਤੋਂ ਲਗਾਇਆ ਜਾ ਸਕਦਾ ਹੈ ਕਿ ਉਸੇ ਦਿਨ ਫਾਇਨਾਂਸ਼ੀਅਲ ਬਿਡ ਖੋਲ੍ਹ ਕੇ ਟੈਂਡਰ ਅਲਾਟ ਕਰ ਦਿੱਤੇ ਗਏ। ਇੱਕੋ ਦਿਨ ਸਾਰੀ ਟੈਂਡਰ ਪ੍ਰਕਿਰਿਆ ਪੂਰੀ ਕਰ ਦਿੱਤੀ ਗਈ। ਸਿੰਗਲ ਬਿਡ ਟੈਂਡਰ ਨੂੰ ਮਨਜ਼ੂਰ ਕਰ ਦਿੱਤਾ ਗਿਆ ਜਿਹੜੀ ਜਰਨਲ ਫਾਇਨਾਂਸ਼ੀਅਲ ਰੂਲਜ਼-2017 ਦੇ ਨਿਯਮਾਂ ਦੀ ਉਲੰਘਣਾ ਹੈ। ਸ਼ਿਕਾਇਤ 'ਚ ਦੋਸ਼ ਲਗਾਇਆ ਗਿਆ ਹੈ ਕਿ ਸਾਰਾ ਕੰਮ 20 ਗੁਣਾ ਜ਼ਿਆਦਾ ਕੀਮਤ 'ਤੇ ਕਰਵਾਇਆ ਗਿਆ। ਸ਼ਿਕਾਇਤ 'ਚ ਦੋਸ਼ ਲਗਾਇਆ ਗਿਆ ਹੈ ਕਿ ਉਕਤ ਦੋਵਾਂ ਅਧਿਕਾਰੀਆਂ ਵੱਲੋਂ ਕਰੋੜਾਂ ਰੁਪਏ ਦੀ ਰਿਸ਼ਵਤ ਵੀ ਲਈ ਗਈ ਹੈ। ਸ਼ਿਕਾਇਤਕਰਤਾ ਨੇ ਦੋਸ਼ ਲਗਾਇਆ ਹੈ ਕਿ ਇਹ ਪਹਿਲਾ ਮਾਮਲਾ ਨਹੀਂ ਹੈ, ਇਸ ਤੋਂ ਪਹਿਲਾਂ ਵੀ ਵਿਭਾਗ 'ਚ 90 ਲੱਖ ਰੁਪਏ ਦਾ ਗਬਨ ਹੋਇਆ ਸੀ ਜਿਸ ਦੀ ਐੱਫਆਈਆਰ ਸੈਕਟਰ 39 ਪੁਲਿਸ ਸਟੇਸ਼ਨ ਚੰਡੀਗੜ੍ਹ 'ਚ ਦਰਜ ਹੈ। ਇਸ ਲਈ ਇਸ ਮਾਮਲੇ ਦੀ ਨਿਰਪੱਖ ਜਾਂਚ ਕੀਤੀ ਜਾਣੀ ਚਾਹੀਦੀ ਹੈ। ਸ਼ਿਕਾਇਤ ਮਿਲਣ ਤੋਂ ਬਾਅਦ ਵਿਜੀਲੈਂਸ ਵੱਲੋਂ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ।

## ਸੰਤ ਬਾਬਾ ਰਣਜੀਤ ਸਿੰਘ ਤਪਾ ਦਰਾਜ਼ ਵਾਲਿਆਂ ਦਾ ਕੀਤਾ ਸਨਮਾਨ



ਭਾਦਸੋਂ, (ਪੱਤਰ ਪ੍ਰੇਰਕ)-ਜਗਤ ਮਾਤਾ ਗੁਜਰ ਕੌਰ ਅਤੇ ਛੋਟੇ ਸ਼ਹਿਬਜ਼ਾਦੇ ਬਾਬਾ ਜ਼ੋਰਾਵਰ ਸਿੰਘ ਅਤੇ ਬਾਬਾ ਫ਼ਤਿਹ ਸਿੰਘ ਜੀ ਦੇ ਸਾਲਾਨਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਹਰ ਸਾਲ ਦੀ ਤਰ੍ਹਾਂ ਸੱਚਖੰਡ ਵਾਸੀ ਸੰਤ ਬਾਬਾ ਨਰੈਣ ਸਿੰਘ ਜੀ ਮੋਨੀ ਤਪਾ ਦਰਾਜ਼ (ਮੋਹਾਲੀ) ਵਾਲਿਆਂ ਦੇ ਚਰਨ ਸੇਵਕ ਸੰਤ ਬਾਬਾ ਰਣਜੀਤ ਸਿੰਘ ਮੋਹਾਲੀ ਵਾਲਿਆਂ ਦੀ ਅਗਵਾਈ ਹੇਠ ਮਹਾਨ ਨਗਰ ਕੀਰਤਨ ਗੁਰਦੁਆਰਾ ਜੋਤੀ ਸਰੂਪ ਸਾਹਿਬ ਸ੍ਰੀ ਫਤਿਹਗੜ੍ਹ ਸਾਹਿਬ ਤੋਂ ਅਰੰਭ ਹੋ ਕੇ ਸਮਾਪਤ ਗੁਰਦੁਆਰਾ ਮੰਜੀ ਸਾਹਿਬ ਆਲੋਅਰਖ ਵਿਖੇ ਸੰਪੰਨ ਹੋਇਆ। ਇਸ ਮੌਕੇ ਨਗਰ ਕੀਰਤਨ ਦਾ ਸਵਾਗਤ ਭਾਦਸੋਂ ਦੇ ਮਸਹੂਰ ਫਲੈਕਸਾਂ ਵਾਲੇ ਨਰਿੰਦਰ ਸਿੰਘ ਜੱਸੀ ਬਹਿਬਲਪੁਰ ਵਾਲਿਆਂ ਵਲੋ ਕੀਤਾ ਗਿਆ। ਉਨ੍ਹਾਂ ਨੇ ਸੰਤ ਬਾਬਾ ਰਣਜੀਤ ਸਿੰਘ ਮੋਹਾਲੀ ਵਾਲਿਆਂ ਦਾ ਸਿਰਪਾਓ ਪਾ ਕੇ ਸਨਮਾਨ ਵੀ ਕੀਤਾ। ਇਸ ਮੌਕੇ ਭਾਈ ਅੰਮ੍ਰਿਤਪਾਲ ਸਿੰਘ ਰਾਮਗੜ੍ਹ ਵਾਲੇ, ਮਾਸਟਰ ਗੁਰਸੇਵਕ ਸਿੰਘ ਚਾਸਵਾਲ, ਹਰਜਿੰਦਰ ਸਿੰਘ ਚਾਸਵਾਲ, ਗੁਰਮੇਲ ਸਿੰਘ ਚਾਸਵਾਲ, ਦਰਸ਼ਨ ਸਿੰਘ ਚਾਸਵਾਲ ਅਤੇ ਗੁਰਦੀਪ ਸਿੰਘ ਚਾਸਵਾਲ ਸਮੇਤ ਹੋਰ ਹਾਜ਼ਰ ਸਨ।

# 'ਸਟਾਰ' ਵੀ ਹੁੰਦੇ ਰਹੇ ਅੰਦਰ ਅਤੇ ਬਾਹਰ, ਪਟਿਆਲਾ ਕੇਂਦਰੀ ਜੇਲ੍ਹ 'ਚ ਲੱਗੀਆਂ ਰਹੀਆਂ ਰੌਣਕਾਂ



ਪਟਿਆਲਾ , (ਪੱਤਰ ਪ੍ਰੇਰਕ)- ਸਾਲ 2022 ਸਿਆਸੀ ਅਤੇ ਸਟਾਰ ਲੋਕਾਂ ਲਈ ਬਹੁਤਾ ਚੰਗਾ ਨਹੀਂ ਰਿਹਾ ਹੈ। ਸਟਾਰ ਬੰਦਿਆਂ ਦੇ ਅੰਦਰ ਬਾਹਰ ਹੋਣ ਕਰਕੇ ਪਟਿਆਲਾ ਦੀ ਕੇਂਦਰੀ ਜੇਲ੍ਹ ਦੇ ਅੰਦਰ ਤੇ ਬਾਹਰ ਰੌਣਕਾਂ ਲੱਗਦੀਆਂ ਰਹੀਆਂ ਹਨ। ਸਭ ਤੋਂ ਪਹਿਲਾਂ ਫਰਵਰੀ ਮਹੀਨੇ ਵਿਚ ਅਕਾਲੀ ਦਲ ਦੇ ਸੀਨੀਅਰ ਆਗੂ ਤੇ ਸਾਬਕਾ ਮੰਤਰੀ ਬਿਕਰਮ ਸਿੰਘ ਮਜੀਠੀਆ ਨੂੰ ਜੇਲ੍ਹ ਜਾਣਾ ਪਿਆ ਜਿਸ ਤੋਂ ਬਾਅਦ ਕਾਂਗਰਸ ਦੇ ਸਾਬਕਾ ਪ੍ਰਧਾਨ ਨਵਜੋਤ ਸਿੰਘ ਸਿੱਧੂ ਨੂੰ 33 ਸਾਲ ਪੁਰਾਣੇ ਕੇਸ ਵਿਚ ਜੇਲ੍ਹ ਜਾਣਾ ਪਿਆ। ਪੋਪ ਗਾਇਕ ਦਲੇਰ ਮਹਿੰਦੀ ਨੂੰ ਵੀ ਇਸੇ ਸਾਲ ਜੇਲ੍ਹ ਦੀ ਰੋਟੀ ਖਾਣੀ ਪਈ ਹੈ। ਭ੍ਰਿਸ਼ਟਾਚਾਰ ਦੇ ਦੋਸ਼ਾਂ ਦਾ ਸਾਹਮਣੇ ਕਰ ਰਹੇ ਭਾਰਤ ਭੂਸ਼ਣ ਆਸ਼ੂ ਵੀ ਇਸੇ ਜੇਲ੍ਹ ਵਿਚ ਬੰਦ ਹਨ।

ਮਜੀਠੀਆ ਦਾ ਜੇਲ੍ਹ 'ਚ ਪੰਜ ਮਹੀਨੇ ਤੋਂ ਵੱਧ ਸਮਾਂ : ਸੀਨੀਅਰ ਅਕਾਲੀ ਆਗੂ ਬਿਕਰਮ ਸਿੰਘ ਮਜੀਠੀਆ ਨੂੰ 25 ਫਰਵਰੀ 2022 'ਚ ਪਟਿਆਲਾ ਜੇਲ੍ਹ ਭੇਜਿਆ ਗਿਆ। ਸੁਪਰੀਮ ਕੋਰਟ ਦੀਆਂ ਹਦਾਇਤਾਂ ਦੀ ਪਾਲਣਾ ਕਰਦਿਆਂ ਨਸ਼ਿਆਂ ਦੇ ਇੱਕ ਕੇਸ ਵਿੱਚ ਮੁਹਾਲੀ ਦੀ ਅਦਾਲਤ ਵਿੱਚ ਸਮਰਪਣ ਕਰਨ ਤੋਂ ਬਾਅਦ ਨਿਆਂਇਕ ਹਿਰਾਸਤ ਵਿੱਚ ਭੇਜਿਆ ਗਿਆ ਸੀ। ਉਸ ਸਮੇਂ ਅਦਾਲਤ ਦੀ ਇਜਾਜ਼ਤ ਲੈਣ ਤੋਂ ਬਾਅਦ ਏਆਈਜੀ ਬਲਰਾਜ ਸਿੰਘ ਦੀ ਅਗਵਾਈ ਵਾਲੀ ਐਸਆਈਟੀ ਨੇ ਮਜੀਠੀਆ ਤੋਂ ਕਰੀਬ ਇੱਕ ਘੰਟੇ ਤੱਕ ਪੁੱਛਗਿੱਛ ਕੀਤੀ। ਮਜੀਠੀਆ ਜੇਲ੍ਹ ਭੇਜਣ ਤੋਂ ਪਹਿਲਾਂ ਮੈਡੀਕਲ ਜਾਂਚ ਲਈ ਸਿਵਲ ਹਸਪਤਾਲ ਲਿਜਾਇਆ ਗਿਆ ਤੇ ਦੇਰ ਸ਼ਾਮ ਪਟਿਆਲਾ ਜੇਲ੍ਹ ਭੇਜ ਦਿੱਤਾ ਗਿਆ। ਸਪੈਸ਼ਲ ਟਾਸਕ ਫੋਰਸ ਦੇ ਮੁਖੀ ਹਰਪ੍ਰੀਤ ਸਿੰਘ ਸਿੱਧੂ ਦੀ ਰਿਪੋਰਟ ਦੇ ਆਧਾਰ 'ਤੇ ਤਿੰਨ ਵਾਰ ਵਿਧਾਇਕ ਰਹਿ ਚੁੱਕੇ ਮਜੀਠੀਆ ਖਿਲਾਫ 2021 ਵਿਚ ਸਾਲ ਦਸੰਬਰ 'ਚ ਐਨਡੀਪੀਐਸ ਐਕਟ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਕੇਸ ਦਰਜ ਕੀਤਾ ਗਿਆ ਸੀ। ਮਜੀਠੀਆ ਦੇ ਜੇਲ੍ਹ ਜਾਣ ਤੋਂ ਬਾਅਦ ਕਰੀਬ ਇਕ ਮਹੀਨਾ ਤੱਕ ਜੇਲ੍ਹ ਦੇ ਬਾਹਰ ਅਕਾਲੀ ਆਗੂਆਂ ਤੇ ਵਰਕਰਾਂ ਦੇ ਵੱਡੇ ਇਕੱਠ ਹੁੰਦੇ ਰਹੇ। ਪੰਜ ਮਹੀਨੇ ਬਾਅਦ 11 ਅਗਸਤ 2022 ਵਿਚ ਅਦਾਲਤੀ ਹੁਕਮਾਂ 'ਤੇ ਜੇਲ੍ਹ ਵਿਚੋਂ ਰਿਹਾਅ ਕੀਤਾ ਗਿਆ।

ਹਾਥੀ ਦੀ ਸਵਾਰੀ ਤੋਂ ਬਾਅਦ ਜੇਲ੍ਹ ਦਾ ਸਫਰ : ਪਟਿਆਲਾ ਵਿਚ ਹੀ ਹਾਥੀ ਦੀ ਸਵਾਰੀ ਕਰਨ ਤੋਂ ਇਕ ਦਿਨ ਬਾਅਦ ਹੀ ਨਜਵੋਤ ਸਿੱਧੂ ਨੂੰ ਇਸੇ ਸ਼ਹਿਰ ਦੀ ਜੇਲ੍ਹ ਵਿਚ ਜਾਣਾ ਪਿਆ ਹੈ। ਕਾਂਗਰਸ ਆਗੂ ਨਵਜੋਤ ਸਿੰਘ ਸਿੱਧੂ ਨੇ 1988 ਦੇ ਰੋਡ ਰੇਜ ਕੇਸ ਵਿੱਚ ਸੁਪਰੀਮ ਕੋਰਟ ਵੱਲੋਂ ਸੁਣਾਈ ਗਈ ਕੈਦ ਦੀ ਸਜ਼ਾ ਭੁਗਤਣ ਲਈ 20 ਮਈ ਨੂੰ ਪਟਿਆਲਾ ਦੇ ਚੀਫ਼ ਜੁਡੀਸ਼ੀਅਲ ਮੈਜਿਸਟਰੇਟ (ਸੀਜੇਐਮ) ਅਮਿਤ ਮੱਲ੍ਹਣ ਅੱਗੇ ਆਤਮ ਸਮਰਪਣ ਕਰ ਦਿੱਤਾ। ਜਿਸ ਵਿੱਚ ਸਿੱਧੂ ਨੂੰ ਤਿੰਨ ਸਾਲ ਪਹਿਲਾਂ ਜੁਰਮਾਨੇ ਸਮੇਤ ਛੱਡ ਦਿੱਤਾ ਗਿਆ ਸੀ। 27 ਦਸੰਬਰ 1988 ਨੂੰ ਵਾਪਰੀ ਘਟਨਾ ਵਿਚ 65 ਸਾਲਾ ਗੁਰਨਾਮ ਦੀ ਸਿੱਧੂ ਦੀ ਹੋਈ ਕੁੱਟਮਾਰ ਕਰਕੇ ਮੌਤ ਹੋ ਗਈ ਸੀ। ਇਸ ਮਾਮਲੇ ਵਿਚ ਸੁਪਰੀਮ ਕੋਰਟ ਨੇ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਸਾਬਕਾ ਪ੍ਰਧਾਨ ਨਵਜੋਤ ਸਿੰਘ ਸਿੱਧੂ ਨੂੰ ਇਕ ਸਾਲ ਦੀ ਸਖ਼ਤ ਕੈਦ ਦੀ ਸਜ਼ਾ ਸੁਣਾਈ ਹੈ। ਜੇਲ੍ਹ ਵਿਚ ਜਾਣ ਤੋਂ ਬਾਅਦ ਸਿੱਧੂ ਦੀ ਸਿਹਤ ਤੇ ਉਸਦੀ ਡਾਈਟ ਵੀ ਸਾਲ ਭਰ ਸੁਰਖੀਆਂ ਵਿਚ ਰਹੀ ਹੈ। ਭ੍ਰਿਸ਼ਟਾਚਾਰ ਦੇ ਦੋਸ਼ ਦਾ ਸਾਹਮਣੇ ਕਰ ਰਹੇ ਸਾਬਕਾ ਮੰਤਰੀ ਭਾਰਤ ਭੂਸ਼ਣ ਆਸ਼ੂ ਵੀ ਸਤੰਬਰ ਮਹੀਨੇ ਤੋਂ ਇਸੇ ਜੇਲ ਵਿਚ ਬੰਦ ਹਨ। ਦੋਹਾਂ ਨਾਲ ਮੁਲਾਕਾਤਾਂ ਲਈ ਕਾਂਗਰਸ ਦੇ ਵੱਡੇ ਆਗੂਆਂ ਦਾ ਆਉਣਾ ਜਾਣਾ ਵੀ ਲੱਗਿਆ ਰਿਹਾ ਹੈ।

ਦਲੇਰ ਮਹਿੰਦੀ ਨੂੰ ਵੀ ਖਾਣੀ ਪਈ ਜੇਲ੍ਹ ਦੀ ਰੋਟੀ : ਇਸੇ ਸਾਲ ਜੁਲਾਈ ਮਹੀਨੇ ਪੋਪ ਗਾਇਕ ਦਲੇਰ ਮਹਿੰਦੀ ਨੂੰ ਇਕ ਕੇਸ ਵਿਚ ਪਟਿਆਲਾ ਦੀ ਜੇਲ੍ਹ ਜਾਣਾ ਪਿਆ ਹੈ ਭਾਵੇਂ ਦੋ ਮਹੀਨੇ ਬਾਅਦ ।ਇਸ ਮਾਮਲੇ ਵਿੱਚ 2018 ਵਿੱਚ ਪਟਿਆਲਾ ਦੀ ਹੇਠਲੀ ਅਦਾਲਤ ਨੇ ਦਲੇਰ ਮਹਿੰਦੀ ਨੂੰ 2 ਸਾਲ ਦੀ ਸਜ਼ਾ ਸੁਣਾਈ ਸੀ। ਇਸ ਦੇ ਖਿਲਾਫ ਦਲੇਰ ਨੇ ਪਟਿਆਲਾ ਸੈਸ਼ਨ ਕੋਰਟ ਵਿੱਚ ਅਪੀਲ ਕੀਤੀ ਸੀ, ਜਿਸ ਨੂੰ ਜੁਲਾਈ ਮਹੀਨੇ ਪਟਿਆਲਾ ਦੀ ਸੈਸ਼ਨ ਕੋਰਟ ਨੇ ਹੇਠਲੀ ਅਦਾਲਤ ਦੇ ਫੈਸਲੇ ਨੂੰ ਬਰਕਰਾਰ ਰੱਖਿਆ ਅਤੇ ਦਲੇਰ ਨੂੰ ਗ੍ਰਿਫਤਾਰ ਕਰਕੇ ਸਜ਼ਾ ਭੁਗਤਣ ਲਈ ਪਟਿਆਲਾ ਜੇਲ੍ਹ ਭੇਜ ਦਿੱਤਾ ਗਿਆ। ਜਿੱਥੇ ਉਸ ਨੂੰ ਜੇਲ੍ਹ ਮੁਨਸ਼ੀ ਦਾ ਕੰਮ ਕਰਨਾ ਪਿਆ। ਕਰੀਬ ਦੋ ਮਹੀਨੇ ਬਾਅਦ ਹਾਈਕੋਰਟ ਤੋਂ ਮਿਲੀ ਜ਼ਮਾਨਤ 'ਤੇ ਦਲੇਰ ਜੇਲ੍ਹ 'ਚੋਂ ਰਿਹਾਅ ਹੋ ਗਏ।

## ਬਿੱਗ ਬੌਸ' 'ਚ ਜਾਤੀਵਾਦੀ ਟਿੱਪਣੀ ਦਾ ਲਿਆ ਗੰਭੀਰ ਨੋਟਿਸ, ਕੌਮੀ ਅਨੁਸੂਚਿਤ ਜਾਤੀ ਕਮਿਸ਼ਨ ਨੇ ਕਿਹਾ- ਸੱਤ ਦਿਨਾਂ ਦੇ ਅੰਦਰ ਪੇਸ਼ ਕੀਤੀ ਜਾਵੇ ਰਿਪੋਰਟ

ਚੰਡੀਗੜ੍ਹ , (ਪੱਤਰ ਪ੍ਰੇਰਕ)- ਟੈਲੀਵਿਜ਼ਨ ਸ਼ੋਅ 'ਬਿੱਗ ਬੌਸ 16' ਦੇ ਮੁਕਾਬਲੇਬਾਜ਼ ਵਿਕਾਸ ਮਾਨਕਤਲਾ ਵੱਲੋਂ ਇਕ ਐਪੀਸੋਡ 'ਚ ਇਕ ਹੋਰ ਮੁਕਾਬਲੇਬਾਜ਼ ਅਰਚਨਾ ਗੌਤਮ ਵਿਰੁੱਧ ਜਾਤੀਵਾਦੀ ਟਿੱਪਣੀ ਦੀ ਘਟਨਾ ਦਾ ਸਖ਼ਤ ਨੋਟਿਸ ਲੈਂਦਿਆਂ ਕੌਮੀ ਅਨੁਸੂਚਿਤ ਜਾਤੀ ਕਮਿਸ਼ਨ ਨੇ ਮੁੰਬਈ ਪੁਲਿਸ ਕਮਿਸ਼ਨਰ ਤੇ ਸ਼ੋਅ ਦੀਆਂ ਪ੍ਰੋਡਕਸ਼ਨ ਕੰਪਨੀਆਂ ਨੂੰ ਨੋਟਿਸ ਦੇ ਕੇ ਸੱਤ ਦਿਨਾਂ ਦੇ ਅੰਦਰ ਇਸ ਮਾਮਲੇ 'ਚ ਕਾਰਵਾਈ ਦੀ ਰਿਪੋਰਟ ਪੇਸ਼ ਕਰਨ ਲਈ ਕਿਹਾ ਹੈ।ਟਵਿੱਟਰ ਪੋਸਟ 'ਚ ਅਰਚਨਾ ਗੌਤਮ ਦੀ ਟੀਮ ਨੇ ਕਿਹਾ ਕਿ ਵਿਕਾਸ ਮਾਨਕਤਲਾ ਨੇ ਅਰਚਨਾ ਗੌਤਮ ਨੂੰ 'ਨੀਵੀਂ ਜਾਤ ਦਾ ਵਿਅਕਤੀ' ਕਿਹਾ ਹੈ। ਭਾਰਤੀ ਕਾਨੂੰਨ ਅਨੁਸਾਰ ਇਹ ਸਪੱਸ਼ਟ ਤੌਰ 'ਤੇ ਅਨੁਸੂਚਿਤ ਜਾਤੀ / ਅਨੁਸੂਚਿਤ ਜਨਜਾਤੀ ਐਕਟ ਤਹਿਤ ਸਜ਼ਾਯੋਗ ਅਪਰਾਧ ਹੈ। ਸੋਸ਼ਲ ਮੀਡੀਆ ਪੋਸਟ 'ਤੇ ਪ੍ਰਾਪਤ ਜਾਣਕਾਰੀ ਅਨੁਸਾਰ ਅਰਚਨਾ ਗੌਤਮ ਨੂੰ ਜਾਤੀਸੂਚਕ ਬਦਸਲੂਕੀ ਦੀ ਘਟਨਾ 'ਤੇ ਤੁਰੰਤ ਕਾਰਵਾਈ ਕਰਦਿਆਂ ਕੌਮੀ ਅਨੁਸੂਚਿਤ ਜਾਤੀ ਕਮਿਸ਼ਨ ਨੇ ਸਕੱਤਰ (ਕੇਂਦਰੀ ਸੂਚਨਾ ਅਤੇ ਪ੍ਰਸਾਰਣ ਮੰਤਰਾਲੇ), ਮਹਾਰਾਸ਼ਟਰ ਦੇ ਵਧੀਕ ਮੁੱਖ ਸਕੱਤਰ (ਗ੍ਰਹਿ), ਪੁਲਿਸ ਕਮਿਸ਼ਨਰ (ਮੁੰਬਈ), ਕਾਰਜਕਾਰੀ ਅਧਿਕਾਰੀ (ਐਂਡੇਮੋਲ ਇੰਡੀਆ ਪ੍ਰਾਈਵੇਟ ਲਿਮਟਿਡ) ਅਤੇ ਮੁੱਖ ਕਾਰਜਕਾਰੀ ਅਧਿਕਾਰੀ (ਵਾਇਆਕੋਮ 18 ਮੀਡੀਆ ਪ੍ਰਾਈਵੇਟ ਲਿਮਟਿਡ) ਨੂੰ ਉਕਤ ਮਾਮਲੇ ਦੀ ਜਾਂਚ ਕਰਨ ਤੇ 5 ਜਨਵਰੀ, 2023 ਤੱਕ ਡਾਕ ਜਾਂ ਈ-ਮੇਲ ਰਾਹੀਂ ਤੱਥ ਆਧਾਰਤ ਕਾਰਵਾਈ ਦੀ ਰਿਪੋਰਟ ਪੇਸ਼ ਕਰਨ ਲਈ ਕਿਹਾ ਹੈ। ਕਮਿਸ਼ਨ ਦੇ ਚੇਅਰਮੈਨ ਸਾਂਪਲਾ ਨੇ ਅਧਿਕਾਰੀਆਂ ਨੂੰ ਚਿਤਾਵਨੀ ਦਿੱਤੀ ਕਿ ਜੇ ਕਾਰਵਾਈ ਦੀ ਰਿਪੋਰਟ ਨਿਰਧਾਰਤ ਸਮੇਂ ਅੰਦਰ ਪ੍ਰਾਪਤ ਨਾ ਹੋਈ ਤਾਂ ਕਮਿਸ਼ਨ ਸੰਵਿਧਾਨ ਦੀ ਧਾਰਾ 338 ਤਹਿਤ ਉਸ ਨੂੰ ਦਿੱਤੇ ਗਏ ਸਿਵਲ ਕੋਰਟ ਦੇ ਅਧਿਕਾਰਾਂ ਦੀ ਵਰਤੋਂ ਕਰੇਗਾ ਤੇ ਦਿੱਲੀ ਵਿਖੇ ਕਮਿਸ਼ਨ ਸਾਹਮਣੇ ਨਿੱਜੀ ਤੌਰ 'ਤੇ ਪੇਸ਼ ਹੋਣ ਲਈ ਸੰਮਨ ਜਾਰੀ ਕਰੇਗਾ ।

## ਵਿਜੀਲੈਂਸ ਬਿਊਰੋ ਨੇ ਵਾਹਨ ਫਿਟਨੈੱਸ ਸਰਟੀਫਿਕੇਟ ਘੁਟਾਲੇ 'ਚ ਸਾਮਲ ਇੱਕ ਹੋਰ ਏਜੰਟ ਨੂੰ ਕੀਤਾ ਗ੍ਰਿਫ਼ਤਾਰ



ਚੰਡੀਗੜ੍ਹ , (ਪੱਤਰ ਪ੍ਰੇਰਕ)-ਪੰਜਾਬ ਵਿਜੀਲੈਂਸ ਬਿਊਰੋ ਨੇ ਵਾਹਨ ਫਿਟਨੈੱਸ ਸਰਟੀਫਿਕੇਟ ਘੁਟਾਲੇ ਵਿੱਚ ਜਲੰਧਰ ਵਿਖੇ ਤਾਇਨਾਤ ਮੋਟਰ ਵਹੀਕਲ ਇੰਸਪੈਕਟਰ (ਐਮਵੀਆਈ) ਨਰੇਸ ਕਲੇਰ ਨਾਲ ਮਿਲੀਭੁਗਤ ਕਰਨ ਵਾਲੇ ਇੱਕ ਹੋਰ ਭਗੌੜੇ ਏਜੰਟ ਰਾਜੇਸ ਸਹੋਤਾ ਵਾਸੀ ਬਾਲਮੀਕ ਮੁਹੱਲਾ, ਹੁਸ਼ਿਆਰਪੁਰ ਨੂੰ ਗ੍ਰਿਫਤਾਰ ਕੀਤਾ ਹੈ। ਵਿਜੀਲੈਂਸ ਬਿਊਰੋ ਨੇ ਉਸ ਦਾ ਮੋਬਾਈਲ ਫੋਨ ਅਤੇ ਸਿਮ ਕਾਰਡ ਜਬਤ ਕਰ ਲਿਆ ਹੈ ਜੋ ਇਸ ਘਪਲੇ ਬਾਰੇ ਹੋਰ ਜਾਣਕਾਰੀ ਇਕੱਠੀ ਕਰਨ ਲਈ ਡਾਟਾ ਮਾਹਿਰਾਂ ਨੂੰ ਭੇਜਿਆ ਜਾਵੇਗਾ।ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਬਿਊਰੋ ਨੇ ਐਮ.ਵੀ.ਆਈ., ਜਲੰਧਰ ਦੇ ਦਫਤਰ ਵਿਖੇ ਅਚਨਚੇਤ ਚੈਕਿੰਗ ਕੀਤੀ ਅਤੇ ਵੱਡੇ ਪੱਧਰ 'ਤੇ ਪ੍ਰਾਈਵੇਟ ਏਜੰਟਾਂ ਨਾਲ ਮਿਲੀਭੁਗਤ ਕਰਕੇ ਵਪਾਰਕ ਅਤੇ ਨਿੱਜੀ ਵਾਹਨਾਂ ਦੀ ਜਾਂਚ ਕੀਤੇ ਬਿਨਾਂ ਫਿਟਨੈਸ ਸਰਟੀਫਿਕੇਟ ਜਾਰੀ ਕਰਨ ਲਈ ਕੀਤੇ ਜਾ ਰਹੇ ਸੰਗਠਿਤ ਭ੍ਰਿਸਟਾਚਾਰ ਦਾ ਪਰਦਾਫਾਸ ਕੀਤਾ ਸੀ। ਬੁਲਾਰੇ ਨੇ ਅੱਗੇ ਦੱਸਿਆ ਕਿ ਪੁਖਤਾ ਸਬੂਤਾਂ ਦੇ ਆਧਾਰ 'ਤੇ ਵਿਜੀਲੈਂਸ ਬਿਊਰੋ ਦੇ ਥਾਣਾ ਜਲੰਧਰ ਵਿਖੇ ਮੁਕੱਦਮਾ ਨੰਬਰ 14 ਮਿਤੀ 23-08-2022 ਨੂੰ ਭ੍ਰਿਸਟਾਚਾਰ ਰੋਕੂ ਕਾਨੂੰਨ ਦੀ ਧਾਰਾ 7, 7ਏ ਅਤੇ ਆਈਪੀਸੀ ਦੀ ਧਾਰਾ 420, 120-ਬੀ ਅਧੀਨ ਮਾਮਲਾ ਦਰਜ ਕੀਤਾ ਗਿਆ ਹੈ। ਇਸ ਮਾਮਲੇ ਵਿੱਚ ਕੁੱਲ 12 ਮੁਲਜਮ ਪਹਿਲਾਂ ਹੀ ਗ੍ਰਿਫਤਾਰ ਕੀਤੇ ਜਾ ਚੁੱਕੇ ਹਨ ਜੋ ਕਿ ਜੇਲ੍ਹ ਵਿੱਚ ਬੰਦ ਹਨ ਜਿਨ੍ਹਾਂ ਵਿੱਚ ਨਰੇਸ ਕਲੇਰ, ਰਾਮਪਾਲ ਉਰਫ ਰਾਧੇ, ਮੋਹਨ ਲਾਲ ਉਰਫ ਕਾਲੂ, ਪਰਮਜੀਤ ਸਿੰਘ ਬੇਦੀ, ਸੁਰਜੀਤ ਸਿੰਘ ਅਤੇ ਹਰਵਿੰਦਰ ਸਿੰਘ, ਪੰਕਜ ਢੀਂਗਰਾ ਉਰਫ ਭੋਲੂ, ਬ੍ਰਿਜਪਾਲ ਸਿੰਘ ਉਰਫ ਰਿੱਕੀ, ਅਰਵਿੰਦ ਕੁਮਾਰ ਉਰਫ ਬਿੰਦੂ, ਵਰਿੰਦਰ ਸਿੰਘ ਉਰਫ ਦੀਪੂ, ਸਪਨਾ ਅਤੇ ਲਵਲੀਨ ਸਿੰਘ ਲਵੀ (ਸਾਰੇ ਪ੍ਰਾਈਵੇਟ ਏਜੰਟ) ਸਾਮਲ ਹਨ। ਉਨ੍ਹਾਂ ਅੱਗੇ ਦੱਸਿਆ ਕਿ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ ਅਤੇ ਬਾਕੀ ਭਗੌੜੇ ਮੁਲਜਮਾਂ ਨੂੰ ਜਲਦੀ ਹੀ ਕਾਬੂ ਕਰ ਲਿਆ ਜਾਵੇਗਾ।

## ਲਾਸਾਨੀ ਸ਼ਹਾਦਤ ਨੂੰ ਸਮਰਪਿਤ ਖ਼ੂਨ ਦਾਨ ਕੈਂਪ ਲਗਾਇਆ



ਭੁਨਰਹੇੜੀ, (ਪੱਤਰ ਪ੍ਰੇਰਕ)-ਸਰਕੜਾ ਫਾਰਮ ਬੁੱਢਣਪੁਰ ਅਤੇ ਨਗਰ ਨਿਵਾਸੀਆਂ ਵਲੋਂ ਕਸਬਾ ਭੁਨਰਹੇੜੀ ਵਿਖੇ ਮਾਤਾ ਗੁਜਰ ਕੌਰ ਅਤੇ ਛੋਟੇ ਸਾਹਿਬਜ਼ਾਦਿਆਂ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਿਤ ਲਗਾਏ ਲੰਗਰ ਦੌਰਾਨ ਖ਼ੂਨਦਾਨ ਕੈਂਪ ਵੀ ਲਗਾਇਆ ਗਿਆ। ਜਿਸ ਦੌਰਾਨ ਨੌਜਵਾਨਾਂ ਨੇ ਉਤਸ਼ਾਹ ਨਾਲ ਭਾਗ ਲਿਆ। ਇਸ ਮੌਕੇ ਪੰਚਾਇਤ ਸੰਮਤੀ ਭੁਨਰਹੇੜੀ ਦੇ ਉਪ ਚੇਅਰਮੈਨ ਡਾ. ਗੁਰਮੀਤ ਸਿੰਘ ਬਿੱਟੂ ਨੇ ਕਿਹਾ ਕਿ ਖ਼ੂਨਦਾਨ ਕੈਂਪ ਦਾ ਵਿਸ਼ੇਸ਼ ਉਪਰਾਲਾ ਸਰਪੰਚ ਮਨਜਿੰਦਰ ਸਿੰਘ ਅਤੇ ਨਗਰ ਨਿਵਾਸੀਆਂ ਵਲੋਂ ਕੀਤਾ ਗਿਆ ਹੈ। ਜੋ ਕਿ ਸ਼ਲਾਘਾਯੋਗ ਕਦਮ ਹੈ। ਉਨ੍ਹਾਂ ਕਿਹਾ ਕਿ ਸਾਨੂੰ ਇਸੇ ਤਰ੍ਹਾਂ ਮਨੁੱਖਤਾ ਦੀ ਸੇਵਾ ਕਰਦੇ ਰਹਿਣਾ ਚਾਹੀਦਾ ਹੈ। ਇਸ ਮੌਕੇ ਗਿਆਨੀ ਰਣਜੀਤ ਸਿੰਘ ਬੀਰੋਕੇ, ਸਰਪੰਚ ਮਨਜਿੰਦਰ ਸਿੰਘ ਸਰਕੜਾ ਫਾਰਮ, ਚੇਅਰਮੈਨ ਗੁਰਮੇਜ ਸਿੰਘ ਭੁਨਰਹੇੜੀ ਰਾਈਸ ਮਿੱਲਰਜ਼ ਐਸੋਸੀਏਸ਼ਨ, ਸੁਖਵਿੰਦਰ ਸਿੰਘ ਬੁੱਢਣਪੁਰ, ਗੁਰਜੀਤ ਸਿੰਘ ਪੰਚ, ਜਗਦੀਪ ਸਿੰਘ ਪੰਚ, ਹਰਪ੍ਰੀਤ ਸਿੰਘ ਜੋਸ਼ਨ, ਅਮਰਿੰਦਰ ਸਿੰਘ ਖਾਕਟਾ, ਹਰਵਿੰਦਰ ਸਿੰਘ ਹੈਰੀ, ਪ੍ਰਦੀਪ ਸਿੰਘ ਬੁਢਣਪੁਰ ਅਤੇ ਮਿਹਰਬਾਨ ਸਿੰਘ ਆਦਿ ਹਾਜਰ ਸਨ।

## ਸਿਵਲ ਸਰਜਨ ਵੱਲੋਂ ਵੱਖ-ਵੱਖ ਸਿਹਤ ਕੇਂਦਰਾਂ ਦਾ ਦੌਰਾ



ਐੱਸਏਐੱਸ ਨਗਰ , (ਪੱਤਰ ਪ੍ਰੇਰਕ)- ਸਿਵਲ ਸਰਜਨ ਡਾ. ਆਦਰਸ਼ਪਾਲ ਕੌਰ ਨੇ ਅੱਜ ਵੱਖ-ਵੱਖ ਸਿਹਤ ਕੇਂਦਰਾਂ ਦਾ ਦੌਰਾ ਕੀਤਾ ਜਿਨ੍ਹਾਂ ਨੂੰ ਜਲਦ ਹੀ 'ਆਮ ਆਦਮੀ ਕਲੀਨਿਕ' ਵਜੋਂ ਅਪਗ੍ਰੇਡ ਕੀਤਾ ਜਾ ਰਿਹਾ ਹੈ। ਉਨ੍ਹਾਂ ਸਭ ਤੋਂ ਪਹਿਲਾਂ ਮੁੰਡੀ ਖਰੜ ਦੇ ਅਰਬਨ ਪ੍ਰਾਇਮਰੀ ਹੈਲਥ ਸੈਂਟਰ 'ਚ ਫੇਰੀ ਪਾਈ ਅਤੇ ਉਥੇ ਚੱਲ ਰਹੇ ਮੁਰੰਮਤ ਅਤੇ ਉਸਾਰੀ ਦੇ ਕੰਮ ਦਾ ਜਾਇਜ਼ਾ ਲਿਆ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤਾਂ ਦਿੱਤੀਆਂ ਕਿ ਮੁਰੰਮਤ ਅਤੇ ਲੋੜ ਅਨੁਸਾਰ ਕੀਤੀ ਜਾ ਰਹੀ ਉਸਾਰੀ ਦਾ ਕੰਮ ਤੈਅ ਸਮੇਂ 'ਚ ਪੂਰਾ ਕੀਤਾ ਜਾਵੇ ਅਤੇ ਕੰਮ ਦੇ ਮਿਆਰ 'ਚ ਕੋਈ ਕਮੀ ਨਹੀਂ ਰਹਿਣੀ ਚਾਹੀਦੀ। ਉਨ੍ਹਾਂ ਸਿਹਤ ਕੇਂਦਰ ਦੇ ਵੱਖ-ਵੱਖ ਕਮਰਿਆਂ 'ਚ ਜਾ ਕੇ ਬਾਰੀਕੀ ਨਾਲ ਜਾਂਚ-ਪੜਤਾਲ ਕੀਤੀ ਅਤੇ ਲੋੜੀਂਦੇ ਡਾਕਟਰੀ ਸਾਜ਼ੋ-ਸਮਾਨ, ਦਵਾਈਆਂ ਦੀ ਉਪਲੱਬਧਤਾ ਆਦਿ ਬਾਰੇ ਵੀ ਜਾਣਕਾਰੀ ਲਈ। ਇਸ ਤੋਂ ਬਾਅਦ, ਡਾ. ਆਦਰਸ਼ਪਾਲ ਕੌਰ ਨੇ ਅਰਬਨ ਪ੍ਰਾਇਮਰੀ ਹੈਲਥ ਸੈਂਟਰ ਸੰਤੇਮਾਜਰਾ, ਮਿੰਨੀ ਪ੍ਰਾਇਮਰੀ ਹੈਲਥ ਸੈਂਟਰ ਲਾਂਡਰਾ ਅਤੇ ਮਜਾਤ ਦਾ ਦੌਰਾ ਕੀਤਾ ਅਤੇ ਲੋਕਾਂ ਨੂੰ ਦਿਤੀਆਂ ਜਾ ਰਹੀਆਂ ਸਿਹਤ ਸਹੂਲਤਾਂ ਦਾ ਨਿਰੀਖਣ ਕੀਤਾ। ਇਸ ਮੌਕੇ ਗੱਲਬਾਤ ਕਰਦਿਆਂ ਸਿਵਲ ਸਰਜਨ ਨੇ ਦਸਿਆ ਕਿ ਪੰਜਾਬ ਸਰਕਾਰ ਵੱਲੋਂ ਜ਼ਿਲ੍ਹਾ ਐੱਸਏਐੱਸ ਨਗਰ ਦੇ 20 ਸਿਹਤ ਕੇਂਦਰਾਂ ਨੂੰ ਆਮ ਆਦਮੀ ਕਲੀਨਿਕ ਵਜੋਂ ਅਪਗ੍ਰੇਡ ਕੀਤਾ ਜਾ ਰਿਹਾ ਹੈ। ਇਨ੍ਹਾਂ ਕਲੀਨਿਕਾਂ ਵਿਚ ਉਸਾਰੀ ਅਤੇ ਮੁਰੰਮਤ ਦਾ ਕੰਮ ਜੰਗੀ ਪੱਧਰ 'ਤੇ ਚੱਲ ਰਿਹਾ ਹੈ। ਸਰਕਾਰ ਦੀ ਯੋਜਨਾ ਮੁਤਾਬਕ ਇਨ੍ਹਾਂ ਕੇਂਦਰਾਂ ਨੂੰ 26 ਜਨਵਰੀ ਨੂੰ ਆਮ ਆਦਮੀ ਕਲੀਨਿਕਾਂ ਵਜੋਂ ਲੋਕਾਂ ਨੂੰ ਸਮਰਪਿਤ ਕਰ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸਿਹਤ ਵਿਭਾਗ ਜ਼ਿਲ੍ਹੇ ਦੇ ਲੋਕਾਂ ਨੂੰ ਮਿਆਰੀ ਅਤੇ ਸੁਚੱਜੀਆਂ ਸਿਹਤ ਸਹੂਲਤਾਂ ਪ੍ਰਦਾਨ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਇਨ੍ਹਾਂ ਕਲੀਨਿਕਾਂ ਦੇ ਬਣਨ ਨਾਲ ਲੋਕਾਂ ਨੂੰ ਦਿੱਤੀਆਂ ਜਾ ਰਹੀਆਂ ਸਿਹਤ ਸਹੂਲਤਾਂ 'ਚ ਯਕੀਨਨ ਸੁਧਾਰ ਆਵੇਗਾ ਅਤੇ ਉਨ੍ਹਾਂ ਨੂੰ ਅਪਣੇ ਘਰ ਦੇ ਨੇੜੇ ਹੀ ਚੰਗੀਆਂ ਸਹੂਲਤਾਂ ਮਿਲਣਗੀਆਂ। ਸਿਵਲ ਸਰਜਨ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸਿਹਤ ਸੰਸਥਾਵਾਂ 'ਚ ਆਉਣ ਵਾਲੇ ਲੋਕਾਂ ਨੂੰ ਵਧੀਆ ਸਿਹਤ ਸਹੂਲਤਾਂ ਮੁਹੱਈਆ ਕਰਾਈਆਂ ਜਾਣ ਤੇ ਮਰੀਜ਼ਾਂ ਨੂੰ ਕਿਸੇ ਕਿਸਮ ਦੀ ਮੁਸ਼ਕਿਲ ਨਹੀਂ ਹੋਣੀ ਚਾਹੀਦੀ। ਮਰੀਜ਼ਾਂ ਨੂੰ ਬਾਹਰੋਂ ਦਵਾਈਆਂ ਲਿਆਉਣ ਲਈ ਕਹਿਣ ਦੀ ਬਜਾਏ ਹਸਪਤਾਲ ਵਿਚ ਹੀ ਉਪਲੱਬਧ ਦਵਾਈਆਂ ਦਿੱਤੀਆਂ ਜਾਣ।

## ਸੰਪਾਦਕੀ

स्वयमेव म गेन्द्रता

# ਜਵਾਬਦੇਹੀ ਜਰੂਰੀ

ਕੁਝ ਮਹੀਨੇ ਪਹਿਲਾਂ ਗਾਂਬੀਆ ਵਿਚ 70 ਬੱਚਿਆਂ ਦੀਆਂ ਮੌਤਾਂ ਦਾ ਕਾਰਨ ਭਾਰਤ ਵਿਚ ਬਣਾਈ ਗਈ ਖੰਘ ਦੀ ਪੀਣ ਵਾਲੀਆਂ ਦਵਾਈਆਂ (ਸਿਰਪਾਂ) ਨੂੰ ਦੱਸਿਆ ਗਿਆ ਸੀ। ਵਿਸ਼ਵ ਸਿਹਤ ਸੰਗਠਨ ਨੇ ਭਾਰਤ ਦੇ ਕੇਂਦਰੀ ਡਰੱਗ ਕੰਟਰੋਲਰ ਨੂੰ ਇਹ ਜਾਣਕਾਰੀ ਦਿੱਤੀ ਸੀ ਕਿ ਸੰਸਥਾ ਵੱਲੋਂ ਕੀਤੀ ਗਈ ਜਾਂਚ ਅਨੁਸਾਰ ਬੱਚਿਆਂ ਦੀ ਮੌਤਾਂ ਹਰਿਆਣੇ ਵਿਚ ਬਣਾਈਆਂ ਗਈਆਂ ਕੁਝ ਸਿਰਪਾਂ ਪੀਣ ਕਾਰਨ ਹੋਈਆਂ ਸਨ। ਇਹ ਵੀ ਦੱਸਿਆ ਗਿਆ ਸੀ ਕਿ ਗਾਂਬੀਆ ਵਿਚ ਟੈਸਟ ਕੀਤੇ ਸੈਂਪਲਾਂ ਵਿਚ ਡਾਈਐਥੀਲੀਨ ਗਲਾਈਕੋਲ ( ) ਅਤੇ ਐਥੀਲੀਨ ਗਲਾਈਕੋਲ ( ) ਅਜਿਹੀ ਮਾਤਰਾ ਵਿਚ ਪਾਏ ਗਏ ਸਨ ਜਿਨ੍ਹਾਂ ਕਾਰਨ ਬੱਚਿਆਂ ਦੇ ਗੁਰਦਿਆਂ ਨੂੰ ਨੁਕਸਾਨ ਹੋਇਆ ਸੀ। ਹਰਿਆਣਾ ਦੇ ਡਰੱਗ ਕੰਟਰੋਲਰ ਦੁਆਰਾ ਕੀਤੀ ਪੜਤਾਲ ਵਿਚ ਸਬੰਧਿਤ ਕੰਪਨੀ ਦੀ ਦਵਾਈਆਂ ਬਣਾਉਣ ਵਾਲੀ ਪ੍ਰਕਿਰਿਆ ਵਿਚ ਕਈ ਬੇਨਿਯਮੀਆਂ ਪਾਈਆਂ ਗਈਆਂ ਪਰ ਬਾਅਦ ਵਿਚ ਸਰਕਾਰ ਨੇ ਦੱਸਿਆ ਕਿ ਕੰਪਨੀ ਨੇ ਕੋਈ ਗਲਤੀ ਨਹੀਂ ਕੀਤੀ। ਇਸ ਤੋਂ ਪਹਿਲਾਂ ਹਿਮਾਚਲ ਪ੍ਰਦੇਸ਼ ਦੀ ਇਕ ਕੰਪਨੀ ਦੁਆਰਾ ਬਣਾਈਆਂ ਗਈਆਂ ਦਵਾਈਆਂ ਵੀ ਸ਼ੱਕ ਦੇ ਘੇਰੇ ਵਿਚ ਆਈਆਂ ਸਨ ਅਤੇ ਉੱਥੇ ਬਣੀਆਂ ਦਵਾਈਆਂ ਨੂੰ ਜੰਮੂ ਕਸ਼ਮੀਰ ਵਿਚ ਬੱਚਿਆਂ ਦੀ ਮੌਤ ਨਾਲ ਜੋੜ ਕੇ ਦੇਖਿਆ ਗਿਆ ਸੀ। ਹੁਣ ਕੇਂਦਰ ਸਰਕਾਰ ਦੇ ਦਵਾਈਆਂ ਦੀ ਜਾਂਚ ਕਰਨ ਵਾਲੀ ਸੰਸਥਾ ਸੈਂਟਰਲ ਡਰੱਗਜ ਕੰਟਰੋਲ ਆਰਗੇਨਾਈਜੇਸ਼ਨ ( ) ਨੇ ਕਿਹਾ ਹੈ ਕਿ ਉਹ ਸੂਬਿਆਂ ਦੇ ਡਰੱਗ ਕੰਟਰੋਲਰਾਂ ਨਾਲ ਮਿਲ ਕੇ ਸ਼ੱਕ ਦੇ ਘੇਰੇ ਵਿਚ ਆਉਂਦੀਆਂ ਦਵਾਈਆਂ ਬਣਾਉਣ ਵਾਲੀਆਂ ਕੰਪਨੀਆਂ ਦੀਆਂ ਬਣਾਈਆਂ ਦਵਾਈਆਂ ਅਤੇ ਉਨ੍ਹਾਂ ਨੂੰ ਬਣਾਉਣ ਤੇ ਟੈਸਟ ਕਰਨ ਦੀ ਪ੍ਰਕਿਰਿਆ ਬਾਰੇ ਜਾਂਚ ਕਰੇਗੀ। ਉਜ਼ਬੇਕਿਸਤਾਨ ਤੋਂ ਵੀ ਇਹ ਰਿਪੋਰਟ ਆਈ ਹੈ ਕਿ ਉੱਤਰ ਪ੍ਰਦੇਸ਼ ਦੇ ਸ਼ਹਿਰ ਨੋਇਡਾ ਦੀ ਇਕ ਦਵਾਈਆਂ ਬਣਾਉਣ ਵਾਲੀ ਕੰਪਨੀ ਦੀ ਬਣਾਈ ਦਵਾਈ ਉਜ਼ਬੇਕਿਸਤਾਨ 'ਚ 18 ਬੱਚਿਆਂ ਦੀ ਮੌਤ ਦਾ ਕਾਰਨ ਹੋ ਸਕਦੀ ਹੈ। ਉੱਥੇ ਵੀ ਇਸ ਦਵਾਈ 'ਚ ਐਥੀਲੀਨ ਗਲਾਈਕੋਲ ਕਾਫੀ ਮਾਤਰਾ ਵਿਚ ਮਿਲੀ ਹੈ। ਇਹ ਦਵਾਈ ਠੰਢ, ਜ਼ੁਕਾਮ ਆਦਿ ਦਾ ਇਲਾਜ ਕਰਨ ਲਈ ਬਣਾਈ ਗਈ ਹੈ। ਇਹ ਦਵਾਈਆਂ ਛੋਟੀਆਂ ਤੋਂ ਲੈ ਕੇ ਵੱਡੀਆਂ ਕੰਪਨੀਆਂ ਦੁਆਰਾ ਬਣਾਈਆਂ ਜਾਂਦੀਆਂ ਹਨ। ਹਰ ਕੰਪਨੀ ਨੇ ਆਪਣੀ ਬਣਾਈ ਹਰ ਦਵਾਈ ਖ਼ੁਦ ਟੈਸਟ ਕਰਨੀ ਹੁੰਦੀ ਹੈ ਜਦੋਂਕਿ ਡਰੱਗ ਕੰਟਰੋਲਰ ਇਨ੍ਹਾਂ ਦਵਾਈਆਂ ਨੂੰ ਚੋਣਵੇਂ ਰੂਪ ਵਿਚ ਟੈਸਟ ਕਰਦੇ ਹਨ। ਸਭ ਤੋਂ ਜ਼ਿਆਦਾ ਆਲੋਚਨਾ ਡਰੱਗ ਕੰਟਰੋਲਰਾਂ ਦੀ ਹੋ ਰਹੀ ਹੈ ਅਤੇ ਇਹ ਦੋਸ਼ ਲਗਾਏ ਜਾ ਰਹੇ ਹਨ ਕਿ ਕੰਪਨੀਆਂ ਅਤੇ ਡਰੱਗ ਕੰਟਰੋਲਰਾਂ ਵਿਚ ਮਿਲੀਭੁਗਤ ਹੈ ਅਤੇ ਦਵਾਈਆਂ ਟੈਸਟ ਕਰਨ ਵਾਲੇ ਸਰਕਾਰੀ ਅਦਾਰਿਆਂ ਵਿਚ ਵੱਡੀ ਪੱਧਰ 'ਤੇ ਭ੍ਰਿਸ਼ਟਾਚਾਰ ਫੈਲਿਆ ਹੋਇਆ ਹੈ। ਗਾਂਬੀਆ, ਉਜ਼ਬੇਕਿਸਤਾਨ ਤੇ ਭਾਰਤ ਵਿਚ ਬੱਚਿਆਂ ਦੇ ਪ੍ਰਭਾਵਿਤ ਹੋਣ ਤੋਂ ਇਹ ਸਿੱਟਾ ਵੀ ਨਿਕਲਦਾ ਹੈ ਕਿ ਦਵਾਈਆਂ ਬਣਾਉਣ ਵਾਲੀਆਂ ਕੰਪਨੀਆਂ ਜਾਣਦੀਆਂ ਹਨ ਕਿ ਭਾਰਤ ਦੇ ਦਿਹਾਤੀ ਖੇਤਰਾਂ ਅਤੇ ਗਰੀਬ ਦੇਸ਼ਾਂ ਨੂੰ ਘਟੀਆ ਦਵਾਈਆਂ ਮੁਹੱਈਆ ਕਰਵਾਉਣ 'ਤੇ ਉਨ੍ਹਾਂ ਦੇ ਫੜੇ ਜਾਣ ਦੇ ਮੌਕੇ ਬਹੁਤ ਘੱਟ ਹਨ ਕਿਉਂਕਿ ਬਹੁਤ ਵਾਰ ਇਹ ਸ਼ੱਕ ਹੀ ਨਹੀਂ ਕੀਤਾ ਜਾਂਦਾ ਕਿ ਮੌਤ ਦਵਾਈ ਕਾਰਨ ਹੋ ਸਕਦੀ ਹੈ। ਇਹ ਵੀ ਪ੍ਰਤੀਤ ਹੁੰਦਾ ਹੈ ਕਿ ਸਰਕਾਰਾਂ ਦਵਾਈਆਂ ਬਣਾਉਣ ਵਾਲੀਆਂ ਕੰਪਨੀਆਂ ਨੂੰ ਬੇਨਿਯਮੀਆਂ ਕਰਨ ਤੋਂ ਰੋਕਣ ਪ੍ਰਤੀ ਨਾ ਤਾਂ ਜ਼ਿਆਦਾ ਪ੍ਰਭਾਵਸ਼ਾਲੀ ਹਨ ਅਤੇ ਨਾ ਹੀ ਸੰਵੇਦਨਸ਼ੀਲ। ਇਸ ਦਾ ਕਾਰਨ ਇਸ ਖੇਤਰ ਵਿਚ ਹੁੰਦੇ ਵੱਡੇ ਮੁਨਾਫੇ ਅਤੇ ਰਿਸ਼ਵਤਖੋਰੀ ਹੈ। ਵੱਡੀਆਂ ਕੰਪਨੀਆਂ ਦੁਆਰਾ ਬਣਾਈਆਂ ਗਈਆਂ ਦਵਾਈਆਂ ਵਿਚ ਅਜਿਹਾ ਕੁਝ ਨਹੀਂ ਵੇਖਿਆ ਗਿਆ ਪਰ ਉਨ੍ਹਾਂ ਦੀਆਂ ਬਣਾਈਆਂ ਦਵਾਈਆਂ ਬਹੁਤ ਮਹਿੰਗੀਆਂ ਹਨ। ਇਸ ਕਾਰਨ ਛੋਟੀਆਂ ਕੰਪਨੀਆਂ ਦੁਆਰਾ ਬਣਾਈਆਂ ਗਈਆਂ ਦਵਾਈਆਂ ਵੱਡੀ ਮਾਤਰਾ ਵਿਚ ਵਿਕਦੀਆਂ ਹਨ। ਇਸ ਸਮੱਸਿਆ ਦਾ ਹੱਲ ਇਹ ਹੈ ਕਿ ਕੇਂਦਰ ਅਤੇ ਸੂਬਾ ਸਰਕਾਰਾਂ ਜਨਤਕ ਖੇਤਰ ਵਿਚ ਦਵਾਈਆਂ ਬਣਾਉਣ ਵਾਲੇ ਕਾਰਖਾਨੇ ਲਗਾਉਣ। ਇੰਡੀਅਨ ਡਰੱਗਜ ਐਂਡ ਫਾਰਮਾਸਿਊਟੀਕਲਜ ਲਿਮਿਟਿਡ (ਆਈਡੀਪੀਐੱਲ) ਕੇਂਦਰ ਸਰਕਾਰ ਦੀ ਭਰੋਸੇਯੋਗ ਦਵਾਈਆਂ ਬਣਾਉਣ ਵਾਲੀ ਕੰਪਨੀ ਸੀ ਪਰ ਉਸ ਨੂੰ ਹੌਲੀ ਹੌਲੀ ਤਬਾਹ ਕਰ ਦਿੱਤਾ। ਜ਼ਰੂਰੀ ਦਵਾਈਆਂ ਦਾ ਉਤਪਾਦਨ ਜਨਤਕ ਖੇਤਰ 'ਚ ਜ਼ਰੂਰੀ ਹੈ। ਇਸ ਦੇ ਨਾਲ ਨਾਲ ਕੇਂਦਰ ਤੇ ਸੂਬਾ ਸਰਕਾਰਾਂ ਨੂੰ ਡਰੱਗ ਕੰਟਰੋਲਰਾਂ ਨੂੰ ਜਵਾਬਦੇਹ ਬਣਾਉਣ ਦੀ ਲੋੜ ਹੈ।

-ਡਾ. ਭਾਈ ਪਰਮਜੀਤ ਸਿੰਘ

# ਯੂਕਰੇਨ ਜੰਗ: ਪੱਛਮ ਹੁਣ ਕਸੂਤਾ ਫਸਿਆ

ਜਿਵੇਂ ਜਿਵੇਂ ਨਵਾਂ ਸਾਲ ਨੇੜੇ ਆ ਰਿਹਾ ਹੈ, ਇਹ ਉਮੀਦ ਕੀਤੀ ਜਾ ਰਹੀ ਹੈ ਕਿ ਕੌਮਾਂਤਰੀ ਰਾਜਨੀਤੀ ਵਿਚ ਵੱਡੀਆਂ ਸ਼ਕਤੀਆਂ ਦੀ ਸਫ਼ਬੰਦੀ ਬਹੁਤੀ ਹੱਦ ਤੱਕ ਇਸ ਗੱਲ 'ਤੇ ਮੁਨੱਸਰ ਕਰੇਗੀ ਕਿ ਯੂਕਰੇਨ ਵਿਚ ਚੱਲ ਰਹੀ ਜੰਗ ਦਾ ਊਠ ਕਿਸ ਕਰਵਟ ਬੈਠਦਾ ਹੈ। ਇਸ ਵੇਲੇ ਬਣੀ ਖੜ੍ਹੋਤ ਬਹੁਤੀ ਦੇਰ ਨਹੀਂ ਚੱਲ ਸਕਦੀ। ਇਸ ਨੂੰ ਬਦਲਣਾ ਪੈਣਾ ਹੈ ਤੇ ਇਹ ਬਦਲੇਗੀ। ਮੋਢੀ ਕਿਰਦਾਰਾਂ ਨੂੰ ਆਪਣੀਆਂ ਭੁੱਲਾਂ ਦਾ ਅਹਿਸਾਸ ਹੋ ਰਿਹਾ ਹੈ। ਜਿੱਥੋਂ ਤਕ ਰੂਸ ਦਾ ਸਵਾਲ ਹੈ, ਇਸ ਨੂੰ ਭਰਵਾਂ ਅਹਿਸਾਸ ਹੋ ਗਿਆ ਹੈ ਕਿ ਇਸ ਦੀਆਂ ਦੋ ਮੁੱਖ ਧਾਰਨਾਵਾਂ ਵਿਚ ਵੱਡੀਆਂ ਖਾਮੀਆਂ ਸਨ; ਪਹਿਲੀ ਇਹ ਕਿ ਫਰਵਰੀ/ਮਾਰਚ ਦੇ ਮਹੀਨੇ ਵੱਡਾ ਖੜਕਾ ਦੜਕਾ ਕਰਨ ਨਾਲ ਯੂਕਰੇਨ ਸਰਕਾਰ ਗੋਡੇ ਟੇਕ ਦੇਵੇਗੀ; ਦੂਜਾ ਇਹ ਕਿ ਅਮਰੀਕਾ ਸ਼ਾਂਤੀ ਪ੍ਰਕਿਰਿਆ ਨੂੰ ਦੁਤਕਾਰਨ ਲਈ ਬਹੁਤੀ ਸਰਗਰਮੀ ਨਹੀਂ ਦਿਖਾਵੇਗਾ।

ਦੂਜੇ ਬੰਨ੍ਹੇ, ਅਮਰੀਕਾ ਅਤੇ ਉਸ ਦੇ ਸੰਗੀ ਮੁਲਕ ਇਸ ਗੱਲੋਂ ਪੱਬਾਂ ਭਾਰ ਸਨ ਕਿ ਜੰਗ ਜਲਦੀ ਖ਼ਤਮ ਹੋਣ ਨਾਲ ਰੂਸ ਦਾ ਘੋਗਾ ਚਿੱਤ ਹੋ ਜਾਵੇਗਾ ਜਦਕਿ ਅੱਜ ਕਠੋਰ ਹਕੀਕਤ ਇਹ ਹੈ ਕਿ ਪੱਛਮੀ ਦੇਸ਼ਾਂ ਦੀਆਂ ਲਾਈਆਂ ਪਾਬੰਦੀਆਂ ਨਾ ਕੇਵਲ ਰੂਸ ਨੂੰ ਜੰਗ ਜਾਰੀ ਰੱਖਣ ਲਈ ਦਰਕਾਰ ਵਸੀਲੇ ਹਾਸਲ ਕਰਨ ਤੋਂ ਰੋਕਣ ਦਾ ਟੀਚਾ ਹਾਸਲ ਕਰਨ ਵਿਚ ਨਾਕਾਮ ਰਹੀਆਂ ਹਨ ਸਗੋਂ ਇਨ੍ਹਾਂ ਪੱਛਮੀ ਅਰਥਚਾਰਿਆਂ ਦਾ ਤ੍ਰਾਹ ਨਿਕਲ ਗਿਆ ਹੈ, ਆਲਮੀ ਊਰਜਾ ਤੇ ਜਿਣਸ ਮੰਡੀਆਂ ਵਿਚ ਉਥਲ-ਪੁਥਲ ਮੱਚ ਗਈ ਹੈ ਜਿਸ ਕਰ ਕੇ ਮਹਿੰਗਾਈ ਦਰਾਂ ਨੂੰ ਅੱਗ ਲੱਗ ਗਈ ਹੈ। ਇਸ ਦੇ ਨਾਟਕੀ ਆਰਥਿਕ ਅਤੇ ਸਿਆਸੀ ਸਿੱਟੇ ਸਾਹਮਣੇ ਆ ਰਹੇ ਹਨ। ਰੂਸ ਵਿਚ ਸੱਤਾ ਤਬਦੀਲੀ ਦਾ ਪੱਛਮ ਦਾ ਰਣਨੀਤਕ ਮਕਸਦ ਭਰਮਜਾਲ ਸਾਬਿਤ ਹੋਇਆ ਹੈ। ਰੂਸ ਹਾਰਨ ਦੀ ਸਥਿਤੀ ਦੇ ਨੇੜੇ ਤੇੜੇ ਵੀ ਨਹੀਂ ਦਿਸ ਰਿਹਾ। ਇਸ ਨੇ ਡੋਨਬਾਸ ਵਿਚ ਇਕ ਖੇਤਰ ਆਜ਼ਾਦ ਕਰਵਾ ਲਿਆ ਹੈ ਜੋ 24 ਫਰਵਰੀ ਤੋਂ ਪਹਿਲਾਂ ਮੌਜੂਦ ਖੇਤਰ ਨਾਲੋਂ ਪੰਜ ਗੁਣਾ ਵਡੇਰਾ ਹੈ। ਆਜ਼ੋਵ ਸਾਗਰ ਰੂਸ ਦੇ ਕੰਟਰੋਲ ਹੇਠ ਆ ਗਿਆ ਹੈ ਜਿਵੇਂ ਇਸ ਦੇ 300 ਸਾਲਾਂ ਦੇ ਇਤਿਹਾਸ ਵਿਚ ਰਿਹਾ ਹੈ। ਕ੍ਰਾਇਮੀਆ ਤੱਕ ਸੜਕ ਅਤੇ ਰੇਲ ਸੰਪਰਕ ਬਹਾਲ ਹੋ ਗਿਆ ਹੈ। ਡੋਨਬਾਸ ਖਿੱਤੇ ਤੱਕ ਰੇਲ ਸੇਵਾਵਾਂ ਜਲਦੀ ਆਮ ਵਾਂਗ ਸ਼ੁਰੂ ਹੋ ਜਾਣਗੀਆਂ। ਮਾਰੀਓਪੋਲ, ਬਰਡਾਇੰਸਕ ਅਤੇ ਹੋਰਨਾਂ ਮੁਕਤ ਕਰਵਾਈਆਂ ਬੰਦਰਗਾਹਾਂ ਵੱਲ ਸਮੁੰਦਰੀ ਜਹਾਜ਼ ਭੇਜੇ ਜਾ ਰਹੇ ਹਨ। ਨੌਰਥ ਕ੍ਰਾਇਮੀਅਨ ਕੈਨਾਲ 'ਤੇ ਕੰਟਰੋਲ ਹੋਣ ਸਦਕਾ ਕ੍ਰਾਇਮੀਆ ਪ੍ਰਾਇਦੀਪ ਲਈ ਪਾਣੀ ਦੀ ਸਪਲਾਈ ਬਹਾਲ ਹੋ ਗਈ ਹੈ। ਡੋਨ ਦਰਿਆ ਤੋਂ 194 ਕਿਲੋਮੀਟਰ ਲੰਮੇ ਜਲ ਮਾਰਗ ਦਾ ਨਿਰਮਾਣ ਚੱਲ ਰਿਹਾ ਹੈ ਜਿਸ ਨਾਲ ਦੋਨੇਸਕ ਲਈ ਜਲ ਸਪਲਾਈ ਯਕੀਨੀ ਬਣ ਜਾਵੇਗੀ। ਇੰਝ ਯੂਕਰੇਨ ਦਾ ਲਗਭਗ ਵੀਹ ਫ਼ੀਸਦ ਖੇਤਰ ਰੂਸ ਦੇ ਅਧੀਨ ਆ ਗਿਆ ਹੈ।

ਰੂਸ ਆਪਣੇ ਫ਼ੌਜੀ ਮਕਸਦ ਹਾਸਲ ਕਰਨ ਲਈ ਪੂਰਾ ਤਾਣ ਲਾ ਰਿਹਾ ਹੈ। ਰੂਸੀ ਫ਼ੌਜ ਦੇ ਜਰਨੈਲ ਵੈਲਰੀ ਗਿਰਾਸੀਮੋਫ ਨੇ ਲੰਘੇ ਵੀਰਵਾਰ ਮਾਸਕੋ ਵਿਚ ਆਖਿਆ ਸੀ ਕਿ ਯੂਕਰੇਨ ਨੂੰ ਪੱਛਮ ਵਲੋਂ ਦਿੱਤੀ ਜਾ ਰਹੀ ਭਾਰੀ ਇਮਦਾਦ ਦੇ ਬਾਵਜੂਦ ਰੂਸ ਆਪਣਾ ਵਿਸ਼ੇਸ਼ ਫ਼ੌਜੀ ਅਪਰੇਸ਼ਨ ਜਾਰੀ ਰੱਖੇਗਾ। ਰੂਸ ਆਪਣੇ ਰਣਨੀਤਕ ਮਿਜ਼ਾਈਲ ਬਲਾਂ 'ਤੇ ਹਵਾ ਦੀ ਰਫ਼ਤਾਰ ਤੋਂ ਤੇਜ਼ ਵਾਰਹੈੱਡ ਬੀੜ ਕੇ ਪਰਮਾਣੂ ਤ੍ਰਿਸ਼ੂਲ ਦੀ ਤਿਆਰੀ ਵਿਚ ਇਜ਼ਾਫ਼ਾ ਕਰ ਰਿਹਾ ਹੈ ਅਤੇ ਆਪਣੇ ਹਥਿਆਰਬੰਦ ਦਸਤਿਆਂ ਦੀ ਸੰਖਿਆ ਵਧਾ ਕੇ 15 ਲੱਖ ਕਰ ਸਕਦਾ ਹੈ। ਬੇਲਾਰੂਸ ਨਾਲ ਗੱਠਜੋੜ ਗਹਿਰਾ ਹੋ ਰਿਹਾ ਹੈ ਜਿਸ ਨਾਲ ਰੂਸ ਨੂੰ ਆਪਣੀ ਉੱਤਰੀ ਦਿਸ਼ਾ ਵੱਲ ਵਧੇਰੇ ਰਣਨੀਤਕ ਗਹਿਰਾਈ ਮਿਲਦੀ ਹੈ।

ਮੌਜੂਦਾ ਹਾਲਾਤ ਅਮਰੀਕਾ ਲਈ ਫਾਇਦੇਮੰਦ ਹੈ। ਅਮਰੀਕਾ ਰੂਸ ਨਾਲ ਚੱਲ ਰਹੀ ਲੁਕਵੀਂ ਜੰਗ ਦਾ ਫਾਇਦਾ ਲੈ ਕੇ ਯੂਰੋਪ ਦੇ ਸਭ ਤੋਂ ਵੱਡੇ ਊਰਜਾ ਸਪਲਾਇਰ ਦੀ ਥਾਂ ਲੈਣਾ ਚਾਹੁੰਦਾ ਹੈ ਅਤੇ ਯੂਕਰੇਨ ਡੈਮੋਕਰੇਸੀ ਡਿਫੈਂਸ ਲੈਂਡ-ਲੀਜ਼ ਐਕਟ-2022 ਤਹਿਤ ਹਥਿਆਰਾਂ ਦੀਆਂ ਬਰਾਮਦਾਂ ਵਧਾ ਰਿਹਾ ਹੈ ਅਤੇ ਨਾਲ ਹੀ ਆਪਣੇ 'ਨਾਟੋ' ਸੰਗੀਆਂ ਨੂੰ ਆਪੋ-ਆਪਣੇ ਜ਼ਖੀਰਿਆਂ ਵਿਚੋਂ ਯੂਕਰੇਨ ਲਈ ਸਾਜ਼ੋ-ਸਾਮਾਨ ਮੁਹੱਈਆ ਕਰਾਉਣ ਲਈ ਹੱਲਾਸ਼ੇਰੀ ਦੇ ਰਿਹਾ ਹੈ। ਸਿਆਸੀ ਲਿਹਾਜ਼ ਤੋਂ ਅਮਰੀਕਾ ਦੇ ਯੂਰੋਪੀਅਨ ਸੰਗੀਆਂ ਦੀ ਭੂਮਿਕਾ ਪਿਛਲੱਗੂ ਹੋ ਕੇ ਰਹਿ ਗਈ ਹੈ।

ਬਹਰਹਾਲ, ਰੂਸ ਦਾ ਹੱਥ ਉਪਰ ਚੱਲ ਰਿਹਾ ਹੈ। ਹਥਿਆਰਬੰਦ ਦਸਤਿਆਂ ਵਿਚ ਤਿੰਨ ਲੱਖ ਲੋਕਾਂ ਦੀ ਭਰਤੀ ਨਾਲ ਪਹਿਲੀ ਵਾਰ ਰੂਸ ਦਾ ਪਲੜਾ ਭਾਰੂ ਹੋ ਗਿਆ ਹੈ। ਆਧੁਨਿਕ ਹਥਿਆਰਾਂ ਸਦਕਾ ਰੂਸੀ ਦਸਤਿਆਂ ਕੋਲ ਜਬਰਦਸਤ ਹਮਲਾਵਰ ਸ਼ਕਤੀ ਆ ਗਈ ਹੈ। ਉਨ੍ਹਾਂ ਦੀ ਸੰਪਰਕ ਰੇਖਾ ਦੀ ਪਰਤ-ਦਰ-ਪਰਤ ਕਿਲ੍ਹੇਬੰਦੀ ਕਰੀਬ 815 ਕਿਲੋਮੀਟਰ ਤੱਕ ਪਹੁੰਚ ਗਈ ਹੈ ਜਿਸ ਵਿਚ ਯੂਕਰੇਨੀ ਦਸਤੇ ਸੰਨ੍ਹ ਨਹੀਂ ਲਾ ਸਕੇ। ਰੂਸ ਵਲੋਂ ਯੂਕਰੇਨ ਦੇ ਖਾਸ ਬੁਨਿਆਦੀ ਢਾਂਚੇ ਉਪਰ ਮਿਜ਼ਾਈਲ ਹਮਲੇ ਜਾਰੀ ਹਨ ਜਿਸ ਕਰ ਕੇ ਕੀਫ ਦੇ ਜੰਗੀ ਉੱਦਮਾਂ ਨੂੰ ਸੱਟ ਵੱਜ ਰਹੀ ਹੈ। ਸਭ ਤੋਂ ਵੱਡੀ ਗੱਲ ਇਹ ਹੈ ਕਿ ਚੀਨ ਰਣਨੀਤਕ ਤੌਰ 'ਤੇ ਰੂਸ ਦੇ ਨਾਲ ਖੜ੍ਹਾ ਹੈ।

ਟਕਰਾਅ ਸ਼ੁਰੂ ਹੋਇਆਂ ਦਸ ਮਹੀਨੇ ਹੋ ਗਏ ਹਨ ਅਤੇ ਯੂਕਰੇਨ ਦੇ ਮੁੱਦੇ 'ਤੇ ਯੂਰੋਪ ਦੇ ਨਜ਼ਰੀਏ ਵਿਚ ਵਖਰੇਵੇਂ ਨਜ਼ਰ ਆ ਰਹੇ ਹਨ ਅਤੇ ਕਈ ਦੇਸ਼ਾਂ ਵਲੋਂ ਗੱਲਬਾਤ ਤੇ ਕੂਟਨੀਤਕ ਹੱਲ ਦੇ ਸੱਦੇ ਦਿੱਤੇ ਜਾ ਰਹੇ ਹਨ। ਰਾਸ਼ਟਰਪਤੀ ਬਾਇਡਨ ਨੇ ਮੰਨਿਆ ਹੈ ਕਿ ਫਰਾਂਸ ਤੇ ਜਰਮਨੀ ਨੇ ਰੂਸ ਨਾਲ ਕਿਸੇ ਵੀ ਤਰ੍ਹਾਂ ਜੰਗ ਸ਼ੁਰੂ ਕਰਨ ਦੀ ਮੁਖ਼ਾਲਫ਼ਤ ਕੀਤੀ ਸੀ ਅਤੇ ਉਨ੍ਹਾਂ ਦੇ ਪੱਖ ਨੂੰ ਨਜ਼ਰਅੰਦਾਜ਼ ਕਰਨ ਦਾ ਮਤਲਬ ਸੀ ਕਿ 'ਨਾਟੋ' ਪਾਟੋਧਾੜ ਹੋ ਸਕਦਾ ਸੀ ਅਤੇ ਯੂਰੋਪੀਅ ਸੰਘ ਟੁੱਟ ਸਕਦਾ ਸੀ। ਬਾਇਡਨ ਨੇ ਇਹ ਗੱਲ ਯੂਕਰੇਨ ਦੇ ਰਾਸ਼ਟਰਪਤੀ ਜ਼ੈਲੈਂਸਕੀ ਦੀ ਮੌਜੂਦਗੀ ਵਿਚ ਆਖੀ ਹੈ।

ਫਰਾਂਸ ਅਤੇ ਜਰਮਨੀ ਇਤਿਹਾਸਕ ਤੌਰ 'ਤੇ ਯੂਰੋਪੀਅਨ ਨੀਤੀ ਦੀ ਬਹਿਸ ਦੀ ਧੁਰੀ ਬਣੇ ਰਹੇ ਹਨ। ਉਹ ਜੰਗ ਨੂੰ ਵਡੇਰੇ ਯੂਰੇਸ਼ੀਅਨ ਮਹਾਦੀਪ ਦੇ ਆਪਣੇ ਰਣਨੀਤਕ ਹਿੱਤਾਂ ਦੇ ਝਰੋਖੇ 'ਚੋਂ ਦੇਖਦੇ ਹਨ। ਇਹ ਬੁਨਿਆਦੀ ਤੌਰ 'ਤੇ ਪ੍ਰਭਾਵਸ਼ਾਲੀ ਐਂਗਲੋ-ਸੈਕਸਨ ਕੁਮੈਂਟਰੀਆਟ (ਟਿੱਪਣੀਕਾਰ/ ਵਿਚਾਰਵਾਨ ਸਮੂਹ) ਅਤੇ ਉੱਤਰੀ ਤੇ ਪੂਰਬੀ ਯੂਰੋਪੀਅਨ ਸਿਆਸਤਦਾਨਾਂ ਦੇ ਨਜ਼ਰੀਏ ਨਾਲ ਮੇਲ ਨਹੀਂ ਖਾਂਦਾ। ਫਰਾਂਸੀਸੀ ਰਾਸ਼ਟਰਪਤੀ ਇਮੈਨੂਅਲ ਮੈਕਰੌਂ ਨੇ ਹਾਲ ਹੀ ਵਿਚ (ਅਮਰੀਕਾ ਦੇ ਦੌਰੇ ਤੋਂ ਬਾਅਦ) ਆਖਿਆ ਸੀ ਕਿ ਕਿਸੇ ਵੀ ਤਰ੍ਹਾਂ ਦੇ ਸ਼ਾਂਤੀ ਸਮਝੌਤੇ ਤਹਿਤ ਰੂਸੀ ਸੁਰੱਖਿਆ ਸਰੋਕਾਰਾਂ ਦਾ ਇਹਤਰਾਮ ਕਰਨਾ ਪੈਣਾ ਹੈ। ਜਰਮਨ ਚਾਂਸਲਰ ਓਲਾਫ ਸ਼ੋਲਜ਼ ਨੇ ਵੀ ਇਹੋ ਜਿਹੇ ਸ਼ਬਦਾਂ ਦਾ ਇਸਤੇਮਾਲ ਕੀਤਾ ਸੀ।

ਯੂਕਰੇਨ ਦੇ ਮਾਮਲੇ 'ਤੇ ਬਰਲਿਨ ਵਲੋਂ ਪੇਈਚਿੰਗ ਨਾਲ ਰਣਨੀਤਕ ਸੰਪਰਕ ਬਣਾਇਆ ਹੋਇਆ ਹੈ ਅਤੇ ਉਸ ਵਲੋਂ ਚੀਨ ਨੂੰ ਵਡੇਰੀ ਭੂਮਿਕਾ ਨਿਭਾਉਣ ਦੀ ਬੇਨਤੀ ਕੀਤੀ ਜਾ ਰਹੀ ਹੈ। ਦਰਅਸਲ, ਪਿਛਲੇ ਕੁਝ ਦਿਨਾਂ ਤੋਂ ਰੂਸ ਨੇ ਲਗਾਤਾਰ ਗੱਲਬਾਤ ਸ਼ੁਰੂ ਕਰਨ ਦੀ ਰੁਚੀ ਦਿਖਾਈ ਹੈ ਅਤੇ ਇਸ ਗੱਲ ਦੀ ਉਮੀਦ ਕੀਤੀ ਜਾ ਸਕਦੀ ਹੈ ਕਿ ਉਸ ਨੇ ਇਸ ਮੁੱਦੇ 'ਤੇ ਚੀਨ ਨਾਲ ਗੱਲਬਾਤ ਵਿਚ ਆਪਣੀਆਂ ਭਾਵਨਾਵਾਂ ਅਤੇ ਵਿਚਾਰ ਸਾਂਝੇ ਕੀਤੇ ਹੋਣਗੇ। ਇਸ ਕਰ ਕੇ ਯੂਨਾਈਟਡ ਰਸ਼ੀਆ ਪਾਰਟੀ ਦੇ ਚੇਅਰਮੈਨ ਅਤੇ ਸਾਬਕਾ ਰਾਸ਼ਟਰਪਤੀ ਦਮਿਤਰੀ ਮੈਦਵੇਦੇਵ ਦੇ ਹਾਲੀਆ ਅਚਨਚੇਤ ਪੇਈਚਿੰਗ ਦੌਰੇ ਅਤੇ ਚੀਨੀ ਰਾਸ਼ਟਰਪਤੀ ਸ਼ੀ ਜਿਨਪਿੰਗ ਨਾਲ ਉਨ੍ਹਾਂ ਦੀ ਮੁਲਾਕਾਤ ਨੂੰ ਲੈ ਕੇ ਰਹੱਸ ਬਣਿਆ ਹੋਇਆ ਹੈ।

ਸ਼ੀ ਅਤੇ ਮੈਦਵੇਦੇਵ ਨੇ ਯੂਕਰੇਨ ਸੰਕਟ ਬਾਰੇ ਵਿਚਾਰ ਚਰਚਾ ਕੀਤੀ ਸੀ। ਚੀਨ ਦੇ ਬਿਆਨ ਵਿਚ ਕਿਹਾ ਗਿਆ ਹੈ ਕਿ ਸ਼ੀ ਨੇ ਉਮੀਦ ਜਤਾਈ ਹੈ ਕਿ ਸੰਬੰਧਿਤ ਧਿਰਾਂ ਹੋਸ਼ ਤੇ ਸੰਜਮ ਤੋਂ ਕੰਮ ਲੈਣਗੀਆਂ ਅਤੇ ਵਿਆਪਕ ਗੱਲਬਾਤ ਵਿਚ ਸ਼ਾਮਲ ਹੋ ਕੇ ਸਿਆਸੀ ਸਾਧਨਾਂ ਜ਼ਰੀਏ ਆਪਣੇ ਸਾਂਝੇ ਸੁਰੱਖਿਆ ਸਰੋਕਾਰਾਂ ਨੂੰ ਮੁਖ਼ਾਤਬ ਹੋਣਗੀਆਂ। ਸਿਨਹੂਆ ਖਬਰ ਏਜੰਸੀ ਦੀ ਰਿਪੋਰਟ ਮੁਤਾਬਕ ਮੈਦਵੇਦੇਵ ਦਾ ਕਹਿਣਾ ਸੀ ਕਿ ਯੂਕਰੇਨ ਸੰਕਟ ਦੇ ਕਈ ਕਾਰਨ ਹਨ ਤੇ ਇਹ ਕਾਫ਼ੀ ਜਟਿਲ ਹਨ ਅਤੇ ਰੂਸ ਸ਼ਾਂਤੀ ਵਾਰਤਾ ਜ਼ਰੀਏ ਸਮੱਸਿਆਵਾਂ ਨੂੰ ਸੁਲਝਾਉਣ ਲਈ ਤਿਆਰ ਹੈ। ਪੇਈਚਿੰਗ ਜਰਮਨੀ ਅਤੇ ਫਰਾਂਸ ਦੀ ਹਮਾਇਤ ਹਾਸਲ ਕਰ ਕੇ ਕਿਸੇ ਪੜਾਅ 'ਤੇ ਕੂਟਨੀਤਕ ਰਾਜ਼ੀਨਾਮਾ ਕਰਾਉਣ ਦੀ ਪੈਰਵੀ ਦਾ ਐਲਾਨ ਕਰ ਸਕਦਾ ਹੈ। ਫਿਲਹਾਲ, ਅਜਿਹੇ ਕਿਸੇ ਰਾਜ਼ੀਨਾਮੇ ਲਈ ਸਹੀ ਸਮਾਂ ਨਹੀਂ ਜਾਪਦਾ। ਸਰਦ ਰੁੱਤ ਵਿਚ ਹਮਲੇ ਦੀ ਰੂਸੀ ਦਸਤਿਆਂ ਵਲੋਂ ਪਹਿਲ ਕੀਤੀ ਗਈ ਹੈ। ਰੂਸ ਨੂੰ ਤੁੰਨ ਕੇ ਰੱਖਣ ਅਤੇ ਯੂਰਕੇਨ ਦੀਆਂ ਸਰਹੱਦਾਂ ਦੀ ਫਰਵਰੀ ਤੋਂ ਪਹਿਲਾਂ ਵਾਲੀ ਹਾਲਤ ਬਹਾਲ ਕਰਨ ਦੇ ਨਤੀਜੇ ਦੀ ਆਸ ਨਹੀਂ ਕੀਤੀ ਜਾ ਸਕਦੀ। ਇੱਥੋਂ ਤੱਕ ਕਿ ਹੁਣ ਬਾਇਡਨ ਵੀ 'ਮੁਕੰਮਲ ਜਿੱਤ' ਦੀ ਗੱਲ ਨਹੀਂ ਕਰ ਰਹੇ। ਰੂਸ ਨੂੰ ਗੋਡਿਆਂ ਭਾਰ ਕਰਨ ਦੀ ਪੱਛਮ ਦੀ ਰਣਨੀਤੀ ਕਾਰਆਮਦ ਹੁੰਦੀ ਨਹੀਂ ਜਾਪ ਰਹੀ।

*ਲੇਖਕ ਭਾਰਤ ਦਾ ਸਾਬਕਾ ਰਾਜਦੂਤ ਹੈ।

# ਪੰਜਾਬ ਵਿਚ ਬਾਸਮਤੀ ਜ਼ੋਨ ਮੁੜ ਤੋਂ ਸੁਰਜੀਤ ਕੀਤੇ ਜਾਣ

ਭਾਵੇਂ ਵਾਤਾਵਰਨ ਪ੍ਰੇਮੀਆਂ ਨੇ ਚੌਲ਼ਾਂ ਦੇ ਉਤਪਾਦਨ ਦੇ ਖ਼ਿਲਾਫ਼ ਬਹੁਤ ਗੰਭੀਰ ਕਿਸਮ ਦੇ ਦੋਸ਼ ਲਾਏ ਹਨ ਪਰ ਫਿਰ ਵੀ ਚੌਲਾਂ ਨੂੰ ਪੰਜਾਬ 'ਚੋਂ ਜੜ੍ਹੋਂ ਖ਼ਤਮ ਕਰਨਾ ਨਾਮੁਮਕਿਨ ਹੈ। ਗ਼ੈਰ ਬਾਸਮਤੀ ਨੂੰ ਬਾਸਮਤੀ ਚੌਲਾਂ ਵਿਚ ਤਬਦੀਲ ਕਰਨ ਨਾਲ ਇਕ ਮਹੱਤਵਪੂਰਨ ਤੇ ਸਹੀ ਹੱਲ ਹੋ ਸਕਦਾ ਹੈ, ਕਿਉਂਕਿ ਇਸ ਨਾਲ ਉਤਪਾਦ ਦੀ ਨਾ ਸਿਰਫ਼ ਗੁਣਵੱਤਾ ਹੀ ਸੁਧਰੇਗੀ, ਬਲਕਿ ਕਿਸਾਨਾਂ ਨੂੰ ਚੋਖਾ ਲਾਭ ਵੀ ਹੋਵੇਗਾ ਅਤੇ ਇਹ ਤਬਦੀਲੀ ਤੈਅ ਕਰੇਗੀ ਕਿ ਇਸ ਨੂੰ ਕਿਵੇਂ ਵਾਤਾਵਰਨ ਪੱਖੀ ਬਣਾਇਆ ਜਾ ਸਕਦੈ। ਪੰਜਾਬ ਦੇ 31 ਲੱਖ ਹੈਕਟੇਅਰ ਝੋਨੇ ਦੇ ਖੇਤਰ 'ਚੋਂ 85 ਫ਼ੀਸਦੀ 'ਤੇ ਤਾਂ ਗ਼ੈਰ ਬਾਸਮਤੀ ਹੀ ਬੀਜੀ ਜਾਂਦੀ ਹੈ ਤੇ ਪਿਛਲੀ ਖ਼ਰੀਫ਼ ਰੁੱਤ ਵਿਚ ਸਿਰਫ਼ 4.6 ਲੱਖ ਹੈਕਟੇਅਰ ਵਿਚ ਹੀ ਬਾਸਮਤੀ ਪੈਦਾ ਕੀਤੀ ਗਈ ਸੀ। ਕੇਂਦਰੀ ਭੂਮੀਗਤ ਜਲ ਬੋਰਡ ਨੇ ਸਿਫ਼ਾਰਿਸ਼ ਕੀਤੀ ਹੈ ਕਿ ਪੰਜਾਬ ਨੂੰ ਜੀਰੀ ਥੱਲੇ ਦਾ ਕਰੀਬ 18 ਤੋਂ 20 ਲੱਖ ਹੈਕਟੇਅਰ ਰਕਬਾ ਘਟਾਉਣਾ ਚਾਹੀਦਾ ਹੈ ਤੇ ਨਾਲ ਹੀ ਮਾਹਿਰਾਂ ਦੀ ਰਾਇ ਹੈ ਕਿ ਕਰੀਬ 8 ਤੋਂ 10 ਲੱਖ ਹੈਕਟੇਅਰ ਖੇਤਰ ਵਿਚ ਖੁਸ਼ਬੂਦਾਰ ਬਾਸਮਤੀ ਦੀ ਖੇਤੀ ਕੀਤੀ ਜਾਣੀ ਚਾਹੀਦੀ ਹੈ। ਇਸ ਵਾਰ ਬਾਸਮਤੀ 4000 ਰੁਪਏ ਪ੍ਰਤੀ ਕੁਇੰਟਲ ਵਿਕੀ, ਜੋ ਕਿ ਅੱਜ ਤੱਕ ਦੀ ਸਭ ਤੋਂ ਵੱਧ ਕੀਮਤ ਮੰਨੀ ਜਾਂਦੀ ਹੈ। ਇਸ ਨੇ ਰਵਾਇਤੀ ਫ਼ਸਲੀ ਸਰੂਪ ਅਤੇ ਤੌਰ ਤਰੀਕਿਆਂ ਤੋਂ ਹਟ ਕੇ, ਬਾਸਮਤੀ ਦੀ ਨਿਰਯਾਤ ਸਮਰੱਥਾ ਵਿਚ ਤਬਦੀਲੀ ਅਤੇ ਵਿਭਿੰਨਤਾ ਲਿਆਉਣ ਲਈ ਪ੍ਰੇਰਿਤ ਕੀਤਾ ਹੈ।



ਹਾਲਾਂਕਿ ਕੇਂਦਰ ਸਰਕਾਰ ਨੇ ਬਾਸਮਤੀ ਚੌਲ ਜ਼ੋਨ ਨੂੰ ਸੂਚੀਬੱਧ (ਨੋਟੀਫਾਈ) ਕਰ ਲਿਆ ਸੀ ਪਰ ਦੂਜੇ ਪਾਸੇ ਵਣਜ ਵਿਭਾਗ ਦੀ ਇੱਕ ਅੰਦਰੂਨੀ ਸਮੀਖਿਆ ਵਿਚ ਇਹ ਸਿੱਟਾ ਕੱਢਿਆ ਗਿਆ ਕਿ ਸੂਚੀਬੱਧ ਕੀਤੇ ਗਏ ਖੇਤੀ ਨਿਰਯਾਤ ਜ਼ੋਨ (ਏਈਜ਼ੈਡ) ਤੈਅਸ਼ੁਦਾ ਟੀਚਿਆਂ ਦੀ ਪ੍ਰਾਪਤੀ ਕਰਨ ਵਿਚ ਨਾਕਾਮ ਰਹੇ ਹਨ। 2019 ਵਿਚ ਕੇਂਦਰੀ ਵਣਜ ਅਤੇ ਉਦਯੋਗ ਰਾਜ ਮੰਤਰੀ ਸੀ.ਆਰ. ਚੌਧਰੀ ਨੇ ਲੋਕ ਸਭਾ ਨੂੰ ਦੱਸਿਆ ਸੀ ਕਿ, 'ਸਾਰੇ ਨੋਟੀਫਾਈਡ ਏਈਜ਼ੈਡ ਨੇ ਆਪਣੇ ਨਿਰਧਾਰਤ ਪੰਜ ਸਾਲ ਪੂਰੇ ਕਰ ਲਏ ਹਨ, ਇਸ ਲਈ ਇਨ੍ਹਾਂ ਨੂੰ ਬੰਦ ਕਰ ਦਿੱਤਾ ਗਿਆ ਹੈ।' ਇਹੋ ਸਮਾਂ ਹੈ ਕਿ ਭਗਵੰਤ ਮਾਨ ਦੀ ਸਦਾਰਤ ਵਾਲੀ ਆਪ ਸਰਕਾਰ ਕੇਂਦਰ ਕੋਲ, ਪੰਜਾਬ ਵਿਚ ਬਾਸਮਤੀ ਦੀ ਖੇਤੀ ਅਤੇ ਬਰਾਮਦਗੀ ਕਰਨ ਵਾਲੇ ਵੱਖਰੇ ਜ਼ੋਨਾਂ ਨੂੰ ਮੁੜ ਤੋਂ ਸੁਰਜੀਤ ਕਰਨ ਦਾ ਮੁੱਦਾ ਚੁੱਕੇ ਤੇ ਇਹ ਪਹਿਲ ਕਿਸਾਨਾਂ ਦੀ ਆਮਦਨੀ ਅਤੇ ਵਾਤਾਵਰਨ ਸੰਭਾਲ ਲਈ ਇੱਕ ਅਹਿਮ ਕਦਮ ਹੋਵੇਗੀ। ਬਾਸਮਤੀ ਪੈਦਾ ਕਰਨ ਵਾਲਿਆਂ ਅਤੇ ਬਰਾਮਦ ਨੂੰ ਸਮਰਥਨ ਦੇਣ ਲਈ ਲਾਗਤ-ਪ੍ਰਭਾਵਿਤ ਅਤੇ ਵਾਤਾਵਰਨ ਕੁਸ਼ਲ ਉਤਪਾਦਨ, ਤਿਜ਼ਾਰਤ ਗੁਣਵੱਤਾ ਨਿਯੰਤਰਨ ਆਦਿ ਨਾਲ ਜੁੜੀਆਂ ਸਰਕਾਰੀ ਨੀਤੀਆਂ ਨੂੰ ਸੋਧਿਆ ਜਾਣਾ ਜ਼ਰੂਰੀ ਹੈ, ਨਾਲ ਹੀ ਵੱਖਰੇ ਜ਼ੋਨਾਂ ਵਿਚ, ਉਤਪਾਦਨ ਦੇ ਵੱਖ ਵੱਖ ਪੜਾਵਾਂ ਤੋਂ ਲੈ ਕੇ ਖਪਤਕਾਰ ਦੇ ਹੱਥਾਂ ਵਿਚ ਪਹੁੰਚਣ ਤੱਕ, ਇਨ੍ਹਾਂ ਨੀਤੀਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਕੇ ਇਸ ਦੀ ਸਖ਼ਤੀ ਨਾਲ ਨਿਗਰਾਨੀ ਕਰਨੀ ਵੀ ਲਾਜ਼ਮੀ ਹੈ।

ਸੂਬੇ ਦੇ ਵੱਖਰੇ ਬਾਸਮਤੀ ਜ਼ੋਨਾਂ ਵਿਚ, ਨਿਰਯਾਤ-ਮੁਖੀ ਬਾਸਮਤੀ ਕਿਸਮਾਂ ਦੀ ਚੋਣ ਕਰਕੇ, ਵਾਹੀ ਲਈ ਮਿੱਟੀ ਦੀ ਅਨੁਕੂਲਤਾ ਵੇਖਦੇ ਹੋਏ, ਸਿੰਜਾਈ ਲਈ ਮਿਆਰੀ ਪਾਣੀ ਦਾ ਪ੍ਰਬੰਧ, ਕੀਟ ਨਿਯੰਤਰਨ, ਲਾਹੇਵੰਦ ਕੀਮਤ ਕੜੀ ਨਾਲ ਜੁੜ ਕੇ, ਖੇਤੀ-ਪਰਿਆਵਰਨ ਪ੍ਰਣਾਲੀ ਦੀ ਸੰਭਾਲ ਕਰਦੇ ਹੋਏ, ਲਾਗਤ-ਪ੍ਰਭਾਵਿਤ, ਵਾਤਾਵਰਨ ਮੁਤਾਬਕ ਉਤਪਾਦਨ ਅਤੇ ਮੰਗ 'ਤੇ ਅਧਾਰਿਤ ਗੁਣਵੱਤਾ ਨੂੰ ਲਾਗੂ ਕਰਨ ਵੱਲ ਧਿਆਨ ਦੇਣ ਨਾਲ ਉਪਜ ਦੀ ਗੁਣਵੱਤਾ ਨੂੰ ਕਾਇਮ ਰੱਖਣਾ ਵੀ ਸੰਭਵ ਹੋਵੇਗਾ। ਦਰਅਸਲ ਕੇਂਦਰ ਸਰਕਾਰ ਨੂੰ, ਪੰਜਾਬ ਦੇ ਉੱਤਰੀ ਹਿੱਸਿਆਂ ਵਿਚ, ਖੇਤੀ ਵਾਲੇ ਮੌਸਮ ਦੀਆਂ ਅਨੁਕੂਲ ਸਥਿਤੀਆਂ ਦੇ ਕਾਰਨ, ਬਰਾਮਦਗੀ ਲਈ ਖੁਸ਼ਬੂਦਾਰ ਬਾਸਮਤੀ ਪੈਦਾ ਕਰਨ ਲਈ ਇੱਕ ਏਜੰਡੇ 'ਤੇ ਧਿਆਨ ਕੇਂਦਰਿਤ ਕਰਨਾ ਚਾਹੀਦਾ ਹੈ ਸੰਸਾਰ ਪੱਧਰੀ ਗੁਣਵੱਤਾ ਕਾਇਮ ਰੱਖਣ ਲਈ ਇਹ ਯਕੀਨੀ ਬਣਾਇਆ ਜਾਣਾ ਚਾਹੀਦਾ ਹੈ ਕਿ ਵੱਖਰੇ ਜ਼ੋਨ ਦੇ ਕਿਸਾਨ, ਬਾਜ਼ਾਰ ਦੀ ਜ਼ਿਆਦਾ ਮੰਗ ਵਾਲੇ ਖੁਸ਼ਬੂਦਾਰ ਬਾਸਮਤੀ ਚੌਲ ਹੀ ਪੈਦਾ ਕਰਨ। ਬਾਸਮਤੀ ਦੀ ਗੁਣਵੱਤਾ ਜ਼ਿਆਦਾਤਰ ਉਸ ਇਲਾਕੇ ਦੀ ਮਿੱਟੀ ਅਤੇ ਖੇਤੀ ਲਈ ਮੌਸਮੀ ਹਾਲਾਤ 'ਤੇ ਨਿਰਭਰ ਕਰਦੀ ਹੈ, ਜਿਸ ਜ਼ੋਨ ਵਿਚ ਇਹ ਫ਼ਸਲ ਪੈਦਾ ਕੀਤੀ ਜਾਂਦੀ ਹੈ। ਮੌਜੂਦਾ ਸੀਜ਼ਨ ਵਿਚ ਪਹਿਲੀ ਵਾਰ ਪੂਸਾ 1121 ਅਤੇ 1509 ਦੀਆਂ ਸੋਧੀਆਂ ਹੋਈਆਂ ਕਿਸਮਾਂ 1847, 1885 ਅਤੇ 1886 ਦੀਆਂ ਫ਼ਸਲਾਂ ਪੈਦਾ ਕੀਤੀਆਂ ਗਈਆਂ ਹਨ, ਜਿਸ ਨੇ ਬਾਸਮਤੀ ਨਿਰਯਾਤ ਵਿਚ 90 ਫ਼ੀਸਦੀ ਯੋਗਦਾਨ ਪਾਇਆ ਹੈ। ਨਵੀਆਂ ਕਿਸਮਾਂ ਪਾਣੀ ਦੀ ਬਹੁਤ ਘੱਟ ਖਪਤ ਕਰਕੇ ਬਹੁਤ ਝਾੜ ਦੇਣ ਵਾਲੀਆਂ ਤਾਂ ਹੋਣੀਆਂ ਹੀ ਚਾਹੀਦੀਆਂ ਹਨ ਪਰ ਇਹ ਪਾਬੰਦੀਸ਼ੁਦਾ ਕੀਟਨਾਸ਼ਕਾਂ ਦੀ ਰਹਿੰਦ ਖੂੰਹਦ ਅਤੇ ਰਿਵਾਇਤੀ ਖੁਸ਼ਬੂਦਾਰ ਬਾਸਮਤੀ ਦੀ ਕੀਮਤ 'ਤੇ ਪੈਦਾ ਨਹੀਂ ਕੀਤੀਆਂ ਜਾਣੀਆਂ ਚਾਹੀਦੀਆਂ। ਬਾਸਮਤੀ 370 ਅਤੇ ਬਾਸਮਤੀ 385 ਵਰਗੀਆਂ ਖੁਸ਼ਬੂਦਾਰ ਕਿਸਮਾਂ ਵਿਚ ਵੀ ਵਧੀਆ ਤੇ ਵੱਖਰੀਆਂ ਕਿਸਮਾਂ ਦੀ ਪਛਾਣ ਯਕੀਨੀ ਬਣਾਈ ਜਾਣੀ ਚਾਹੀਦੀ ਹੈ। ਇੱਕ ਖਾਸ ਕਿਸਮ ਦੇ ਬਾਸਮਤੀ ਚੌਲ ਦੀ ਕਿਸਮ ਪੈਦਾ ਕਰਨ ਲਈ ਤਿਆਰ ਕੀਤੀ ਗਈ ਰੂਪਰੇਖਾ, ਨੈਤਿਕ ਕਾਰਵਾਈ ਅਤੇ ਬ੍ਰੈਂਡਿੰਗ, ਕਿਸਾਨਾਂ ਅਤੇ ਉਨ੍ਹਾਂ ਵਪਾਰੀਆਂ ਨੂੰ ਠੱਲ੍ਹ ਪਾਵੇਗੀ, ਜੋ ਕਿਸੇ ਵੀ ਖੁਸ਼ਬੂਦਾਰ ਚੌਲ ਦੀ ਕਿਸਮ ਨੂੰ ਬਾਸਮਤੀ ਦਾ ਨਾਂਅ ਦੇਣ ਦੀ ਇਜਾਜ਼ਤ ਦੇਵੇਗੀ। ਪਾਕਿਸਤਾਨ, ਜੋ ਕਿ ਵਿਸ਼ਵ ਮਾਰਕਿਟ ਵਿਚ ਭਾਰਤੀ ਬਾਸਮਤੀ ਦਾ ਮੁੱਖ ਮੁਕਾਬਲੇਬਾਜ਼ ਹੈ, ਖੁਸ਼ਬੂਦਾਰ ਬਾਸਮਤੀ ਦੀ ਬਰਾਮਦਗੀ ਕਰਕੇ ਬਹੁਤ ਸਾਰਾ ਵਿਦੇਸ਼ੀ ਧਨ ਕਮਾਉਂਦਾ ਹੈ, ਸੁਣਿਐ ਉਸ ਨੇ ਹੁਣ ਪੈਦਾ ਕੀਤੀ ਜਾਣ ਵਾਲੀ ਬਾਸਮਤੀ ਲਈ ਇਕ ਪਾਰਦਰਸ਼ੀ ਯੋਜਨਾ ਵਿਕਸਿਤ ਕਰ ਲਈ ਹੈ, ਤੇ ਇਸ ਤਰ੍ਹਾਂ ਖ਼ਰੀਦਦਾਰ ਨੂੰ ਪਤਾ ਹੁੰਦਾ ਹੈ ਕਿ ਉਹ ਆਖ਼ਿਰ ਖ਼ਰੀਦ ਕੀ ਰਿਹਾ ਹੈ? ਸਾਨੂੰ ਪੰਜਾਬੀਆਂ ਨੂੰ ਵੀ ਓਹੀ ਰਿਵਾਇਤੀ ਬਾਸਮਤੀ ਚੌਲ ਪੈਦਾ ਕਰਨ ਦਾ ਫ਼ਾਇਦਾ ਹੋ ਸਕਦਾ ਹੈ ਪ੍ਰੰਤੂ, ਕਿਉਂਕਿ ਅਸੀਂ ਵਿਸ਼ਵ ਪੱਧਰੀ ਗੁਣਵੱਤਾ ਦੇ ਮਿਆਰਾਂ ਦਾ ਪਾਲਣ ਕਰਨ ਵਿਚ ਅਸਮਰੱਥ ਹਾਂ, ਇਸ ਲਈ ਸਾਨੂੰ ਗਲੋਬਲ ਮਾਰਕੀਟ ਦੇ ਖਰੀਦਦਾਰਾਂ 'ਤੇ ਯਕੀਨ ਘੱਟ ਹੀ ਹੁੰਦਾ ਹੈ, ਜਾਂ ਇਹ ਕਹਿ ਲਵੋ ਕਿ ਉਹ ਸਾਡੇ 'ਤੇ ਬਹੁਤ ਘੱਟ ਯਕੀਨ ਕਰਦੇ ਹਨ।

ਬਾਸਮਤੀ ਚੌਲ ਤੋਂ ਹੋਣ ਵਾਲੇ ਮੁਨਾਫ਼ੇ ਨੂੰ ਬਰਕਰਾਰ ਰੱਖਣ ਲਈ ਕਿਸਾਨਾਂ, ਵਪਾਰੀਆਂ ਅਤੇ ਉਨ੍ਹਾਂ ਸਾਰਿਆਂ ਨੂੰ ਗੁਣਵੱਤਾ ਦਾ ਮਿਆਰ ਸਖ਼ਤੀ ਨਾਲ ਅਪਨਾਉਣ ਦੀ ਲੋੜ ਹੈ, ਜੋ ਇਸ ਨਾਲ ਜੁੜੇ ਹੋਏ ਹਨ ਇਹ ਮਿਆਰ ਬਿਜਾਈ, ਵਾਢੀ, ਅਤੇ ਵਾਢੀ ਤੋਂ ਬਾਅਦ ਮਾਰਕੀਟਿੰਗ ਤੱਕ ਹਰ ਪੜਾਅ 'ਤੇ ਅਪਣਾਇਆ ਜਾਣਾ ਚਾਹੀਦੈ। ਗਲੋਬਲ ਖਰੀਦਦਾਰ, ਇਸ ਉਮਦਾ ਕਿਸਮ ਦੇ ਚੌਲ ਲਈ ਉਦੋਂ ਤੱਕ ਵੱਡੀ ਰਕਮ ਅਦਾ ਕਰਨ ਲਈ ਤਿਆਰ ਨਹੀਂ ਹੋਣਗੇ, ਜਦੋਂ ਤੱਕ ਉਨ੍ਹਾਂ ਨੂੰ ਇਹ ਵਿਸ਼ਵਾਸ ਨਾ ਹੋ ਜਾਵੇ ਕਿ ਉਨ੍ਹਾਂ ਨੂੰ ਠੀਕ ਓਹੀ ਚੀਜ਼ ਮਿਲੇਗੀ ਜਿਸ ਦੇ ਲਈ ਉਹ ਵੱਡੀ ਕੀਮਤ ਅਦਾ ਕਰਨ ਜਾ ਰਹੇ ਹਨ। ਗੁਣਵੱਤਾ ਬਾਰੇ ਜਾਗਰੂਕ ਰਹਿਣ ਵਾਲੇ ਬਰਤਾਨੀਆ ਵਰਗੇ ਦੇਸ਼ ਵਿਸ਼ਵ ਬਾਜ਼ਾਰ ਦੀ ਬ੍ਰੈਂਡਿੰਗ ਦੀ ਭਰੋਸੇਯੋਗਤਾ ਅਤੇ ਚੌਲਾਂ ਦੀਆਂ ਦੂਜਿਆਂ ਕਿਸਮਾਂ ਦੀ ਮਿਲਾਵਟ ਦਾ ਪਤਾ ਕਰਨ ਲਈ ਡੀਐਨਏ ਫਿੰਗਰ ਪ੍ਰਿੰਟਿੰਗ ਤੱਕ ਕਰ ਰਹੇ ਹਨ।

ਮੰਗ ਸੰਚਾਲਤ ਵਿਸ਼ਵ ਬਾਜ਼ਾਰ ਵਿਚਭਾਰਤ ਬਾਸਮਤੀ ਚੌਲਾਂ ਦਾ ਪ੍ਰਮੁੱਖ ਬਰਾਮਦਕਾਰ ਹੈ, ਜਿਸ ਵਿਚ ਪੰਜਾਬ ਦਾ 45 ਫ਼ੀਸਦੀ ਹਿੱਸਾ ਹੁੰਦਾ ਹੈ। 2021-22 ਵਿਚ ਦੇਸ਼ ਨੇ 39.50 ਲੱਖ ਟਨ ਬਾਸਮਤੀ ਚੌਲਾਂ ਦੀ ਬਰਾਮਦਗੀ ਤੋਂ 26417 ਕਰੋੜ ਰੁਪਏ ਦਾ ਵਿਦੇਸ਼ੀ ਧਨ ਪ੍ਰਾਪਤ ਕੀਤਾ ਹੈ, ਜਦੋਂ ਕਿ 72 ਲੱਖ ਟਨ ਗ਼ੈਰ ਬਾਸਮਤੀ ਚੌਲਾਂ ਦੇ ਨਿਰਯਾਤ ਤੋਂ ਇਸੇ ਸਮੇਂ ਦੌਰਾਨ 45652 ਕਰੋੜ ਰੁਪਏ ਕਮਾਏ ਗਏ ਹਨ। ਨਵੇਂ ਵਿਸ਼ਵ ਬਾਜ਼ਾਰ ਨੂੰ ਨੱਪਣ ਲਈ ਗ਼ੈਰ ਬਾਸਮਤੀ ਚੌਲ ਬਾਜ਼ਾਰ ਨੂੰ ਬਾਸਮਤੀ ਚੌਲ ਬਾਜ਼ਾਰ ਵਿਚ ਤਬਦੀਲ ਕਰਨ ਦੀ ਬਹੁਤ ਗੁੰਜਾਇਸ਼ ਹੈ। ਖੁਸ਼ਬੂਦਾਰ ਬਾਸਮਤੀ ਦੀ ਵਧੀਆ ਕੁਆਲਿਟੀ ਰਿਵਾਇਤੀ ਤੌਰ 'ਤੇ ਸਾਊਦੀ ਅਰਬ, ਈਰਾਨ, ਇਰਾਕ, ਯੂਏਈ, ਯੂਐਸਏ ਅਤੇ ਯੂਕੇ ਨੂੰ ਨਿਰਯਾਤ ਕੀਤੀ ਜਾਂਦੀ ਰਹੀ ਹੈ। ਸਾਨੂੰ ਅਸਰਦਾਰ ਮਾਰਕਿਟ ਇੰਟੈਲੀਜੈਂਸ ਨੈੱਟਵਰਕ ਰਾਹੀਂ ਹੋਰ ਜ਼ਿਆਦਾ ਅੰਤਰਰਾਸ਼ਟਰੀ ਬਰਾਮਦ ਬਾਜ਼ਾਰਾਂ ਦੀ ਤਲਾਸ਼ ਕਰਨੀ ਚਾਹੀਦੀ ਹੈ ਤੇ ਇਹ ਨੈੱਟਵਰਕ ਸਟੇਸ਼ਨ ਸਮਰਪਤ ਜ਼ੋਨਾਂ ਵਿਚ ਹੀ ਸਥਾਪਤ ਕੀਤੇ ਜਾਣੇ ਚਾਹੀਦੇ ਹਨ। ਬਾਸਮਤੀ ਚੌਲਾਂ ਵਿਚ ਨਿਰਯਾਤ ਆਗੂ ਬਣਨ ਲਈ, ਪੰਜਾਬ ਨੂੰ, ਅਮਰੀਕਾ ਦੇ ਪਸੰਦੀਦਾ ਲਾਲ ਚੌਲ ਅਤੇ ਕੁਝ ਦੂਜੀਆਂ ਕਿਸਮਾਂ ਜੋ ਕਿ ਜਾਪਾਨ ਅਤੇ ਯੂਰਪੀ ਦੇਸ਼ਾਂ ਦੀ ਮੰਗ ਹਨ, ਉਨ੍ਹਾਂ ਦੇਸ਼ਾਂ ਦੀ ਮਰਜ਼ੀ ਮੁਤਾਬਕ ਤਿਆਰ ਕਰਨੀਆਂ ਪੈਣਗੀਆਂ।

# ਭਾਰਤ-ਤਾਇਵਾਨ ਆਰਥਿਕ ਰਿਸ਼ਤਿਆਂ ਦਾ ਨਵਾਂ ਪੰਨਾ

ਚੀਨ ਨਾਲ ਲਗਦੀ ਭਾਰਤ ਦੀ ਪੂਰਬੀ ਸਰਹੱਦ 'ਤੇ ਹਾਲ ਹੀ ਵਿਚ ਉਦੋਂ ਤਣਾਅ ਪੈਦਾ ਹੋ ਗਿਆ ਸੀ ਜਦੋਂ ਚੀਨੀ ਦਸਤਿਆਂ ਨੇ ਅਰੁਣਾਚਲ ਪ੍ਰਦੇਸ਼ ਦੇ ਰਣਨੀਤਕ ਕਸਬੇ ਤਵਾਂਗ ਵਿਚ 'ਮੈਕਮੋਹਨ ਲਾਈਨ' ਨੇੜਲੇ ਖੇਤਰਾਂ ਵਿਚ ਦਾਖ਼ਲ ਹੋਣ ਦੀ ਕੋਸ਼ਿਸ਼ ਕੀਤੀ। 1962 ਦੀ ਜੰਗ ਦੌਰਾਨ ਨੇ ਚੀਨ ਨੇ ਹਾਲਾਂਕਿ ਤਵਾਂਗ ਉਪਰ ਕਬਜ਼ਾ ਕਰ ਲਿਆ ਸੀ ਪਰ ਜੰਗ ਖਤਮ ਹੋਣ ਤੋਂ ਬਾਅਦ ਚੀਨੀ ਫ਼ੌਜ ਉੱਥੋਂ ਵਾਪਸ ਚਲੀ ਗਈ ਸੀ। ਤਵਾਂਗ 'ਚੋਂ ਚੀਨੀ ਫ਼ੌਜ ਦੀ ਵਾਪਸੀ ਨੂੰ ਸ਼ੁਰੂ ਸ਼ੁਰੂ ਵਿਚ ਪੇਈਚਿੰਗ ਵਲੋਂ 'ਡੂਰਾਂਡ ਲਾਈਨ' ਨੂੰ ਭਾਰਤ ਨਾਲ ਆਪਣੀ ਪੂਰਬੀ ਸਰਹੱਦ ਪ੍ਰਵਾਨ ਕਰਨ ਵਜੋਂ ਦੇਖਿਆ ਜਾਂਦਾ ਸੀ ਪਰ ਕੁਝ ਸਾਲਾਂ ਬਾਅਦ ਹੋਈਆਂ ਘਟਨਾਵਾਂ ਜਿਵੇਂ 1986 ਵਿਚ ਸੁਮਦੋਰੌਂਗ ਚੂ ਵਾਦੀ ਵਿਚ ਚੀਨ ਦੀ ਘੁਸਪੈਠ ਤੋਂ ਸਾਫ਼ ਪਤਾ ਲੱਗ ਗਿਆ ਕਿ ਚੀਨ ਮੌਜੂਦਾ ਸਥਿਤੀ ਬਦਲਣ ਲਈ ਤਿਆਰ ਹੈ। ਲਦਾਖ ਵਿਚ ਮੌਜੂਦਾ ਸਰਹੱਦੀ ਤਣਾਅ ਤਵਾਂਗ ਨਾਲ ਲਗਵੇਂ ਖੇਤਰਾਂ ਵਿਚ ਪੈਦਾ ਹੋਏ ਹਨ। ਰਾਸ਼ਟਰਪਤੀ ਸ਼ੀ ਜਿਨਪਿੰਗ ਨੇ ਜਦੋਂ 2014 ਵਿਚ ਸੱਤਾ ਦੀ ਵਾਗਡੋਰ ਸੰਭਾਲੀ ਸੀ ਤਾਂ ਚੀਨ ਨਾਲ ਸੰਬੰਧਾਂ ਵਿਚ ਸੁਧਾਰ ਹੋਣ ਦੀਆਂ ਕਾਫ਼ੀ ਆਸਾਂ ਲਾਈਆਂ ਗਈਆਂ ਸਨ ਜੋ ਹੁਣ ਮਿਟਦੀਆਂ ਜਾ ਰਹੀਆਂ ਹਨ; ਹਾਲਾਂਕਿ ਉਦੋਂ ਨਵੇਂ ਚੁਣੇ ਗਏ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਉਨ੍ਹਾਂ ਦਾ ਭਾਰਤ ਵਿਚ ਨਿੱਘਾ ਸਵਾਗਤ ਕੀਤਾ ਸੀ। ਦਰਅਸਲ, ਚੀਨ ਵਲੋਂ ਭਾਰਤ ਪ੍ਰਤੀ ਦੁਸ਼ਮਣੀ ਪ੍ਰਗਟਾਈ ਜਾ ਰਹੀ ਹੈ। ਇਸ ਵੈਰ-ਭਾਵ ਦਾ ਸੱਜਰਾ ਪ੍ਰਗਟਾਵਾ ਲਦਾਖ ਵਿਚ ਹੋਇਆ ਸੀ ਜਿੱਥੇ ਚੀਨ ਨੇ ਭਾਰਤੀ ਖੇਤਰ ਹੜੱਪਣ ਦੀ ਕੋਸ਼ਿਸ਼ ਕੀਤੀ ਸੀ ਅਤੇ ਇਸ ਦਾ ਭਾਰਤ ਵਲੋਂ ਜ਼ੋਰਦਾਰ ਜਵਾਬ ਦਿੱਤਾ ਗਿਆ ਸੀ। ਹਾਲਾਂਕਿ ਲਦਾਖ ਵਿਚ ਇਸ ਵੇਲੇ ਗੋਲੀਬੰਦੀ ਚੱਲ ਰਹੀ ਹੈ ਪਰ ਭਾਰਤੀ ਇਲਾਕਿਆਂ 'ਤੇ ਚੀਨ ਦਾ ਕਬਜ਼ਾ ਬਰਕਰਾਰ ਹੈ। ਇਹੀ ਨਹੀਂ, ਹੁਣ ਚੀਨ ਵਲੋਂ ਅਰੁਣਾਚਲ ਪ੍ਰਦੇਸ਼ ਵਿਚ ਲਗਾਤਾਰ ਘੁਸਪੈਠ ਦਾ ਖ਼ਤਰਾ ਦਰਪੇਸ਼ ਹੈ। ਸ਼ੀ ਜਿਨਪਿੰਗ ਦੀ ਅਗਵਾਈ ਹੇਠ ਚੀਨੀ ਫ਼ੌਜਾਂ ਵਲੋਂ ਲਦਾਖ ਤੇ ਅਰੁਣਾਚਲ ਪ੍ਰਦੇਸ਼ ਵਿਚ ਪੇਸ਼ਕਦਮੀ ਵਧਦੀ ਜਾਣ ਕਰ ਕੇ ਨਵੀਂ ਦਿੱਲੀ ਵਿਚ ਬੇਵਿਸ਼ਵਾਸੀ ਵਧ ਰਹੀ ਹੈ। ਜ਼ਿਕਰਯੋਗ ਹੈ ਕਿ ਸ਼ੀ ਜਿਨਪਿੰਗ ਦੇ ਸੱਤਾ ਸੰਭਾਲਣ ਤੋਂ ਪਹਿਲਾਂ ਭਾਰਤ ਅਤੇ ਚੀਨ ਵਿਚਕਾਰ 1 ਅਪਰੈਲ, 2005 ਨੂੰ ਸਰਹੱਦੀ ਮੁੱਦੇ ਨੂੰ ਸੁਲਝਾਉਣ ਲਈ 'ਬੱਝਵੀਂ ਸੰਧੀ' ਉੱਤੇ ਅੱਪੜਨ ਲਈ ਸਿਧਾਂਤਕ ਦਿਸ਼ਾ ਮਾਰਗਾਂ ਬਾਰੇ ਸਮਝੌਤਾ ਤੈਅ ਪਾਇਆ ਗਿਆ ਸੀ। ਭਾਰਤ ਅਤੇ ਚੀਨ ਇਸ ਗੱਲ ਲਈ ਸਹਿਮਤ ਹੋਏ ਸਨ: ''ਦੋਵੇਂ ਧਿਰਾਂ ਆਪਸੀ ਸਤਿਕਾਰ ਤੇ ਸਮਝ ਬੂਝ ਦੀ ਭਾਵਨਾ ਨਾਲ ਸਰਹੱਦੀ ਸਵਾਲ ਬਾਰੇ ਆਪੋ-ਆਪਣੀਆਂ ਪੁਜ਼ੀਸ਼ਨਾਂ ਵਿਚ ਇਸ ਤਰ੍ਹਾਂ ਰੱਦੋ-ਬਦਲ ਕਰਨਗੀਆਂ ਤਾਂ ਕਿ ਸਰਹੱਦੀ ਸਵਾਲ ਬਾਰੇ ਬੱਝਵੀਂ ਸੰਧੀ ਤੈਅ ਪਾ ਸਕੇ। ਸਰਹੱਦ ਚੰਗੀ ਤਰ੍ਹਾਂ ਪਰਿਭਾਸ਼ਤ ਕੀਤੀ ਜਾਣੀ ਚਾਹੀਦੀ ਹੈ ਤਾਂ ਕਿ ਦੋਵੇਂ ਧਿਰਾਂ ਵਲੋਂ ਇਸ ਦੀ ਅਸਾਨੀ ਨਾਲ ਨਿਸ਼ਾਨਦੇਹੀ ਹੋ ਸਕੇ, ਕੁਦਰਤੀ ਭੂਗੋਲਕ ਪਹਿਲੂਆਂ ਬਾਰੇ ਆਪਸੀ ਤੌਰ 'ਤੇ ਸਹਿਮਤੀ ਬਣ ਸਕੇ।''

ਇਸ ਦੇ ਨਾਲ ਹੀ ਦੋਵੇਂ ਧਿਰਾਂ ਨੇ ਸਰਹੱਦੀ ਸਮਝੌਤੇ ਪ੍ਰਤੀ ਆਪੋ-ਆਪਣੀਆਂ ਪੁਜ਼ੀਸ਼ਨਾਂ ਵਿਚ ਢੁਕਵੀਂ ਰੱਦੋ-ਬਦਲ ਕਰਨਗੀਆਂ ਤਾਂ ਕਿ ਸਰਹੱਦੀ ਸਵਾਲ ਬਾਰੇ ਕਿਸੇ ਬੱਝਵੀਂ ਸੰਧੀ ਦੇ ਫਾਰਮੂਲੇ 'ਤੇ ਪਹੁੰਚਿਆ ਜਾ ਸਕੇ। ਉਂਝ, ਇਸ ਗੱਲ ਨੂੰ ਲੈ ਕੇ ਸੰਦੇਹ ਹੈ ਕਿ ਜਿੰਨੀ ਦੇਰ ਤੱਕ ਸ਼ੀ ਜਿਨਪਿੰਗ ਸੱਤਾ 'ਤੇ ਰਹਿੰਦੇ ਹਨ, ਓਨੀ ਦੇਰ ਕੋਈ ਸਮਝੌਤੇ ਦਾ ਰਾਹ ਨਿਕਲ ਸਕੇਗਾ। ਇਸ ਵੇਲੇ ਚੀਨ ਦੇ ਦੁਨੀਆ ਦੇ ਕਿਸੇ ਵੀ ਦੇਸ਼ ਨਾਲੋਂ ਜ਼ਿਆਦਾ ਜ਼ਮੀਨੀ ਅਤੇ ਸਮੁੰਦਰੀ ਹੱਦਾਂ ਬਾਰੇ ਵਿਵਾਦ ਚੱਲ ਰਹੇ ਹਨ। ਰਾਸ਼ਟਰਪਤੀ ਸ਼ੀ ਜਿਨਪਿੰਗ ਦੀ ਅਗਵਾਈ ਹੇਠਲੇ ਵਰਤਮਾਨ ਚੀਨ ਨਾਲ ਸਿੱਝਣ ਲਈ ਇਹ ਗੱਲ ਚੇਤੇ ਰੱਖਣੀ ਚਾਹੀਦੀ ਹੈ ਕਿ ਰਾਸ਼ਟਰਪਤੀ ਸ਼ੀ ਆਪਣੇ ਅੰਦਰੂਨੀ ਤੇ ਬਾਹਰੀ ਦੋਵੇਂ ਕਿਸਮ ਦੇ ਵਿਰੋਧੀਆਂ ਨਾਲ ਕਰੜੇ ਹੱਥੀਂ ਨਜਿੱਠਣ ਦੇ ਆਦੀ ਹਨ। ਆਪਣੀ ਖੁਦ-ਸਾਖਤਾ ਸਮੁੰਦਰੀ ਹੱਦਾਂ 'ਤੇ ਕੰਟਰੋਲ ਜਮਾਉਣ ਲਈ ਬਲ ਪ੍ਰਯੋਗ ਕਰਨਾ ਚੀਨ ਦੀਆਂ ਸੁਰੱਖਿਆ ਨੀਤੀਆਂ ਦੀ ਪਛਾਣ ਬਣ ਗਈ ਹੈ। ਲੰਘੀ 22 ਅਕਤੂਬਰ ਨੂੰ ਚੀਨੀ ਕਮਿਊਨਿਸਟ ਪਾਰਟੀ ਦੀ ਕਾਨਫਰੰਸ ਦੌਰਾਨ ਸ਼ੀ ਜਿਨਪਿੰਗ ਵਲੋਂ ਆਪਣੇ ਪੂਰਬਵਰਤੀ ਹੂ ਜਿੰਤਾਓ ਨੂੰ ਜਿਵੇਂ ਅਪਮਾਨਤ ਕੀਤਾ ਗਿਆ ਸੀ, ਉਸ ਨੂੰ ਦੇਖ ਕੇ ਦੁਨੀਆ ਦੰਗ ਰਹਿ ਗਈ ਸੀ। ਚੀਨ ਦੀ ਸੱਤਾਧਾਰੀ ਪਾਰਟੀ ਦੇ ਸਭ ਤੋਂ ਸੀਨੀਅਰ ਮੈਂਬਰਾਂ ਦਰਮਿਆਨ ਮੱਤਭੇਦ ਕੋਈ ਗੈਰ-ਕੁਦਰਤੀ ਗੱਲ ਨਹੀਂ ਪਰ ਅਹੁਦੇ ਤੋਂ ਫਾਰਗ ਹੋਣ ਮਗਰੋਂ ਆਮ ਤੌਰ 'ਤੇ ਸੀਨੀਅਰ ਮੈਂਬਰਾਂ ਪ੍ਰਤੀ ਸਤਿਕਾਰ ਕਾਇਮ ਰੱਖਿਆ ਜਾਂਦਾ ਸੀ। ਜਦੋਂ ਸ਼ੀ ਜਿਨਪਿੰਗ ਦੀ ਮੌਜੂਦਗੀ ਵਿਚ ਸੁਰੱਖਿਆ ਅਮਲੇ ਵਲੋਂ ਹੂ ਜਿੰਤਾਓ ਨੂੰ ਕਮਿਊਨਿਸਟ ਪਾਰਟੀ ਦੇ ਸੰਮੇਲਨ 'ਚੋਂ ਜਬਰੀ ਬਾਹਰ ਲਿਜਾਇਆ ਗਿਆ ਤਾਂ ਇਹ ਦੇਖ ਕੇ ਪੂਰੀ ਦੁਨੀਆ ਨੂੰ ਸਦਮਾ ਲੱਗਿਆ ਸੀ। ਸੁਧਾਰਵਾਦੀ ਪ੍ਰਧਾਨ ਮੰਤਰੀ ਲੀ ਕਿਚਿਆਂਗ ਦਾ ਕਾਰਜਕਾਲ ਪੂਰਾ ਹੋਣ 'ਤੇ ਉਨ੍ਹਾਂ ਦੀ ਥਾਂ ਸ਼ੀ ਦੇ ਚਹੇਤੇ ਲੀ ਕਿਆਂਗ ਨੂੰ ਨਿਯੁਕਤ ਕੀਤਾ ਗਿਆ ਹੈ। ਇਵੇਂ ਜਾਪਦਾ ਹੈ ਕਿ ਸ਼ੀ ਜਿਨਪਿੰਗ ਭਾਰਤ ਬਾਰੇ ਆਪਣੀਆਂ ਮੌਜੂਦਾ ਨੀਤੀਆਂ 'ਤੇ ਪਹਿਰਾ ਦਿੰਦੇ ਰਹਿਣਗੇ। ਲਦਾਖ ਅਤੇ ਅਰੁਣਾਚਲ ਪ੍ਰਦੇਸ਼ ਵਿਚ ਚੀਨ ਵਲੋਂ ਭਾਰਤੀ ਖੇਤਰਾਂ ਨੂੰ 'ਛੋਟੇ ਛੋਟੇ ਟੁਕੜੇ ਕਰ ਕੇ ਹੜੱਪਣ' ਦੀ ਸੋਚੀ ਵਿਚਾਰੀ ਮੁਹਿੰਮ ਜਾਰੀ ਰਹਿਣ ਦੇ ਆਸਾਰ ਹਨ। ਭਾਰਤ ਨੇ ਹਾਲਾਂਕਿ ਪਿਛਲੇ ਦੋ ਦਹਾਕਿਆਂ ਦੌਰਾਨ ਚੀਨ ਨਾਲ ਲਗਦੇ ਆਪਣੇ ਸਰਹੱਦੀ ਇਲਾਕਿਆਂ ਅੰਦਰ ਸੜਕੀ ਸੰਪਰਕ ਵਿਚ ਸੁਧਾਰ ਲਿਆਉਣ ਲਈ ਕਾਫ਼ੀ ਉੱਦਮ ਕੀਤੇ ਹਨ ਪਰ ਇਸ ਮਾਮਲੇ ਵਿਚ ਅਜੇ ਵੀ ਬਹੁਤ ਕੁਝ ਕੀਤੇ ਜਾਣ ਦੀ ਲੋੜ ਹੈ। ਅਹਿਮ ਗੱਲ ਇਹ ਦੇਖਣਾ ਬਾਕੀ ਹੈ ਕਿ ਰਾਸ਼ਟਰਪਤੀ ਸ਼ੀ ਜਿਨਪਿੰਗ ਅਗਲੇ ਸਾਲ ਭਾਰਤ ਵਿਚ ਕਰਵਾਏ ਜਾਣ ਵਾਲੇ ਜੀ20 ਸਿਖਰ ਸੰਮੇਲਨ ਵਿਚ ਹਿੱਸਾ ਲੈਣਗੇ ਜਾਂ ਨਹੀਂ। ਜ਼ਾਹਿਰ ਹੈ ਕਿ ਨਵੀਂ ਦਿੱਲੀ ਪਿਛਲੇ ਕਾਫ਼ੀ ਸਮੇਂ ਤੋਂ ਤਾਇਵਾਨ ਨਾਲ ਆਪਣੇ ਕਾਰੋਬਾਰੀ ਸੰਬੰਧ ਮਜ਼ਬੂਤ ਬਣਾਉਣ ਤੋਂ ਜਾਣਬੁੱਝ ਕੇ ਟਾਲਾ ਵੱਟ ਰਹੀ ਸੀ। ਪਿਛਲੇ ਦੋ ਦਹਾਕਿਆਂ ਤੋਂ ਇਹ ਵੀ ਸਾਫ਼ ਹੋ ਗਿਆ ਹੈ ਕਿ ਜੇ ਭਾਰਤ ਨੇ ਆਧੁਨਿਕ ਸਨਅਤੀ ਪੈਦਾਵਾਰ ਦੀ ਧੁਰੀ ਬਣਨਾ ਹੈ ਤਾਂ ਇਸ ਨੂੰ ਜਪਾਨ ਅਤੇ ਦੱਖਣੀ ਕੋਰੀਆ ਵਾਂਗ ਮਜ਼ਬੂਤ ਇਲੈਕਟ੍ਰੌਨਿਕਸ ਸਨਅਤ ਵਿਕਸਤ ਕਰਨ ਦੀ ਲੋੜ ਹੈ। ਭਾਰਤ ਨੂੰ ਆਪਣੀ ਇਲੈਕਟ੍ਰੌਨਿਕਸ ਸਨਅਤ ਦਾ ਭਰੋਸੇਮੰਦ ਆਧਾਰ ਤਿਆਰ ਕਰਨ ਦੀ ਜ਼ਰੂਰਤ ਹੈ ਤਾਂ ਕਿ ਜਪਾਨ ਤੇ ਦੱਖਣੀ ਕੋਰੀਆ ਦੀ ਤਰ੍ਹਾਂ ਸੈਮੀ ਕੰਡਕਟਰ ਤੇ ਕੰਪਿਊਟਰ ਚਿਪਾਂ ਦੇ ਡਿਜ਼ਾਈਨ, ਵਿਕਾਸ ਤੇ ਉਤਪਾਦਨ ਦੀ ਧੁਰੀ ਬਣਿਆ ਜਾ ਸਕੇ। ਬਹਰਹਾਲ, ਹੁਣ ਮੋਦੀ ਸਰਕਾਰ ਨੇ ਚੀਨ ਦੇ ਪ੍ਰਤੀਕਰਮ ਦੀ ਪ੍ਰਵਾਹ ਕਰੇ ਬਗੈਰ ਭਾਰਤ ਦੀ ਆਧੁਨਿਕ ਇਲੈਕਟ੍ਰੌਨਿਕਸ ਸਨਅਤ ਦੇ ਨਿਰਮਾਣ ਲਈ ਤਾਇਵਾਨ ਨਾਲ ਸਹਿਯੋਗ ਕਰਨ ਦਾ ਫ਼ੈਸਲਾ ਕੀਤਾ ਹੈ। ਤਾਇਵਾਨ ਨਾਲ ਵੱਡੇ ਪੱਧਰ 'ਤੇ ਸਨਅਤੀ ਸਹਿਯੋਗ ਪ੍ਰਤੀ ਚੀਨ ਦੀ ਨਾਖੁਸ਼ੀ ਦੇ ਸਰੋਕਾਰਾਂ ਨੂੰ ਛੱਡਦਿਆਂ ਭਾਰਤ ਨੇ ਹੁਣ ਰਸਮੀ ਤੌਰ 'ਤੇ ਐਲਾਨ ਕੀਤਾ ਹੈ ਕਿ ਵੇਦਾਂਤਾ ਗਰੁਪ ਆਫ ਇੰਡਸਟ੍ਰੀਜ਼ ਜਲਦੀ ਹੀ ਗੁਜਰਾਤ ਵਿਚ ਸੈਮੀ ਕੰਡਕਟਰ ਸਨਅਤ ਦਾ ਨੀਂਹ ਪੱਥਰ ਰੱਖੇਗਾ ਜਿਸ ਦੀ ਸ਼ੁਰੂਆਤੀ ਲਾਗਤ 20 ਅਰਬ ਡਾਲਰ ਹੋਵੇਗੀ। ਵੇਦਾਂਤਾ ਰਿਸੋਰਸਜ਼ ਨੇ ਤਾਇਵਾਨ ਦੀ ਦੂਰ-ਸੰਚਾਰ ਕੰਪਨੀ ਫੌਕਸਕੌਨ ਨਾਲ ਸਾਂਝ ਭਿਆਲੀ ਪਾ ਕੇ ਸੰਕੇਤ ਦਿੱਤਾ ਹੈ ਕਿ ਇਸ ਸਾਲ ਦੇ ਅੰਤ ਤੱਕ ਗੁਜਰਾਤ ਵਿਚ ਨਿਰਮਾਣ ਕਾਰਜ ਸ਼ੁਰੂ ਹੋ ਜਾਵੇਗਾ ਤੇ 2024 ਤੋਂ ਉਤਪਾਦਨ ਪ੍ਰਕਿਰਿਆ ਸ਼ੁਰੂ ਹੋ ਜਾਵੇਗੀ। ਇਸ ਨਾਲ ਦੇਸ਼ ਭਰ ਵਿਚ ਭਾਰਤ ਦੀ ਇਲੈਕਟ੍ਰੌਨਿਕਸ ਸਨਅਤ ਦਾ ਪਸਾਰ ਕਰਨ ਵਿਚ ਮਦਦ ਮਿਲੇਗੀ। ਮਹਾਰਾਸ਼ਟਰ ਤੇ ਆਂਧਰਾ ਪ੍ਰਦੇਸ਼ ਜਿਹੇ ਸੂਬਿਆਂ ਅੰਦਰ ਇਲੈਕਟ੍ਰੌਨਿਕਸ ਸਨਅਤਾਂ ਦੇ ਵਿਸ਼ੇਸ਼ ਕਲੱਸਟਰ ਸਥਾਪਤ ਕਰਨ ਵਿਚ ਰੁਚੀ ਦਿਖਾਈ ਜਾ ਰਹੀ ਹੈ। ਇਲੈਕਟ੍ਰੌਨਿਕਸ ਸਨਅਤ ਨਾਲ ਸੁਭਾਵਿਕ ਤੌਰ 'ਤੇ ਭਾਰਤ ਦੀ ਧੜੱਲੇ ਨਾਲ ਚੱਲ ਰਹੀ ਸੂਚਨਾ ਤਕਨਾਲੋਜੀ ਸਨਅਤ ਨੂੰ ਹੋਰ ਹੁਲਾਰਾ ਮਿਲੇਗਾ। ਨਵੀਂ ਦਿੱਲੀ ਨੂੰ ਇਹ ਦੇਖਣ ਦੀ ਲੋੜ ਹੈ ਕਿ ਇਲੈਕਟ੍ਰੌਨਿਕਸ ਸਨਅਤ ਦਾ ਦੇਸ਼ ਭਰ ਵਿਚ ਸਾਵਾਂ ਪਸਾਰ ਤੇ ਵਿਕਾਸ ਹੋ ਸਕੇ।

ਇਹ ਗੱਲ ਨੋਟ ਕਰਨ ਵਾਲੀ ਹੈ ਕਿ ਭੂ-ਰਾਜਸੀ ਤੌਰ 'ਤੇ ਚੀਨ ਆਲਮੀ ਪੱਧਰ 'ਤੇ ਇਲੈਕਟ੍ਰੌਨਿਕਸ ਸਨਅਤ ਦਾ ਇਕਮਾਤਰ ਭਾਈਵਾਲ ਨਹੀਂ ਰਹਿ ਗਿਆ। ਐਪਲ ਆਪਣੇ ਆਈਫੋਨਾਂ ਦਾ ਉਤਪਾਦਨ ਚੀਨ ਤੋਂ ਭਾਰਤ ਵਿਚ ਤਬਦੀਲ ਕਰਨ ਦੀ ਪ੍ਰਕਿਰਿਆ ਵਿਚ ਹੈ। ਇਸ ਤੋਂ ਇਲਾਵਾ ਇਹ ਆਈਪੈਡ ਅਤੇ ਹੋਮਪੌਡ ਜਿਹੇ ਮਿਨੀ ਡਿਵਾਈਸ ਦਾ ਉਤਪਾਦਨ ਵੀ ਤਬਦੀਲ ਕਰ ਕੇ ਵੀਅਤਨਾਮ ਲਿਜਾਨ ਦੇ ਆਹਰ ਵਿਚ ਹੈ। ਚੀਨ ਹੁਣ ਅਮਰੀਕੀ ਕਾਰੋਬਾਰ ਦਾ ਪ੍ਰਮੁੱਖ ਟਿਕਾਣਾ ਨਹੀਂ ਰਹਿ ਗਿਆ ਜੋ 1978 ਤੋਂ ਲੈ ਕੇ ਸੀ। ਇਸ ਸੰਬੰਧ ਵਿਚ ਬਹੁਤਾ ਕੁਝ ਇਸ ਗੱਲ 'ਤੇ ਨਿਰਭਰ ਕਰੇਗਾ ਕਿ ਉਚ ਤਕਨੀਕੀ ਸਨਅਤਾਂ ਬਾਰੇ ਅਮਰੀਕਾ ਦੀਆਂ ਨੀਤੀਆਂ 'ਤੇ ਭਾਰਤ ਵਿਚ ਕਿਵੇਂ ਅਮਲ ਹੁੰਦਾ ਹੈ। ਇਹ ਦੇਖਣਾ ਵੀ ਬਾਕੀ ਹੈ ਕਿ ਸ਼ੀ ਜਿਨਪਿੰਗ ਕਰੋਨਾ ਵਾਇਰਸ ਦੇ ਕਹਿਰ ਦਾ ਸਾਹਮਣਾ ਕਰ ਰਹੇ ਚੀਨ ਨੂੰ ਸੰਕਟ ਵਿਚੋਂ ਬਾਹਰ ਕੱਢਣ ਵਿਚ ਕਿਵੇਂ ਕਾਮਯਾਬ ਹੁੰਦੇ ਹਨ।

## ਅੰਗੀਠੀ ਦੀ ਜਹਿਰੀਲੀ ਗੈਸ ਨਾਲ ਪ੍ਰੇਮੀ ਜੋੜੇ ਦੀ ਮੌਤ, ਅਧਨੰਗੀ ਹਾਲਤ 'ਚ ਮਿਲੀਆਂ ਦੋਵਾਂ ਦੀਆਂ ਅਧਸੜੀਆਂ ਲਾਸ਼ਾਂ



ਸ੍ਰੀ ਮਾਛੀਵਾੜਾ ਸਾਹਿਬ , (ਪੱਤਰ ਪ੍ਰੇਰਕ)–ਬਲਾਕ ਦੇ ਪਿੰਡ ਝਾੜ ਸਾਹਿਬ ਦੇ ਨੇੜੇ ਬਣੇ ਇੱਕ ਫਾਰਮ ਹਾਊਸ ਵਿੱਚ ਮਜਦੂਰੀ ਕਰਦੇ ਇੱਕ ਵਿਅਕਤੀ ਤੇ ਉਸਦੀ ਔਰਤ ਸਾਥੀ ਦਾ ਅਧਨੰਗੀ ਸਥਿਤੀ ਵਿੱਚ ਜਲੀ ਸੜੀ ਹੋਈ ਹਾਲਤ ਵਿੱਚ ਲਾਸਾਂ ਮਿਲੀਆਂ। ਸੂਚਨਾ ਮਿਲਣ 'ਤੇ ਪਹੁੰਚੀ ਮਾਛੀਵਾੜਾ ਪੁਲਿਸ ਨੇ ਘਟਨਾ ਵਾਲੇ ਕਮਰੇ ਦੇ ਸ਼ੀਸ਼ੇ ਵਾਲੇ ਦਰਵਾਜੇ ਨੂੰ ਤੋੜ ਕੇ ਦੋਵੇ ਲਾਸਾਂ ਨੂੰ ਬਾਹਰ ਕੱਢਿਆ ।ਘਟਨਾ ਸਬੰਧੀ ਥਾਣਾ ਮੁੱਖੀ ਦਵਿੰਦਰਪਾਲ ਸਿੰਘ ਨੇ ਦੱਸਿਆ ਕਿ ਠੰਢ ਦੇ ਚਲਦਿਆਂ ਬੰਦ ਕਮਰੇ ਦੇ ਅੰਦਰ ਬਾਲੀ ਅੰਗੀਠੀ ਦੀ ਗੈਸ ਦੇ ਨਾਲ ਹਾਦਸਾ ਹੋਇਆ ਹੈ। ਇੱਕਠੀ ਕੀਤੀ ਜਾਣਕਾਰੀ ਮੁਤਾਬਿਕ ਫਾਰਮ ਹਾਊਸ ਵਿੱਚ ਚੌਕੀਦਾਰੀ ਕਰਦੇ ਕਰੀਬ 50 ਸਾਲਾਂ ਜਸਵੀਰ ਸਿੰਘ ਵਾਸੀ ਬਹਿਲੋਲਪੁਰ ਫਾਰਮ ਹਾਊਸ ਦੇ ਇੱਕ ਕਮਰੇ ਵਿੱਚ ਹੀ ਰਹਿੰਦਾ ਸੀ। ਕੱਲ ਰਾਤ ਉਹ ਆਪਣੀ ਮਿੱਤਰ ਔਰਤ ਨਾਲ ਕਮਰੇ ਵਿੱਚ ਕੋਲਿਆਂ ਦੀ ਅੰਗੀਠੀ ਬਾਲ ਕੇ ਸੌਂ ਗਿਆ।ਅੰਗੀਠੀ ਚੋਂ ਨਿਕਲੀ ਗੈਸ ਨਾਲ ਹੀ ਦੋਵਾਂ ਦੀ ਮੌਤ ਹੋ ਗਈ। ਪਹਿਲੀ ਜਾਂਚ ਉਪਰੰਤ ਥਾਣਾ ਮੁੱਖੀ ਨੇ ਦੱਸਿਆ ਕਿ ਸੰਭਾਵਨਾ ਹੈ ਕਿ ਗੈਸ ਚੜ੍ਹਨ ਕਾਰਨ ਮੰਜੇ ਤੋਂ ਥੱਲੇ ਡਿੱਗੀ ਔਰਤ ਦਾ ਕੰਬਲ ਅੰਗੀਠੀ ਉਪਰ ਡਿਗਣ ਨਾਲ ਲੱਗੀ ਅੱਗ ਨਾਲ ਦੋਵੇਂ ਦੇ ਸਰੀਰ ਦੇ ਥੱਲੜੇ ਹਿੱਸੇ ਝੁਲਸ ਗਏ। ਪੁਲਿਸ ਨੇ ਦੋਵੇਂ ਲਾਸ਼ਾਂ ਨੂੰ ਪੋਸਟ ਮਾਰਟਮ ਦੇ ਲਈ ਸਮਰਾਲਾ ਵਿਖੇ ਭੇਜ ਦਿੱਤਾ ਹੈ। ਫਾਰਮ ਹਾਊਸ ਦੇ ਮਾਲਕ ਨਾਇਬ ਸਿੰਘ ਨੇ ਦੱਸਿਆ ਕਿ ਮ੍ਰਿਤਕ ਕਰੀਬ 2-3 ਮਹੀਨੇ ਤੋਂ ਨੌਕਰੀ 'ਤੇ ਲੱਗਾ ਸੀ ।ਇਸ ਤੋਂ ਪਹਿਲਾਂ ਫਾਰਮ ਹਾਊਸ ਤੇ ਹੀ ਠੇਕੇਦਾਰੀ ਸਿਸਟਮ ਨਾਲ ਦਿਹਾੜੀ ਕਰਦਾ ਸੀ। ਸੂਤਰਾਂ ਦੇ ਮੁਤਾਬਿਕ ਮ੍ਰਿਤਕ ਜਸਵੀਰ ਸਿੰਘ ਦੇ ਮ੍ਰਿਤਕਾ ਦੇ ਨਾਲ ਕਾਫੀ ਲੰਬੇ ਸਮੇ ਤੋਂ ਸਬੰਧ ਸਨ।

**ਮ੍ਰਿਤਕ ਜਸਵੀਰ ਦੇ ਪਰਿਵਾਰ ਨੇ ਲਗਾਏ ਦੋਸ਼**

ਮ੍ਰਿਤਕ ਜਸਵੀਰ ਸਿੰਘ ਦੇ ਪਰਿਵਾਰ ਵਾਲਿਆਂ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਉਸ ਦੇ ਪਿਤਾ ਦਾ ਕਤਲ ਕੀਤਾ ਗਿਆ ਹੈ। ਉਸ ਨੇ ਦੱਸਿਆ ਕਿ ਇਸ ਫਾਰਮ ਹਾਊਸ ਵਿੱਚ ਬਹੁਤ ਗਲਤ ਕੰਮ ਕੀਤੇ ਜਾਂਦੇ ਹਨ। ਉਨ੍ਹਾਂ ਪੁਲਿਸ ਤੋਂ ਮੰਗ ਕਰਦਿਆਂ ਕਿਹਾ ਕਿ ਇਸ ਸਾਰੇ ਮਾਮਲੇ ਦੀ ਉੱਚ ਪੱਧਰੀ ਜਾਂਚ ਹੋਣੀ ਚਾਹੀਦੀ ਹੈ। ਮਾਲਕ ਨਾਇਬ ਸਿੰਘ ਨੇ ਸਾਰੇ ਦੋਸ਼ਾਂ ਨੂੰ ਨਕਾਰਦੇ ਕਿਹਾ ਕਿ ਪੁਲਿਸ ਜਸਵੀਰ ਸਿੰਘ ਦੀ ਤੇ ਦੂਜੀ ਔਰਤ ਦੀ ਮੌਤ ਦੀ ਜਾਂਚ ਨਿਰਪੱਖ ਢੰਗ ਨਾਲ ਕਰੇ ਤਾਂ ਪੋਸਟ ਮਾਰਟਮ ਦੀ ਰਿਪੋਰਟ ਵਿੱਚ ਸਭ ਕੁਝ ਸਾਹਮਣੇ ਆ ਜਾਵੇਗਾ।

## ਸਾਈ ਸੁਰਿੰਦਰ ਸਾਹ ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ ਵਿਖੇ ਹੋਏ ਨਤਮਸਤਕ

ਫਤਹਿਗੜ੍ਹ ਸਾਹਿਬ, (ਪੱਤਰ ਪ੍ਰੇਰਕ)– ਸਰਬੰਸਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜਾਦਿਆਂ ਬਾਬਾ ਜੋਰਾਵਰ ਸਿੰਘ, ਬਾਬਾ ਫਤਹਿ ਸਿੰਘ ਤੇ ਮਾਤਾ ਗੁਜਰੀ ਜੀ ਦੀ ਲਾਸਾਨੀ ਕੁਰਬਾਨੀ ਮੌਕੇ ਭਰਨ ਵਾਲੀ ਸਹੀਦੀ ਸਭਾ ਦੌਰਾਨ ਪਿੰਡ ਬਾਕਰਪੁਰ ਵਾਲੇ ਸਾਈ ਸੁਰਿੰਦਰ ਸਾਹ ਆਪਣੇ ਕਾਫਲੇ ਸਮੇਤ ਪੈਦਲ ਮਾਰਚ ਕਰ ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ ਵਿਖੇ ਨਤਮਸਤਕ ਹੋਣ ਲਈ ਪਹੁੰਚੇ . ਜਾਣਕਾਰੀ ਦਿੰਦਿਆਂ ਗੁਰਸਤਿੰਦਰ ਸਿੰਘ ਜੱਲ੍ਹਾ ਤੇ ਪਰਵਿੰਦਰ ਸਿੰਘ ਸੌਂਢਾ ਨੇ ਦੱਸਿਆ ਕਿ ਸਾਈ ਸੁਰਿੰਦਰ ਸਾਹ ਮੋਹਾਲੀ ਜਿਲ੍ਹੇ 'ਚ ਪੈਂਦੇ ਪਿੰਡ ਬਾਕਰਪੁਰ ਤੋਂ ਸੰਗਤਾਂ ਸਮੇਤ ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ ਵਿਖੇ ਨਤਮਸਤਕ ਹੋਣ ਲਈ ਆਏ ਹਨ .

ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਾਈ ਨੇ ਆਖਿਆ ਕਿ ਲੋਕ ਗੁਰੂਆਂ ਦੇ ਦੱਸੇ ਪੂਰਨਿਆਂ 'ਤੇ ਚੱਲਣ ਤਾਂ ਜੋ ਵਧੀਆ ਸਮਾਜ ਦੀ ਸਿਰਜਣਾ ਕੀਤੀ ਜਾ ਸਕੇ ਤੇ ਨੌਜਵਾਨ ਪੀੜ੍ਹੀ ਨੂੰ ਗੁਰੂਆਂ ਦੇ ਲੇਖੇ ਲਗਾਇਆ ਜਾ ਸਕੇ .

## ਡਾ. ਬਲੱਗਣ ਸਮਾਜਵਾਦੀ ਪਾਰਟੀ ਦੇ ਸੂਬਾ ਪ੍ਰਧਾਨ ਨਿਯੁਕਤ

ਸਮਰਾਲਾ , (ਪੱਤਰ ਪ੍ਰੇਰਕ)– ਸਮਾਜਵਾਦੀ ਪਾਰਟੀ ਦੇ ਕੌਮੀ ਪ੍ਰਧਾਨ ਅਖਿਲੇਸ਼ ਯਾਦਵ ਵੱਲੋਂ ਡਾ. ਸੋਹਣ ਲਾਲ ਬਲੱਗਣ ਨੂੰ ਦੀਆਂ ਪਾਰਟੀ ਪ੍ਰਤੀ ਵਧੀਆ ਸੇਵਾਵਾਂ ਨੂੰ ਵੇਖਦੇ ਹੋਏ, ਉਨ੍ਹਾਂ ਨੂੰ ਸਮਾਜਵਾਦੀ ਪਾਰਟੀ ਦਾ ਸੂਬਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਇਸ ਸਬੰਧੀ ਪਾਰਟੀ ਦੇ ਕੌਮੀ ਪ੍ਰਧਾਨ ਅਖਿਲੇਸ਼ ਯਾਦਵ ਵੱਲੋਂ ਡਾ. ਬਲੱਗਣ ਨੂੰ ਇਸ ਅਹੁਦੇ ਦਾ ਨਿਯੁਕਤੀ ਪੱਤਰ ਜਾਰੀ ਕਰਕੇ ਸਮੁੱਚੇ ਪੰਜਾਬ 'ਚ ਪਾਰਟੀ ਦਾ ਆਧਾਰ ਮਜ਼ਬੂਤ ਕਰਨ ਦੀ ਵੱਡੀ ਜ਼ਿੰਮੇਵਾਰੀ ਸੌਂਪੀ ਗਈ ਹੈ। ਡਾ. ਸੋਹਣ ਲਾਲ ਬਲੱਗਣ ਨੇ ਇਸ ਅਹੁਦੇ ਲਈ ਸਮੁੱਚੀ ਹਾਈਕਮਾਨ ਦਾ ਧੰਨਵਾਦ ਕਰਦਿਆਂ ਉਨ੍ਹਾਂ ਨੂੰ ਭਰੋਸਾ ਦਿਵਾਇਆ ਕਿ ਉਹ ਲੋਕਾਂ ਨੂੰ ਪਾਰਟੀ ਦੀਆਂ ਸਾਰਥਕ ਨੀਤੀਆਂ ਤੋਂ ਜਾਗਰੂਕ ਕਰਕੇ ਸੂਬੇ 'ਚ ਪਾਰਟੀ ਦੀ ਸਾਖ਼ ਨੂੰ ਜ਼ਮੀਨੀ ਪੱਧਰ ਤਕ ਹੋਰ ਵੀ ਮਜ਼ਬੂਤ ਕਰਨਗੇ ਤੇ ਸਮਾਜ ਦੇ ਹਰੇਕ ਵਰਗ ਦੇ ਹੱਕਾਂ ਦੀ ਰਾਖੀ ਲਈ ਪੂਰੀ ਡਟਵੀਂ ਹਮਾਇਤ ਕਰਕੇ ਆਪਣੀ ਲੋਕ ਸੇਵਾ ਦੀ ਮੁਹਿੰਮ ਨੂੰ ਇਸੇ ਤਰ੍ਹਾਂ ਜਾਰੀ ਰੱਖਣਗੇ।



## ਪਿੰਡਾਂ ਦੀਆਂ ਦੁਕਾਨਾਂ 'ਤੇ ਤੰਬਾਕੂ ਉਤਪਾਦ ਵੇਚਣ ਦੀ ਪਾਬੰਦੀ

ਮੰਡੀ ਅਹਿਮਦਗੜ੍ਹ, (ਪੱਤਰ ਪ੍ਰੇਰਕ)– ਲੁਧਿਆਣਾ ਅਤੇ ਮਾਲੇਰਕੋਟਲਾ ਜਿਲ੍ਹਿਆਂ ਅਧੀਨ ਪੈਂਦੇ ਇਸ ਇਲਾਕੇ ਤੋਂ ਨੌਜਵਾਨਾਂ ਅਤੇ ਬੱਚਿਆਂ ਨੂੰ ਤੰਬਾਕੂ ਪਦਾਰਥਾਂ ਦੇ ਮਾੜੇ ਪ੍ਰਭਾਵਾਂ ਤੋਂ ਬਚਾਉਣ ਲਈ ਮੁਹਿੰਮ ਸ਼ੁਰੂ ਕੀਤੀ ਗਈ ਹੈ ਜਿਸ ਦੌਰਾਨ ਕੁੱਝ ਪਿੰਡਾਂ ਦੀਆਂ ਪੰਚਾਇਤਾਂ ਅਤੇ ਸਮਾਜਿਕ ਸੰਸਥਾਵਾਂ ਨੇ ਤੰਬਾਕੂ ਵਾਲੀਆਂ ਵਸਤਾਂ ਵੇਚਨ 'ਤੇ ਪਾਬੰਦੀਆਂ ਲਾਈਆਂ ਹਨ। ਅਹਿਮਦਗੜ੍ਹ ਬਲਾਕ ਅਧੀਨ ਪੈਂਦੇ ਪਿੰਡ ਫਰਵਾਲੀ ਦੇ ਸਰਪੰਚ ਗੁਰਮੁੱਖ ਸਿੰਘ ਗਰੇਵਾਲ ਦੀ ਅਗਵਾਈ ਵਿੱਚ ਮੁਹਿੰਮ ਚਲਾ ਰਹੇ ਲਾਗਲੇ ਪਿੰਡਾਂ ਦੇ ਨੌਜਵਾਨ ਆਗੂਆਂ ਨੇ ਦੱਸਿਆ ਕਿ ਉਨ੍ਹਾਂ ਨੇ ਆਪਣੇ ਆਪਣੇ ਇਲਾਕੇ ਦੀਆਂ ਪੰਚਾਇਤਾਂ, ਗੁਰਦੁਆਰਾ ਪ੍ਰਬਧਕ ਕਮੇਟੀਆਂ, ਨੌਜਵਾਨ ਸਭਾਵਾਂ ਅਤੇ ਖੇਡ ਕਲੱਬਾਂ ਨਾਲ ਤਾਲਮੇਲ ਕਰਕੇ ਇਸ ਫੈਸਲਾ ਕੀਤਾ ਹੈ ਕਿ ਨਵੇਂ ਸਾਲ ਤੋਂ ਪਿੰਡਾਂ ਵਿੱਚ ਚੱਲਦੀਆਂ ਰਾਸ਼ਨ ਆਦਿ ਦੀਆਂ ਦੁਕਾਨਾਂ ਤੋਂ ਸਿਗਰਟਾਂ, ਤੰਬਾਕੂ ਆਦਿ ਨਹੀਂ ਵੇਚਣ ਦਿੱਤਾ ਜਾਵੇਗਾ। ਇਸੇ ਤਰ੍ਹਾਂ ਪਿੰਡ ਦੀਆਂ ਸੱਥਾਂ, ਬਸ ਸਟੈਂਡਾਂ, ਬੈਂਕਾਂ, ਸਕੂਲਾਂ ਅਤੇ ਹੋਰਨਾਂ ਸਾਂਝੀਆਂ ਥਾਵਾਂ 'ਤੇ ਇਨ੍ਹਾਂ ਮਾਦਕ ਪਦਾਰਥਾਂ ਦਾ ਸੇਵਨ ਕਰਨ ਵਾਲਿਆਂ ਵਿਰੁੱਧ ਕਾਨੂੰਨੀ ਕਾਰਵਾਈ ਵੀ ਕਰਵਾਈ ਜਾਵੇਗੀ। ਆਗੂਆਂ ਨੇ ਦੱਸਿਆ ਕਿ 10 ਜਨਵਰੀ 2023 ਤੋਂ ਲਾਗੂ ਹੋਣ ਵਾਲੇ ਇਸ ਫੈਸਲੇ ਦੀ ਉਲੰਘਣਾ ਕਰਨ ਵਾਲੇ ਦੁਕਾਨਦਾਰ ਨੂੰ 5000 ਰੁਪਏ ਜੁਰਮਾਨਾ ਕੀਤਾ ਜਾਵੇਗਾ ਅਤੇ 10 ਦਿਨ ਤੱਕ ਦੁਕਾਨ ਬੰਦ ਰੱਖੀ ਜਾਵੇਗੀ। ਸਰਪੰਚ ਗੁਰਮੁਖ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੂੰ ਇਹ ਕਦਮ ਉਠਾਉਣ ਲਈ ਪ੍ਰੇਰਨਾ ਸੰਗਰੂਰ ਜਿਲ੍ਹੇ ਦੇ ਝਾੜੋਂ ਤੇ ਤੋਗਾਵਾਲ ਪਿੰਡਾਂ ਦੀਆਂ ਪੰਚਾਇਤਾਂ ਵੱਲੋਂ ਕੀਤੇ ਫੈਸਲਿਆਂ ਬਾਰੇ ਵਾਇਰਲ ਵੀਡੀਓ ਦੇਖ ਕੇ ਮਿਲੀ ਹੈ।



ਢਾਬੇ 'ਤੇ "ਸਿਗਰਟਨੋਸ਼ੀ ਮਨ੍ਹਾ" ਦਾ ਬੋਰਡ ਲਾਇਆ ਇੱਕ ਨਿਵੇਕਲਾ ਕਦਮ ਲੁਧਿਆਣਾ–ਮਾਲੇਰਕੋਟਲਾ ਰੋਡ ਉੱਪਰ ਸਥਿਤ ਢਾਬਿਆਂ 'ਤੇ "ਸਿਗਰਟਨੋਸ਼ੀ ਦੀ ਇਜਾਜਤ ਨਹੀਂ" ਹੋਣ ਸਬੰਧੀ ਨੋਟਿਸ ਲਾ ਕੇ ਚੁੱਕਿਆ ਗਿਆ ਹੈ। ਪੋਹੀੜ ਪਿੰਡ ਦੀ ਹੱਦ ਵਿੱਚ ਚੱਲ ਰਹੇ ਲਕਸ਼ਮੀ ਢਾਬੇ ਦੇ ਮਾਲਕ ਨੇ ਦਾਅਵਾ ਕੀਤਾ ਕਿ ਜਦੋਂ ਦਾ ਉਸ ਨੇ ਸਿਗਰਟ ਅਤੇ ਤੰਬਾਕੂ ਪਦਾਰਥ ਦੇ ਰੇਟ ਬਾਜ਼ਾਰ ਨਾਲੋਂ ਵੱਧ ਹੋਣ ਦਾ ਨੋਟਿਸ ਲਾਇਆ ਹੈ ਉਦੋਂ ਦਾ ਕੋਈ ਗਾਹਕ ਉਸ ਕੋਲੋਂ ਇਨ੍ਹਾਂ ਨਸ਼ੀਲੇ ਪਦਾਰਥਾਂ ਦੀ ਮੰਗ ਨਹੀਂ ਕਰਦਾ।

## ਗੁਰੂ ਗੋਬਿੰਦ ਸਿੰਘ ਦੇ ਪ੍ਰਕਾਸ਼ ਪੁਰਬ ਮੌਕੇ ਗੁਰਦੁਆਰਿਆਂ 'ਚ ਗੁਰਮਤਿ ਸਮਾਗਮ

ਲੁਧਿਆਣਾ, (ਪੱਤਰ ਪ੍ਰੇਰਕ)– ਦਸ਼ਮੇਸ਼ ਪਿਤਾ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਪੁਰਬ ਵੱਖ-ਵੱਖ ਗੁਰਦੁਆਰਿਆਂ ਵਿੱਚ ਸ਼ਰਧਾ ਅਤੇ ਸਤਿਕਾਰ ਨਾਲ ਮਨਾਇਆ ਗਿਆ ਜਿਸ ਵਿੱਚ ਠੰਡ ਦੇ ਬਾਵਜੂਦ ਭਾਰੀ ਗਿਣਤੀ 'ਚ ਸੰਗਤ ਨੇ ਸ਼ਮੂਲੀਅਤ ਕਰਕੇ ਗੁਰੂ ਜੱਸ ਸਰਵਣ ਕੀਤਾ।



ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਮਾਡਲ ਟਾਊਨ ਐਕਸਟੈਂਸ਼ਨ ਵਿੱਖੇ ਹੋਏ ਸਮਾਗਮ ਵਿੱਚ ਹਜ਼ੂਰੀ ਰਾਗੀ ਜੱਥਿਆਂ ਤੋਂ ਇਲਾਵਾ ਪੰਥ ਪ੍ਰਸਿੱਧ ਕੀਰਤਨੀਏ ਭਾਈ ਆਨੰਦ ਸਿੰਘ ਅਤੇ ਭਾਈ ਹਰਦੀਪ ਸਿੰਘ ਹਜ਼ੂਰੀ ਰਾਗੀ ਦਰਬਾਰ ਸਾਹਿਬ, ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ ਦੇ ਬੱਚਿਆਂ ਅਤੇ ਇਸਤਰੀ ਸਤਿਸੰਗ ਸਭਾਵਾਂ ਦੇ ਜੱਥਿਆਂ ਨੇ ਕੀਰਤਨ ਕੀਤਾ। ਮੁੱਖ ਸੇਵਾਦਾਰ ਇੰਦਰਜੀਤ ਸਿੰਘ ਮੱਕੜ ਨੇ ਜੱਥਿਆਂ ਨੂੰ ਸਨਮਾਨਿਤ ਕਰਦਿਆਂ ਸੰਗਤ ਦਾ ਧੰਨਵਾਦ ਕੀਤਾ। ਗੁਰਦੁਆਰਾ ਗੁਰ ਗਿਆਨ ਪ੍ਰਕਾਸ਼ ਜਵੱਦੀ ਟਕਸਾਲ ਵਿੱਖੇ ਹੋਏ ਸਮਾਗਮ ਦੌਰਾਨ ਬਾਬਾ ਅਮੀਰ ਸਿੰਘ ਨੇ ਜਿੱਥੇ ਸਮੂਹ ਸੰਗਤ ਨੂੰ ਪ੍ਰਕਾਸ਼ ਪੁਰਬ ਦੀ ਵਧਾਈ ਦਿੱਤੀ ਉੱਥੇ ਸੰਗਤ ਨੂੰ ਗੁਰੂ ਸਾਹਿਬ ਵੱਲੋ ਬਖਸ਼ੇ ਸਿਧਾਂਤਾਂ ਨੂੰ ਆਪਣੀ ਜਿੰਦਗੀ ਦਾ ਹਿੱਸਾ ਬਣਾਉਣ ਦੀ ਪ੍ਰੇਰਨਾ ਦਿੱਤੀ। ਇਸ ਤੋਂ ਪਹਿਲਾਂ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਤੇ ਆਰਤੀ ਉਪਰੰਤ ਜਵੱਦੀ ਟਕਸਾਲ ਦੇ ਵਿਦਿਆਰਥੀਆਂ ਨੇ ਵਿਰਾਸਤੀ ਤੰਤੀ ਸਾਜ਼ਾਂ ਰਾਹੀਂ ਨਿਰਧਾਰਿਤ ਰਾਗਾਂ ਵਿੱਚ ਗੁਰਬਾਣੀ ਦਾ ਕੀਰਤਨ ਕੀਤਾ। ਗੁਰਦੁਆਰਾ ਸ਼ਹੀਦਾਂ ਫ਼ੇਰੂਮਾਨ ਢੋਲੇਵਾਲ ਚੋਕ ਵਿੱਖੇ ਅੰਮ੍ਰਿਤ ਵੇਲੇ ਤੋਂ ਗੁਰਦੁਆਰਾ ਸਾਹਿਬ ਦੇ ਹਜ਼ੂਰੀ ਰਾਗੀ ਜੱਥਿਆਂ ਭਾਈ ਰਣਜੀਤ ਸਿੰਘ, ਭਾਈ ਪਰਮਵੀਰ ਸਿੰਘ, ਭਾਈ ਗੁਰਦੀਪ ਸਿੰਘ ਜੈਪੁਰ, ਭਾਈ ਹਰਪ੍ਰੀਤ ਸਿੰਘ ਖਾਲਸਾ ਤੋਂ ਇਲਾਵਾ ਭਾਈ ਅਮਰਦੀਪ ਸਿੰਘ ਗੁਰਦੁਆਰਾ ਸਬਜ਼ੀ ਮੰਡੀ, ਭਾਈ ਧਰਮਜੀਤ ਸਿੰਘ ਗੁਰਦੁਆਰਾ ਦੂਖ ਨਿਵਾਰਨ ਸਾਹਿਬ, ਬੀਬੀ ਪਰਮਿੰਦਰ ਕੌਰ ਖਾਲਸਾ ਵੱਲੋਂ ਕੀਰਤਨ ਦੀ ਸੇਵਾ ਨਿਭਾਈ ਗਈ। ਮੁੱਖ ਕਥਾ ਵਾਚਕ ਭਾਈ ਮਨਪ੍ਰੀਤ ਸਿੰਘ ਨੇ ਗੁਰਮਤਿ ਵਿਚਾਰ ਸਾਂਝੇ ਕੀਤੇ। ਮੁੱਖ ਸੇਵਾਦਾਰ ਐਡਵੋਕੇਟ ਬਲਵਿੰਦਰ ਸਿੰਘ ਲਾਇਲਪੁਰੀ ਨੇ ਸੰਗਤ ਨੂੰ ਪ੍ਰਕਾਸ਼ ਪੁਰਬ ਦੀ ਵਧਾਈ ਦਿੱਤੀ। ਗੁਰਦੁਆਰਾ ਸੰਤੋਖਸਰ ਸਾਹਿਬ, ਮਾਡਲ ਟਊਨ ਐਕਸਟੈਂਸ਼ਨ, ਡੀ-ਬਲਾਕ ਵਿੱਖੇ ਗੁਰਦੁਆਰਾ ਸਾਹਿਬ ਦੇ ਹਜ਼ੂਰੀ ਰਾਗੀ ਜਥਿਆਂ ਤੋਂ ਇਲਾਵਾ ਸ੍ਰੀ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਦੀਆਂ ਬੀਬੀਆਂ ਅਤੇ ਭਾਈ ਰਣਜੀਤ ਸਿੰਘ ਹਜ਼ੂਰੀ ਰਾਗੀ ਗੁਰਦੁਆਰਾ ਸ਼ਹੀਦਾਂ ਫ਼ੇਰੂਮਾਨ ਨੇ ਕੀਰਤਨ ਕੀਤਾ। ਮੁੱਖ ਸੇਵਾਦਾਰ ਮਨਜੀਤ ਸਿੰਘ ਆਨੰਦ ਨੇ ਸੰਗਤ ਨੂੰ ਪ੍ਰਕਾਸ਼ ਪੁਰਬ ਦੀ ਵਧਾਈ ਦਿੱਤੀ।

ਗੁਰਦੁਆਰਾ ਭਾਈ ਰਾਮ ਸਿੰਘ ਵਿਸ਼ਵਕਰਮਾ ਕਾਲੋਨੀ ਵਿਖੇ ਅੰਮ੍ਰਿਤ ਵੇਲੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਉਪਰੰਤ ਗੁਰਦੁਆਰਾ ਸਾਹਿਬ ਦੇ ਹਜ਼ੂਰੀ ਰਾਗੀ ਜੱਥਿਆਂ ਤੋਂ ਇਲਾਵਾ ਭਾਈ ਰਵਿੰਦਰ ਸਿੰਘ, ਭਾਈ ਲਖਵਿੰਦਰ ਸਿੰਘ, ਜਗਦੀਸ਼ ਸਿੰਘ ਚੰਦਨ ਦੇ ਢਾਡੀ ਜੱਥੇ ਵੱਲੋਂ ਢਾਡੀ ਵਾਰਾਂ ਦੀ ਸੇਵਾ ਨਿਭਾਈ ਗਈ। ਇਸ ਮੌਕੇ ਸਾਬਕਾ ਕੌਂਸਲਰ ਪਰਮਿੰਦਰ ਸਿੰਘ ਸੋਮਾ ਅਤੇ ਮੁੱਖ ਸੇਵਾਦਾਰ ਅਮਰਜੀਤ ਸਿੰਘ ਪਨੇਸਰ ਨੇ ਪ੍ਰਕਾਸ਼ ਪੁਰਬ ਦੀ ਵਧਾਈ ਦਿੱਤੀ।

ਲੁਧਿਆਣਾ (ਖੇਤਰੀ ਪ੍ਰਤੀਨਿਧ):ਇਸੇ ਦੌਰਾਨ ਡੀਏਵੀ ਪਬਲਿਕ ਸਕੂਲ ਪੱਖੋਵਾਲ ਰੋਡ ਵਿਖੇ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਪੁਰਬ ਸ਼ਰਧਾ ਨਾਲ ਮਨਾਇਆ ਗਿਆ।ਸਕੂਲ ਦੇ ਪ੍ਰਿੰਸੀਪਲ ਜਸਵੰਤ ਕੌਰ ਭੁੱਲਰ ਅਤੇ ਸਟਾਫ ਮੈਂਬਰਾਂ ਨੇ ਜਪੁਜੀ ਸਾਹਿਬ ਅਤੇ ਸੁਖਮਨੀ ਸਾਹਿਬ ਦਾ ਪਾਠ ਕੀਤਾ। ਇਸ ਤੋਂ ਉਪਰੰਤ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਅਤੇ ਪ੍ਰਸ਼ਾਦ ਵੰਡਿਆ ਗਿਆ। ਡਾ. ਭੁੱਲਰ ਨੇ ਸਭ ਨੂੰ ਇਸ ਪਵਿੱਤਰ ਦਿਹਾੜੇ ਦੀ ਵਧਾਈ ਦਿੱਤੀ ਅਤੇ ਗੁਰੂ ਜੀ ਵੱਲੋਂ ਦੱਸੇ ਉਪਦੇਸ਼ਾਂ 'ਤੇ ਚੱਲਣ ਲਈ ਪ੍ਰੇਰਿਆ।ਖੰਨਾ (ਨਿੱਜੀ ਪੱਤਰ ਪ੍ਰੇਰਕ):ਅੱਜ ਇਥੋਂ ਦੇ ਰਾਮਗੜ੍ਹੀਆ ਭਵਨ ਵਿੱਚ ਬਾਬਾ ਵਿਸ਼ਵਕਰਮਾ ਸਭਾ ਵੱਲੋਂ ਗੁਰੂ ਗੋਬਿੰਦ ਸਿੰਘ ਦਾ ਪ੍ਰਕਾਸ਼ ਪੁਰਬ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਸ੍ਰੀ ਸਹਿਜ ਪਾਠ ਦੇ ਭੋਗ ਪਾਏ ਗਏ, ਉਪਰੰਤ ਹਜ਼ੂਰੀ ਰਾਗੀ ਭਾਈ ਗੁਰਪ੍ਰੀਤ ਸਿੰਘ ਤੇ ਭਾਈ ਕਰਨੈਲ ਸਿੰਘ ਦੇ ਜੱਥੇ ਨੇ ਗੁਰਬਾਣੀ ਕੀਰਤਨ ਅਤੇ ਭਾਈ ਸਵਰਨ ਸਿੰਘ ਮਲਕਪੁਰ ਵਾਲਿਆਂ ਵੱਲੋਂ ਗੁਰਬਾਣੀ ਕਥਾ ਵਖਿਆਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਵਿਧਾਇਕ ਤਰੁਨਪ੍ਰੀਤ ਸਿੰਘ ਸੌਂਦ ਅਤੇ ਸਭਾ ਦੇ ਚੇਅਰਮੈਨ ਪੁਸ਼ਕਰਰਾਜ ਸਿੰਘ ਰੂਪਰਾਏ ਨੇ ਇਲਾਕਾ ਨਿਵਾਸੀਆਂ ਅਤੇ ਦੇਸ਼ਾਂ ਵਿਦੇਸ਼ਾਂ ਵਿਚ ਵੱਸਦੀਆਂ ਸੰਗਤਾਂ ਨੂੰ ਗੁਰਪੁਰਬ ਦੀਆਂ ਵਧਾਈਆਂ ਦਿੰਦਿਆਂ ਗੁਰੂ ਸਾਹਿਬ ਦੇ ਚਰਨਾਂ ਵਿਚ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ। ਉਨ੍ਹਾਂ ਸੰਗਤਾਂ ਨੂੰ ਗੁਰਬਾਣੀ ਨਾਲ ਜੁੜ ਕੇ ਮਾਨਵਤਾ ਦੀ ਸੇਵਾ ਕਰਦੇ ਰਹਿਣ ਦੀ ਅਪੀਲ ਕੀਤੀ ਏ ਕਿਹਾ ਕਿ ਸਾਨੂੰ ਗੁਰੂ ਸਾਹਿਬਾਨਾਂ ਦੇ ਬਚਨਾਂ ਤੇ ਅਮਲ ਕਰਦਿਆਂ ਸ਼ਹਿਰ ਦੀ ਹਵਾ ਨੂੰ ਸਾਫ ਰੱਖਣ, ਪਾਣੀ ਦੀ ਸੰਭਾਲ ਕਰਨ, ਰੁੱਖ ਲਾਉਣ ਦੇ ਨਾਲ ਨਾਲ ਜੈਵਿਕ ਖੇਤੀ ਕਰਕੇ ਇਨ੍ਹਾਂ ਕੁਦਰਤੀ ਸਰੋਤਾਂ ਨੂੰ ਦੂਸ਼ਿਤ ਹੋਣ ਤੋਂ ਰੋਕਣਾ ਚਾਹੀਦਾ ਹੈ। ਸਮਾਗਮ ਦੌਰਾਨ ਪ੍ਰਬੰਧਕ ਕਮੇਟੀ ਨੇ ਭਾਈ ਮੇਹਰ ਸਿੰਘ ਸਮੇਤ ਹੋਰ ਸਖਸ਼ੀਅਤਾਂ ਨੂੰ ਸਿਰੋਪਾਓ ਪਾ ਕੇ ਸਨਮਾਨਿਤ ਕੀਤਾ।

ਮੁੱਖ ਮੰਤਰੀ ਭਗਵੰਤ ਮਾਨ ਦੀ ਭੈਣ ਮਨਪ੍ਰੀਤ ਕੌਰ ਨੇ ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਵਿਖੇ ਮੱਥਾ ਟੇਕਿਆ

ਬੀਬੀ ਮਨਪ੍ਰੀਤ ਕੌਰ ਤੇ ਵਿਧਾਇਕ ਦਿਆਲਪੁਰਾ ਨੂੰ ਪੁਸਤਕਾਂ ਭੇਟ ਕਰਦੇ ਹੋਏ ਪ੍ਰਬੰਧਕ। –ਫੋਟੋ: ਟੱਕਰ

ਮਾਛੀਵਾੜਾ (ਪੱਤਰ ਪ੍ਰੇਰਕ):ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਮੌਕੇ ਅੱਜ ਇਤਿਹਾਸਕ ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਵਿਖੇ ਸਮਾਗਮ ਕਰਵਾਇਆ ਗਿਆ। ਇਸ ਮੌਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਭੈਣ ਮਨਪ੍ਰੀਤ ਕੌਰ ਵਿਸੇਸ਼ ਤੌਰ 'ਤੇ ਪਹੁੰਚੇ ਅਤੇ ਗੁਰੂ ਗ੍ਰੰਥ ਸਾਹਿਬ ਜੀ ਅੱਗੇ ਨਤਮਸਤਕ ਹੋਏ। ਇਸ ਮੌਕੇ ਉਨ੍ਹਾਂ ਨਾਲ ਹਲਕਾ ਸਮਰਾਲਾ ਦੇ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਵੀ ਮੌਜੂਦ ਸਨ। ਬੀਬੀ ਮਨਪ੍ਰੀਤ ਕੌਰ ਨੇ ਕਿਹਾ ਕਿ ਉਹ ਕੁਝ ਦਿਨ ਪਹਿਲਾਂ ਵੀ ਇਸ ਇਤਿਹਾਸਕ ਅਸਥਾਨ ਦੇ ਦਰਸ਼ਨਾਂ ਲਈ ਆਏ ਸਨ ਅਤੇ ਉਨ੍ਹਾਂ ਦੇ ਮਨ 'ਚ ਇੱਛਾ ਸੀ ਕਿ ਇੱਥੇ ਆਪਣੀ ਸ਼ਰਧਾ ਅਨੁਸਾਰ ਬਸਤਰ ਭੇਟ ਕਰਨ ਜਿਸ ਲਈ ਉਹ ਅੱਜ ਮੁੜ ਨਤਮਸਤਕ ਹੋਣ ਲਈ ਆਏ ਹਨ।

ਇਸ ਮੌਕੇ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਰਣਜੀਤ ਸਿੰਘ ਮੰਗਲੀ, ਜਸਵੀਰ ਸਿੰਘ ਢਿੱਲੋਂ ਨੇ ਮਾਛੀਵਾੜਾ ਦੇ ਇਤਿਹਾਸ ਨਾਲ ਸਬੰਧਿਤ ਪੁਸਤਕ 'ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ' ਬੀਬੀ ਮਨਪ੍ਰੀਤ ਕੌਰ ਤੇ ਵਿਧਾਇਕ ਦਿਆਲਪੁਰਾ ਨੂੰ ਭੇਟ ਕੀਤੀਆਂ ।ਇਸ ਮੌਕੇ ਇਤਿਹਾਸਕ ਸ਼ਹਿਰ ਮਾਛੀਵਾੜਾ ਦੀਆਂ ਖਸਤਾ ਹਾਲਤ ਸੜਕਾਂ ਦੇ ਮੁੱਦੇ ਬਾਰੇ ਬੀਬੀ ਮਨਪ੍ਰੀਤ ਕੌਰ ਨੇ ਵਿਸ਼ਵਾਸ ਦਿਵਾਇਆ ਕਿ ਇਨ੍ਹਾਂ ਦੀ ਮੁਰੰਮਤ ਲਈ ਆਮ ਆਦਮੀ ਪਾਰਟੀ ਦੀ ਸਰਕਾਰ ਪੂਰੀ ਤਰ੍ਹਾਂ ਯਤਨਸ਼ੀਲ ਹੈ ਅਤੇ ਵਿਧਾਇਕ ਦਿਆਲਪੁਰਾ ਪਹਿਲਾਂ ਹੀ ਇਨ੍ਹਾਂ ਕਾਰਜ਼ਾਂ ਨੂੰ ਪਹਿਲ ਦੇ ਅਧਾਰ 'ਤੇ ਕਰਵਾਉਣ ਸਬੰਧੀ ਸਰਕਾਰ ਦੇ ਧਿਆਨ ਵਿਚ ਲਿਆ ਚੁੱਕੇ ਹਨ। ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਮਾਛੀਵਾੜਾ ਇਲਾਕੇ ਦੀਆਂ ਸਮੱਸਿਆਵਾਂ ਮੁੱਖ ਮੰਤਰੀ ਭਗਵੰਤ ਮਾਨ ਦੇ ਧਿਆਨ ਵਿਚ ਲਿਆ ਕੇ ਹੱਲ ਕਰਵਾਉਣਗੇ।

ਢੱਕੀ ਸਾਹਿਬ ਵਿਖੇ ਦਸਵੇਂ ਪਾਤਸ਼ਾਹ ਦਾ ਪ੍ਰਕਾਸ਼ ਪੁਰਬ ਮਨਾਇਆ

ਤਪੋਬਣ ਢੱਕੀ ਸਾਹਿਬ ਵਿਖੇ ਸਮਾਗਮ ਮੌਕੇ ਕੀਰਤਨ ਕਰਦੇ ਹੋਏ ਬਾਬਾ ਦਰਸ਼ਨ ਸਿੰਘ ਖਾਲਸਾ। –ਫੋਟੋ–ਜੱਗੀ

ਪਾਇਲ (ਪੱਤਰ ਪ੍ਰੇਰਕ):ਗੁਰਦੁਆਰਾ ਤਪੋਬਣ ਢੱਕੀ ਸਾਹਿਬ ਮਕਸੂਦੜਾ ਵਿਖੇ ਗੁਰੂ ਗੋਬਿੰਦ ਸਿੰਘ ਦਾ ਪ੍ਰਕਾਸ਼ ਪੁਰਬ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਸੰਤ ਦਰਸ਼ਨ ਸਿੰਘ ਖਾਲਸਾ ਦੀ ਦੇਖ ਰੇਖ ਰੈਣਿ ਸਬਾਈ ਕੀਰਤਨ ਹੋਇਆ ਜਿਸ ਵਿੱਚ ਗੁਰੂ ਕੁਲ ਕੀਰਤਨ ਟਕਸਾਲ ਤਪੋਬਣ ਢੱਕੀ ਸਾਹਿਬ ਦੇ ਬੱਚੇ ਬੱਚੀਆਂ, ਢੱਕੀ ਸਾਹਿਬ ਦੇ ਹਜ਼ੂਰੀ ਜੱਥੇ ਅਤੇ ਸੰਤ ਦਰਸ਼ਨ ਸਿੰਘ ਖ਼ਾਲਸਾ ਵੱਲੋਂ ਅਖੰਡ ਕੀਰਤਨ ਰਾਹੀਂ ਕਲਗੀਧਰ ਦਸ਼ਮੇਸ਼ ਪਿਤਾ ਦਾ ਜਸ ਕੀਤਾ ਗਿਆ। ਅੰਮ੍ਰਿਤ ਵੇਲੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਉਪਰੰਤ ਖੁੱਲ੍ਹੇ ਪੰਡਾਲ ਵਿੱਚ ਦਿਨ ਦੇ ਦੀਵਾਨ ਸਜਾਏ ਗਏ। ਇਸ ਮੌਕੇ ਮਹਾਂਪੁਰਸ਼ਾਂ ਨੇ ਕਥਾ ਕੀਰਤਨ ਕਰਦਿਆਂ ਕਿ ਗੁਰੂ ਪੀਰ ਕਿਸੇ ਇੱਕ ਫਿਰਕੇ ਦੇ ਨਹੀਂ ਸਗੋਂ ਉਹ ਸਾਰੀ ਲੋਕਾਈ ਦੇ ਸਾਂਝੇ ਹੁੰਦੇ ਹਨ ਤੇ ਸਰਬੱਤ ਦਾ ਭਲਾ ਲੋਚਦੇ ਹਨ। ਸੰਤ ਖਾਲਸਾ ਨੇ ਸੰਗਤ ਨੂੰ ਦਸਮੇਸ਼ ਪਿਤਾ ਵੱਲੋਂ ਦਿੱਤੀਆਂ ਸਿੱਖਿਆਵਾਂ 'ਤੇ ਅਮਲ ਕਰਨ ਦੀ ਪ੍ਰੇਰਨਾ ਦਿੱਤੀ। ਇਸ ਮੌਕੇ ਭਾਈ ਗੁਰਦੀਪ ਸਿੰਘ ਢੱਕੀ ਸਾਹਿਬ, ਭਾਈ ਕੜਾਕਾ ਸਿੰਘ, ਭਾਈ ਸਤਿੰਦਰ ਸਿੰਘ ਤੇ ਹੋਰ ਸਿੰਘ ਹਾਜਰ ਸਨ।

## ਨਵੇਂ ਸਾਲ ਦੇ ਜਸ਼ਨਾਂ ਦੀਆਂ ਤਿਆਰੀਆਂ 'ਚ ਜੁਟੇ ਲੁਧਿਆਣਵੀ

ਲੁਧਿਆਣਾ, (ਪੱਤਰ ਪ੍ਰੇਰਕ)–ਨਵੇਂ ਸਾਲ ਦੇ ਅਗਾਜ਼ ਲਈ ਲੋਕਾਂ ਨੇ ਜਸ਼ਨ ਦੀ ਤਿਆਰੀ ਸ਼ੁਰੂ ਕਰ ਦਿੱਤੀ ਹੈ। ਸਨਅਤੀ ਸ਼ਹਿਰ ਦੇ ਲੋਕ ਨਵੇਂ ਸਾਲ ਦਾ ਸਵਾਗਤ ਕਰਨ ਲਈ ਪੂਰੇ ਉਤਸ਼ਾਹ ਵਿੱਚ ਹਨ। ਨਵਾਂ ਸਾਲ 2023 ਪਾਰਟੀ ਦੀਆਂ ਤਿਆਰੀਆਂ ਸ਼ੁਰੂ ਹੋ ਚੁੱਕੀਆਂ ਹਨ। ਸ਼ਹਿਰ 'ਚ ਵੀ ਲੋਕਲ ਪੱਧਰ 'ਤੇ ਨਵੇਂ ਸਾਲ ਦਾ ਜਸ਼ਨ ਮਨਾਇਆ ਜਾਵੇਗਾ। ਇਸ ਲਈ ਰੈਸਟੋਰੈਂਟ ਤੇ ਹੋਟਲਾਂ ਦੇ ਵੱਲੋਂ ਤਿਆਰੀਆਂ ਕਰ ਲਈਆਂ ਗਈਆਂ ਹਨ। ਸ਼ਹਿਰ ਦੇ ਟੂਰ ਐਂਡ ਟ੍ਰੈਵਲ ਏਜੰਟਾਂ ਦਾ ਕਹਿਣਾ ਹੈ ਕਿ ਨਵੇਂ ਸਾਲ ਦੇ ਜਸ਼ਨ ਨੂੰ ਖਾਸ ਬਣਾਉਣ ਲਈ ਦੇਸ਼ ਵਿਦੇਸ਼ ਅਤੇ ਧਾਰਮਿਕ ਸਥਾਨਾਂ ਦੀ ਬੁਕਿੰਗ 70 ਤੋਂ 80 ਫੀਸਦੀ ਤੱਕ ਹੋ ਚੁੱਕੀ ਹੈ। ਕਈ ਦੇਸ਼ਾਂ 'ਚ ਕ੍ਰਿਸਮਿਸ ਦੇ ਨਾਲ ਹੀ ਨਵੇਂ ਸਾਲ ਦਾ ਜਸ਼ਨ ਮਨਾਉਣ ਦੀ ਸ਼ੁਰੂਆਤ ਹੋ ਚੁੱਕੀ ਹੈ। ਇਸ ਲਈ ਲੋਕ ਆਪਣੀ ਜਗ੍ਹਾਂ 'ਤੇ ਪੁੱਜ ਚੁੱਕੇ ਹਨ ਤੇ ਕਈ ਸਿਰਫ਼ ਨਵੇਂ ਸਾਲ ਦਾ ਸਵਾਗਤ ਕਰਨ ਲਈ ਜਾਣਗੇ। ਇਸੇ ਦੌਰਾਨ ਟੂਰ ਐਂਡ ਟਰੈਵਲ ਵਾਲੇ ਜਸਮੀਤ ਸਿੰਘ ਨੇ ਦੱਸਿਆ ਕਿ ਦੇਸ਼ ਵਿਦੇਸ਼ 'ਚ ਕੁਝ ਅਜਿਹੀਆਂ ਥਾਂਵਾਂ ਹਨ, ਜਿੱਥੇ ਨਵੇਂ ਸਾਲ ਦੀ ਰੌਣਕ ਹੀ ਕੁਝ ਹੋਰ ਹੁੰਦੀ ਹੈ। ਇਸ ਕਾਰਨ ਨਾਲ ਅਜਿਹੀ ਡੈਸਟੀਨੇਸ਼ਨ ਲੋਕਾਂ ਦੀ ਪਹਿਲੀ ਪਸੰਦ ਹੁੰਦੀ ਹੈ। ਮਨਾਲੀ ਬਿਲਕੁਲ ਫੁੱਲ ਚੱਲ ਰਿਹਾ ਹੈ। ਸ਼ਿਮਲਾ 'ਚ ਕਾਫ਼ੀ ਬੁਕਿੰਗ ਹੋ ਚੁੱਕੀਆਂ ਹਨ। ਇਸ ਤੋਂ ਇਲਾਵਾ ਕਸੌਲੀ, ਮੰਸੂਰੀ ਵਰਗੇ ਹਿੱਲ ਸਟੇਸ਼ਨ ਦੀ ਵੀ ਬੁਕਿੰਗ ਹੈ। ਗੋਆ ਤੇ ਕੇਰਲਾ ਦੇ ਵੱਲ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਕਾਫ਼ੀ ਰੁਝਾਨ ਬਣਿਆ ਹੋਇਆ ਹੈ। ਜਗਨਨਾਥ ਪੁਰੀ, ਉੜੀਸਾ, ਗੋਲਡਨ ਟੈਂਪਲ ਅੰਮ੍ਰਿਤਸਰ ਤੇ ਵੈਸ਼ਨੋ ਦੇਵੀ ਦੀ ਕਾਫ਼ੀ ਬੁਕਿੰਗ ਹੈ। ਦੂਸਰੇ ਸੂਬਿਆਂ ਦੇ ਲੋਕ ਸ਼੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਤੇ ਵੈਸ਼ਨੋ ਦੇਵੀ ਦੇ ਦਰਸ਼ਨ ਲਈ ਕਾਫ਼ੀ ਆਉਣਗੇ। ਥਾਈਲੈਂਡ ਭਾਰਤੀਆਂ ਦਾ ਸਭ ਤੋਂ ਵੱਡਾ ਸੈਲਾਨੀ ਸਥਾਨ ਬਣਿਆ ਹੋਇਆ ਹੈ। ਕਈ ਲੋਕ ਜਾ ਵੀ ਚੁੱਕੇ ਹਨ। ਸਿੰਘਾਪੁਰ, ਬੈਂਕਾਂਕ, ਦੁਬਈ, ਵੀਅਤਨਾਮ, ਬਾਲੀ, ਫੁਕੇਟ ਡੈਸਟੀਨੇਸ਼ਨ 'ਤੇ ਲੋਕ ਜਾ ਰਹੇ ਹਨ। ਹਰ ਡੈਸਟੀਨੇਸ਼ਨ ਦੇ ਪੈਕੇਜ ਤਿਆਰ ਕੀਤੇ ਗਏ ਹਨ, ਜਿਸ 'ਚ ਹਰ ਤਰ੍ਹਾਂ ਦੀ ਸਹੂਲਤ ਦਿੱਤੀ ਜਾ ਰਹੀ ਹੈ ਤਾਂ ਕਿ ਲੋਕਾਂ ਨੂੰ ਪ੍ਰੇਸ਼ਾਨੀ ਨਾ ਹੋਵੇ ਤੇ ਉਨ੍ਹਾਂ ਦਾ ਫੁੱਲ ਮਨੋਰੰਜਨ ਕਰ ਸਕਣ।




ਕਰੋਨਾ ਕੇਸ ਵਧਣ ਨਾਲ ਬੁਕਿੰਗ 'ਤੇ ਪੈ ਸਕਦਾ ਹੈ ਅਸਰ ਜਸਮੀਤ ਸਿੰਘ ਦਾ ਕਹਿਣਾ ਹੈ ਕਿ 70 ਤੋਂ 80 ਫੀਸਦੀ ਬੁਕਿੰਗ ਨਵੇਂ ਸਾਲ ਦੇ ਲਈ ਫਿਲਹਾਲ ਕੀਤੀ ਜਾ ਚੁੱਕੀ ਹੈ। ਦੋਸਤਾਂ ਅਤੇ ਪਰਿਵਾਰਾਂ ਦੇ ਗਰੁੱਪ ਜਾ ਰਹੇ ਹਨ। ਪਰ ਲੋਕਾਂ ਵਿੱਚ ਕਰੋਨਾ ਦਾ ਡਰ ਵੀ ਨਜ਼ਰ ਆ ਰਿਹਾ ਹੈ।ਲੋਕਾਂ ਵਿੱਚ ਡਰ ਬਣ ਰਿਹਾ ਹੈ। ਜੇਕਰ ਇੱਕ ਦੋ ਦਿਨਾਂ ਵਿੱਚ ਕਰੋਨਾ ਦੇ ਕੇਸ ਵਧਦੇ ਹਨ ਤਾਂ ਉਸਦਾ ਅਸਰ ਬੁਕਿੰਗ 'ਤੇ ਪੈ ਸਕਦਾ ਹੈ।

## ਸਹੀਦੀ ਸਭਾ ਦੌਰਾਨ ਸਰਧਾਲੂਆਂ ਨੂੰ ਦਿੱਤੀਆਂ ਜਾ ਰਹੀਆਂ ਹਨ 24 ਘੰਟੇ ਸਿਹਤ ਸੇਵਾਵਾਂ-ਸਿਹਤ ਮੰਤਰੀ

ਫਤਹਿਗੜ੍ਹ ਸਾਹਿਬ, (ਪੱਤਰ ਪ੍ਰੇਰਕ)– ਧੰਨ-ਧੰਨ ਬਾਬਾ ਜੋਰਾਵਰ ਸਿੰਘ, ਬਾਬਾ ਫਤਹਿ ਸਿੰਘ ਤੇ ਮਾਤਾ ਗੁਜਰੀ ਜੀ ਦੀ ਲਾਸਾਨੀ ਸਹਾਦਤ ਨੂੰ ਸਮਰਪਿਤ ਫਤਹਿਗੜ੍ਹ ਸਾਹਿਬ ਵਿਖੇ 26 ਤੋਂ ਤੱਕ ਲੱਗਣ ਵਾਲੇ ਸਹੀਦੀ ਜੋੜ ਮੇਲ ਦੌਰਾਨ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਚੇਤਨ ਸਿੰਘ ਜੋੜਾਮਜਰਾ ਨੇ ਸਿਹਤ ਪ੍ਰਬੰਧਾਂ ਦਾ ਜਾਇਜਾ ਲਿਆ . ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਿਹਤ ਮੰਤਰੀ ਜੌੜਾ ਮਾਜਰਾ ਨੇ ਦੱਸਿਆ ਕਿ ਦੇਸਾਂ ਵਿਦੇਸਾਂ ਤੋਂ ਲੱਖਾਂ ਦੀ ਗਿਣਤੀ 'ਚ ਨਤਮਸਤਕ ਹੋਣ ਲਈ ਆਉਣ ਵਾਲੀਆਂ ਸੰਗਤਾਂ ਲਈ 24 ਘੰਟੇ ਸਿਹਤ ਸਹੂਲਤਾਂ ਉਪਲਬਧ ਕਰਵਾਈਆਂ ਜਾ ਰਹੀਆਂ ਹਨ . ਸਿਹਤ ਵਿਭਾਗ ਵਲੋਂ ਸੂਬੇ ਦੇ 9 ਹੋਰ ਜਿਲ੍ਹਿਆਂ 'ਚੋਂ ਮੈਡੀਕਲ ਤੇ ਪੈਰਾਮੈਡੀਕਲ ਸਟਾਫ ਬੁਲਾਇਆ ਗਿਆ . ਇਸ ਤਰ੍ਹਾਂ ਲਗਭਗ ਕੁੱਲ 75 ਡਾਕਟਰ, 9 ਸਪੈਸਲਿਸਟ ਡਾਕਟਰ, 55 ਫਾਰਮੇਸੀ ਅਫਸਰ, 13 ਸਿਹਤ ਸੁਪਰਵਾਈਜਰ, 57 ਦਰਜਾ ਚਾਰ ਕਰਮਚਾਰੀ ਤੋਂ ਇਲਾਵਾ 70 ਹੋਰ ਪੈਰਾ-ਮੈਡੀਕਲ ਕਰਮਚਾਰੀਆਂ ਨੂੰ ਤਾਇਨਾਤ ਕੀਤਾ ਗਿਆ . ਸੰਗਤਾਂ ਨੂੰ 24 ਘੰਟੇ ਸਿਹਤ ਸੇਵਾਵਾਂ ਦੇਣ ਲਈ 7 ਸਰਕਾਰੀ ਤੇ 7 ਪ੍ਰਾਈਵੇਟ ਆਰਜੀ ਡਿਸਪੈਂਸਰੀਆਂ ਸਮੇਤ ਐਂਬੂਲੈਂਸ ਤਾਇਨਾਤ ਕੀਤੀਆਂ ਗਈਆਂ . ਸਰਕਾਰ ਤੇ ਸਿਹਤ ਵਿਭਾਗ ਦੀਆਂ ਸਕੀਮਾਂ ਨੂੰ ਜਾਗਰੂਕ ਕਰਦੀ ਇਕ ਪ੍ਰਦਰਸਨੀ ਲਗਾਈ ਗਈ, ਜਿਸ 'ਚ ਆਮ ਆਦਮੀ ਕਲੀਨਿਕ ਵੀ ਦਰਸਾਈ ਗਈ ਤੇ ਨੁੱਕੜ ਨਾਟਕਾਂ ਰਾਹੀਂ ਸਰਧਾਲੂਆਂ ਨੂੰ ਸਿਹਤ ਵਿਭਾਗ ਦੀਆਂ ਸਕੀਮਾਂ ਤੇ ਸਿਹਤ ਸੰਬੰਧੀ ਜਾਗਰੂਕ ਕੀਤਾ ਗਿਆ . ਸਭਾ ਦੌਰਾਨ ਲੋਕਾਂ ਦੁਆਰਾ 348 ਲੰਗਰ ਲਗਾਏ ਗਏ, ਸੈਂਪਲਿੰਗ ਲਈ ਚਾਰ ਫੂਡ ਟੀਮਾਂ ਤਾਇਨਾਤ ਕੀਤੀਆਂ ਗਈਆਂ, ਇਨ੍ਹਾਂ ਲੰਗਰਾਂ 'ਚ ਵਰਤੇ ਜਾਣ ਵਾਲੇ ਪੀਣ ਵਾਲੇ ਪਾਣੀ ਨੂੰ ਸਿਹਤ ਵਿਭਾਗ ਦੀ 16 ਮੈਂਬਰੀ ਟੀਮਾਂ ਵਲੋਂ ਕਲੋਰੀਨੇਟ ਕੀਤਾ ਗਿਆ, ਪਾਣੀ ਦੀ ਸੈਂਪਲਿੰਗ ਕੀਤੀ ਗਈ ਤੇ ਪਾਣੀ ਟੈੱਸਟ ਦੌਰਾਨ ਪੀਣ ਯੋਗ ਪਾਇਆ ਗਿਆ . ਲੰਗਰਾਂ ਦੀ ਸਾਫ ਸਫਾਈ ਤੇ ਕੋਵਿਡ-19 ਸੰਬੰਧੀ ਆਮ ਲੋਕਾਂ ਨੂੰ ਜਾਗਰੂਕ ਕੀਤਾ ਗਿਆ . ਇਸ ਸਾਰੇ ਕੰਮ ਦੀ ਦੇਖ-ਰੇਖ ਸਿਵਲ ਸਰਜਨ ਵਲੋਂ ਖੁਦ ਤੇ ਉਨ੍ਹਾਂ ਵਲੋਂ ਜਿਲ੍ਹਾ ਪ੍ਰੋਗਰਾਮ ਅਫਸਰਾਂ ਸਮੇਤ 16 ਸੁਪਰਵਾਈਜਰੀ ਟੀਮਾਂ ਦੁਆਰਾ 24 ਘੰਟੇ ਸੁਪਰਵਿਜਨ ਕੀਤੀ ਗਈ . ਇਸ ਮੌਕੇ ਉਨ੍ਹਾਂ ਨਾਲ ਸਿਵਲ ਸਰਜਨ ਡਾ. ਵਿਜੇ ਕੁਮਾਰ ਵੀ ਮੌਜੂਦ ਸਨ .

## ਨਗਰ ਕੀਰਤਨ ਮੌਕੇ ਮਾਤਾ ਗੁਜਰੀ ਕਾਲਜ ਦੇ ਸਟਾਫ ਤੇ ਵਿਦਿਆਰਥੀ ਹੋਏ ਨਤਮਸਤਕ

ਫਤਹਿਗੜ੍ਹ ਸਾਹਿਬ, (ਪੱਤਰ ਪ੍ਰੇਰਕ)– ਸਾਹਿਬਜਾਦਾ ਬਾਬਾ ਜੋਰਾਵਰ ਸਿੰਘ, ਬਾਬਾ ਫਤਹਿ ਸਿੰਘ ਤੇ ਮਾਤਾ ਗੁਜਰੀ ਜੀ ਦੀ ਸਹਾਦਤ ਦੀ ਯਾਦ 'ਚ ਫਤਹਿਗੜ੍ਹ ਸਾਹਿਬ ਦੀ ਧਰਤੀ 'ਤੇ ਲੱਗੀ ਸਹੀਦੀ ਸਭਾ ਦੇ ਆਖਰੀ ਦਿਨ ਸਜਾਏ ਨਗਰ ਕੀਰਤਨ 'ਚ ਮਾਤਾ ਗੁਜਰੀ ਕਾਲਜ ਦੇ ਸਟਾਫ ਅਤੇ ਵਿਦਿਆਰਥੀਆਂ ਨੇ ਸਮੂਲੀਅਤ ਕਰਕੇ ਸਹੀਦਾਂ ਨੂੰ ਅਕੀਦਤ ਭੇਟ ਕੀਤੀ . ਕਾਲਜ ਦੇ ਆਨਰੇਰੀ ਸਕੱਤਰ ਜਗਦੀਪ ਸਿੰਘ ਚੀਮਾ ਨੇ ਨੌਜਵਾਨ ਪੀੜ੍ਹੀ ਨੂੰ ਮਹਾਨ ਸਹੀਦਾਂ ਦੀਆਂ ਸਿੱਖਿਆਵਾਂ ਤੋਂ ਸੇਧ ਲੈ ਕੇ ਉਚਾ-ਸੁੱਚਾ ਜੀਵਨ ਜਿਊਣ ਲਈ ਪ੍ਰੇਰਿਤ ਕੀਤਾ . ਸ੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਜਥੇਦਾਰ ਅਵਤਾਰ ਸਿੰਘ ਰਿਆ ਨੇ ਨੌਜਵਾਨਾਂ ਤੇ ਬੱਚਿਆਂ ਨੂੰ ਆਪਣੇ ਇਤਿਹਾਸ, ਪ੍ਰੰਪਰਾਵਾਂ, ਸਿਧਾਂਤਾਂ ਤੇ ਗੁਰਬਾਣੀ ਦੀ ਅੰਮ੍ਰਿਮਈ ਵਿਚਾਰਧਾਰਾ ਨਾਲ ਜੁੜਨ ਲਈ ਪ੍ਰੇਰਿਤ ਕੀਤਾ . ਕਾਲਜ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਕਸਮੀਰ ਸਿੰਘ ਨੇ ਸਹੀਦਾਂ ਨੂੰ ਸਰਧਾ ਦੇ ਫੁੱਲ ਭੇਟ ਕੀਤੇ . ਇਸ ਮੌਕੇ 'ਤੇ ਡਾ. ਗੁਰਮੋਹਨ ਸਿੰਘ ਵਾਲੀਆ, ਡਾ. ਸਵਰਨਜੀਤ ਕੌਰ ਉੱਬਾ, ਤਰਵਿੰਦਰਜੀਤ ਕੌਰ ਅਜਨਾਲਾ, ਡਾ. ਰਾਜਵੰਤ ਕੌਰ, ਉਪ ਪ੍ਰਿੰਸੀਪਲ ਡਾ. ਬਿਕਰਮਜੀਤ ਸਿੰਘ, ਡਾ. ਸਤਨਾਮ ਸਿੰਘ, ਪ੍ਰੋ. ਬੀਰਇੰਦਰ ਸਿੰਘ ਸਰਾਓ, ਡਾ. ਜਗਦੀਸ ਸਿੰਘ, ਡਾ. ਦਲੀਪ ਸਿੰਘ ਕਛਵਾਇਆ, ਡਾ. ਗੁਰਬਾਜ ਸਿੰਘ, ਪ੍ਰੋ. ਹਰਭਿੰਦਰ ਸਿੰਘ, ਡਾ. ਅਵਨੀਤ ਕੌਰ, ਡਾ. ਨੈਨਾ ਖੁੱਲਰ, ਡਾ. ਜੁਝਾਰ ਸਿੰਘ, ਡਾ. ਸੁਖਵਿੰਦਰ ਸਿੰਘ ਢਿੱਲੋਂ, ਪ੍ਰੋ. ਰਵਿੰਦਰ ਕੌਰ, ਪ੍ਰੋ. ਸਮਨਵੀਰ ਕੌਰ, ਪ੍ਰੋ. ਪੁਸਪਿੰਦਰ ਸਿੰਘ, ਪ੍ਰੋ. ਗਗਨਦੀਪ ਸਿੰਘ ਆਦਿ ਹਾਜਰ ਸਨ .

## ਮਜਲਿਸ ਅਹਿਰਾਰ ਪਾਰਟੀ ਨੇ 93ਵਾਂ ਸਥਾਪਨਾ ਦਿਵਸ ਮਨਾਇਆ




ਲੁਧਿਆਣਾ, (ਪੱਤਰ ਪ੍ਰੇਰਕ)–ਆਜ਼ਾਦੀ ਦੀ ਲੜਾਈ 'ਚ ਵੱਧ-ਚੜ੍ਹ ਕੇ ਕੁਰਬਾਨੀਆਂ ਦੇਣ ਵਾਲੀ ਪਾਰਟੀ ਮਜਲਿਸ ਅਹਿਰਾਰ ਇਸਲਾਮ ਹਿੰਦ ਦਾ 93ਵਾਂ ਸਥਾਪਨਾ ਦਿਵਸ ਅੱਜ ਜਾਮਾ ਮਸਜਿਦ 'ਚ ਮਨਾਇਆ ਗਿਆ ਜਿਸ ਵਿੱਚ ਭਾਰੀ ਗਿਣਤੀ 'ਚ ਮੁਸਲਿਮ ਸਮਾਜ ਨੇ ਸ਼ਮੂਲੀਅਤ ਕੀਤੀ। ਪਾਰਟੀ ਦੇ ਕੌਮੀ ਪ੍ਰਧਾਨ ਅਤੇ ਸ਼ਾਹੀ ਇਮਾਮ ਪੰਜਾਬ ਮੌਲਾਨਾ ਮੁਹੰਮਦ ਉਸਮਾਨ ਲੁਧਿਆਣਵੀ ਨੇ ਪ੍ਰਧਾਨਗੀ ਕਰਦਿਆਂ ਕਿਹਾ ਕਿ ਅਹਿਰਾਰ ਪਾਰਟੀ ਦੀ ਸਥਾਪਨਾ ਦੇਸ਼ 'ਚ ਉਸ ਸਮੇਂ ਮੌਜੂਦ ਜਾਲਿਮ ਅੰਗਰੇਜ ਸਰਕਾਰ ਨੂੰ ਦੇਸ਼ ਤੋਂ ਬਾਹਰ ਕੱਢਣ ਲਈ ਕੀਤੀ ਗਈ ਸੀ ਅਤੇ ਅਹਿਰਾਰ ਪਾਰਟੀ ਦੇ ਵਰਕਰਾਂ ਨੇ ਆਪਣੇ ਇਸ ਫਰਜ ਨੂੰ ਚੰਗੀ ਤਰ੍ਹਾਂ ਨਿਭਾਇਆ ਅਤੇ ਹਜ਼ਾਰਾਂ ਅਹਿਰਾਰੀ ਵਰਕਰਾਂ ਨੇ ਅਜਾਦੀ ਦੀ ਲੜਾਈ 'ਚ ਜੇਲ੍ਹਾਂ ਕੱਟੀਆਂ। ਸ਼ਾਹੀ ਇਮਾਮ ਨੇ ਕਿਹਾ ਕਿ ਜੇਕਰ ਅੱਜ ਵੀ ਜਰੂਰਤ ਪਈ ਤਾਂ ਉਹ ਆਪਣੇ ਦੇਸ਼ ਦੀ ਅਖੰਡਤਾ ਲਈ ਖੂਨ ਦਾ ਆਖਰੀ ਕਤਰਾ ਵੀ ਵਹਾ ਦੇਵਾਂਗੇ ਪਰ ਜੋ ਫ਼ਿਰਕਾਪ੍ਰਸਤ ਤਾਕਤਾਂ ਦੇਸ਼ ਦੇ ਮੁਸਲਮਾਨਾਂ ਨੂੰ ਡਰਾਉਣਾ ਚਾਹੁੰਦੀਆਂ ਹਨ ਉਹ ਸਮਝ ਜਾਣ ਕਿ ਮੁਸਲਮਾਨ ਕਿਸੇ ਤੋਂ ਡਰਨ ਵਾਲੇ ਨਹੀਂ ਹਨ। ਉਨ੍ਹਾਂ ਕਿਹਾ ਕਿ ਅੰਗਰੇਜ਼ ਤਾਂ ਭਾਰਤ ਛੱਡ ਗਏ ਹਨ ਪਰ ਉਸਦੇ ਕਈ ਟੋਡੀ ਅੱਜ ਵੀ ਦੇਸ਼ 'ਚ ਮੌਜੂਦ ਹਨ, ਜਿਨ੍ਹਾਂ ਨੂੰ ਉਹ ਬੇਨਕਾਬ ਕਰਦੇ ਰਹਿਣਗੇ। ਸ਼ਾਹੀ ਇਮਾਮ ਨੇ ਕਿਹਾ ਕਿ ਕੇਂਦਰ ਅਤੇ ਰਾਜ ਸਰਕਾਰਾਂ ਨਫ਼ਰਤ ਫੈਲਾਉਣ ਵਾਲੀਆਂ ਤਾਕਤਾਂ ਦੇ ਖ਼ਿਲਾਫ਼ ਚੁੱਪ ਕਿਉਂ ਹਨ ? ਦੇਸ਼ ਦੇ ਸੰਵਿਧਾਨ ਮੁਤਾਬਿਕ ਹਰ ਇੱਕ ਵਿਅਕਤੀ ਆਪਣੇ ਧਰਮ ਅਤੇ ਸ਼ਰਧਾ ਦੇ ਮੁਤਾਬਕ ਜੀਵਨ ਬਿਤਾਉਣ ਲਈ ਆਜ਼ਾਦ ਹੈ ਅਤੇ ਸਾਡੀ ਇਹ ਅਜ਼ਾਦੀ ਕੋਈ ਰਾਜਨੀਤਿਕ ਪਾਰਟੀ ਨਹੀਂ ਖੋਹ ਸਕਦੀ।

### ਨਵੇਂ ਸਾਲ ਦੀ ਆਮਦ ਤੋਂ ਪਹਿਲਾਂ ਪੁਲੀਸ ਵੱਲੋਂ ਸੁਰੱਖਿਆ ਦੇ ਸਖ਼ਤ ਪ੍ਰਬੰਧ

ਲੁਧਿਆਣਾ, (ਪੱਤਰ ਪ੍ਰੇਰਕ)–ਨਵੇਂ ਸਾਲ ਦੇ ਜਸ਼ਨਾਂ ਦੇ ਮੱਦੇਨਜ਼ਰ ਲੁਧਿਆਣਾ ਪੁਲੀਸ ਵੱਲੋਂ ਸੁਰੱਖਿਆ ਦੇ ਸਖ਼ਤ ਪ੍ਰਬੰਧ ਕੀਤੇ ਜਾ ਰਹੇ ਹਨ। ਜਾਣਕਾਰੀ ਮੁਤਾਬਿਕ ਇਸ ਵਾਰ ਤਿੰਨ ਹਜ਼ਾਰ ਤੋਂ ਵੱਧ ਪੁਲੀਸ ਮੁਲਾਜ਼ਮਾਂ ਦੇ ਹੱਥ ਸ਼ਹਿਰ ਦੀ ਸੁਰੱਖਿਆ ਹੋਵੇਗੀ। ਪੁਲੀਸ ਪ੍ਰਸ਼ਾਸਨ ਨੇ ਸਾਰਾ ਖਰੜਾ ਤਿਆਰ ਕਰ ਕੇ ਅਧਿਕਾਰੀਆਂ ਦੀਆਂ ਡਿਊਟੀਆਂ ਲਾ ਦਿੱਤੀਆਂ ਹਨ। ਸ਼ਹਿਰ ਦੇ ਪ੍ਰਵੇਸ਼ ਦੁਆਰਾਂ ਤੋਂ ਲੈ ਕੇ ਅੰਦਰੂਨੀ ਇਲਾਕਿਆਂ ਤੱਕ ਪੁਲੀਸ ਦੀ ਨਾਕਾਬੰਦੀ ਰਹੇਗੀ, ਜਿਸ ਥਾਂ ਜ਼ਿਆਦਾ ਭੀੜ ਹੋਣ ਦਾ ਸ਼ੱਕ ਹੈ, ਉਸ ਇਲਾਕੇ ਨੂੰ ਪੁਲੀਸ ਨੇ ਸੀਲ ਕਰ ਦਿੱਤਾ ਹੈ। ਉੱਥੇ ਸਿਰਫ਼ ਪੈਦਲ ਹੀ ਦਾਖਲਾ ਹੋਵੇਗਾ। ਇਸ ਤੋਂ ਇਲਾਵਾ ਸ਼ਹਿਰ ਦੇ ਵੱਡੇ ਧਾਰਮਿਕ ਸਥਾਨਾਂ 'ਤੇ ਵੀ ਪੁਲੀਸ ਨੇ ਪਹਿਰੇ ਦੀ ਤਿਆਰੀ ਕਰ ਲਈ ਹੈ। ਨਵੇਂ ਸਾਲ ਦੌਰਾਨ ਹੁਲੜਬਾਜਾਂ 'ਤੇ ਪੁਲੀਸ ਦੀ ਖਾਸ ਨਜ਼ਰ ਰਹੇਗੀ। ਪੁਲੀਸ ਵੱਲੋਂ ਹੋਟਲ ਤੇ ਰੈਸਤਰਾਂ ਦੇ ਨਾਲ ਨਾਲ ਬਾਰ ਵਾਲਿਆਂ ਨੂੰ ਵੀ ਹਦਾਇਤਾਂ ਦਿੱਤੀਆਂ ਗਈਆਂ ਹਨ। ਪੁਲੀਸ ਨੇ ਲੁਧਿਆਣਾ ਵਾਸੀਆਂ ਨੂੰ ਅਪੀਲ ਕੀਤੀ ਕਿ ਨਵੇਂ ਸਾਲ ਸਵਾਗਤ ਸ਼ਾਂਤੀਪੂਰਵਕ ਕੀਤਾ ਜਾਵੇ। ਜਿਕਰਯੋਗ ਹੈ ਕਿ ਸ਼ਹਿਰ ਦੇ ਐਂਟਰੀ ਪੁਆਇੰਟਾਂ ਦੇ ਨਾਲ ਨਾਲ 30 ਤੋਂ ਵੱਧ ਥਾਵਾਂ 'ਤੇ ਵਿਸ਼ੇਸ਼ ਨਾਕਾਬੰਦੀ ਕੀਤੀ ਜਾਵੇਗੀ। ਇਸ ਲਈ ਹਰ ਥਾਣਾ ਇੰਚਾਰਜ ਦੇ ਨਾਲ ਏਸੀਪੀ ਪੱਧਰ ਦੇ ਅਧਿਕਾਰੀਆਂ ਦੀ ਡਿਊਟੀ ਲਾਈ ਗਈ ਹੈ।

## ਬੰਦਾ ਸਿੰਘ ਬਹਾਦਰ ਫਾਊਂਡੇਸਨ ਵੱਲੋਂ ਨਿਯੁਕਤੀ

ਲੁਧਿਆਣਾ , (ਪੱਤਰ ਪ੍ਰੇਰਕ)–ਬੰਦਾ ਸਿੰਘ ਬਹਾਦਰ ਇੰਟਰਨੈਸਨਲ ਫਾਊਂਡੇਸਨ ਵੱਲੋਂ ਸਮਾਜ ਸੇਵੀ ਹਰਚਰਨ ਸਿੰਘ ਗਰੇਵਾਲ ਨੂੰ ਫਾਊਂਡੇਸ਼ਨ ਦੀ ਨਾਰਵੇ ਇਕਾਈ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਪ੍ਰਧਾਨ ਕ੍ਰਿਸ਼ਨ ਕੁਮਾਰ ਬਾਵਾ ਅਤੇ ਕਿਸਾਨ ਆਗੂ ਸੁਖਪਾਲ ਸਿੰਘ ਖਹਿਰਾ ਨੇ ਉਨ੍ਹਾਂ ਨੂੰ ਨਿਯੁਕਤੀ ਪੱਤਰ ਸੌਂਪ ਕੇ ਆਪਣੀ ਟੀਮ ਬਣਾਉਣ ਦੇ ਅਧਿਕਾਰ ਵੀ ਦਿੱਤੇ। ਗਰੇਵਾਲ ਨੇ ਸ੍ਰੀ ਬਾਵਾ ਅਤੇ ਸ੍ਰੀ ਖਹਿਰਾ ਨੂੰ ਭਰੋਸਾ ਦਿੱਤਾ ਕਿ ਉਹ ਸੌਂਪੀ ਗਈ ਜਿੰਮੇਵਾਰੀ ਨੂੰ ਤਨਦੇਹੀ ਨਾਲ ਨਿਭਾਉਂਦਿਆਂ ਜਥੇਬੰਦੀ ਦੀ ਮਜਬੂਤੀ ਲਈ ਕੰਮ ਕਰਨਗੇ। ਬਾਵਾ ਅਤੇ ਖਹਿਰਾ ਨੇ ਸੰਸਥਾ ਵੱਲੋਂ ਗਰੇਵਾਲ ਦਾ ਸਨਮਾਨ ਵੀ ਕੀਤਾ।

## ਨਸ਼ਾ ਤਸਕਰਾਂ ਵੱਲੋਂ ਪੁਲੀਸ ਮੁਲਾਜਮਾਂ ਨਾਲ ਬਦਸਲੂਕੀ; ਪੰਜ ਨਾਮਜਦ

ਜਗਰਾਉਂ, (ਪੱਤਰ ਪ੍ਰੇਰਕ)–ਪੁਲੀਸ ਨੇ ਟਰੈਕਟਰ ਸਵਾਰ ਪੰਜ ਨਸ਼ਾ ਤਸਕਰਾਂ ਖਿਲਾਫ ਪੁਲੀਸ ਮੁਲਾਜ਼ਮ ਦੀ ਵਰਦੀ ਨੂੰ ਹੱਥ ਪਾਉਣ ਅਤੇ ਧੱਕਾ ਮੁੱਕੀ ਕਰਨ ਦੇ ਦੋਸ਼ ਹੇਠ ਕੇਸ ਦਰਜ ਕੀਤਾ ਹੈ। ਘਟਨਾ ਮਗਰੋਂ ਤਸਕਰ ਮੌਕੇ ਤੋਂ ਫਰਾਰ ਹੋ ਗਏ ਜਦਕਿ ਪੁਲੀਸ ਨੇ ਟਰੈਕਟਰ ਕਬਜ਼ੇ 'ਚ ਲੈ ਕੇ ਅਗਲੇਰੀ ਕਾਰਵਾਈ ਅਰੰਭ ਦਿੱਤੀ ਹੈ। ਮਾਮਲੇ ਬਾਰੇ ਏ.ਐਸ.ਆਈ. ਬਲਵਿੰਦਰ ਸਿੰਘ ਨੇ ਦੱਸਿਆ ਕਿ ਉਹ ਮੁਲਾਜ਼ਮ ਨਾਲ ਇੱਥੋਂ ਦੇ ਮੁਹੱਲਾ ਗਾਂਧੀ ਨਗਰ ਮੌਜੂਦ ਸਨ ਤਾਂ ਉੱਥੋਂ ਇੱਕ ਜੌਨ ਡੀਅਰ ਟਰੈਕਟਰ ਲੰਘਿਆ ਜਿਸ 'ਤੇ ਨਸ਼ਾ ਤਸਕਰ ਹਰਮੇਲ ਉਰਫ ਵੇਹਲਾ ਅਤੇ ਵਿਸ਼ਾਲ ਉਰਫ ਲੋਚਾ ਬੈਠੇ ਸਨ। ਦੋਵਾਂ ਤਸਕਰਾਂ ਨੂੰ ਪੁਲੀਸ ਪਹਿਲਾਂ ਤੋਂ ਹੀ ਜਾਣਦੀ ਹੋਣ ਕਾਰਨ ਸ਼ੱਕ ਦੇ ਬਿਨਾਹ 'ਤੇ ਟਰੈਕਟਰ ਨੂੰ ਰੁਕਣ ਦਾ ਇਸ਼ਾਰਾ ਕੀਤਾ ਤਾਂ ਚਾਲਕ ਨੇ ਟਰੈਕਟਰ ਰੋਕਣ ਦੀ ਥਾਂ ਗਾਂਧੀ ਨਗਰ ਵੱਲ ਨੂੰ ਭਜਾ ਲਿਆ। ਪੁਲੀਸ ਨੇ ਜਦੋਂ ਟਰੈਕਟਰ ਦਾ ਪਿੱਛਾ ਕੀਤਾ ਤਾਂ ਟਰੈਕਟਰ ਹਰਮੇਲ ਦੇ ਘਰ ਖੜ੍ਹਾ ਸੀ। ਘਰ ਦੇ ਬਾਹਰ ਹਰਮੇਲ ਦਾ ਪਿਤਾ ਈਸ਼ਰ ਸਿੰਘ ਖੜ੍ਹਾ ਸੀ। ਹਰਮੇਲ ਵਿਹਲਾ ਨੇ ਪੁਲੀਸ ਨੂੰ ਦੇਖ ਹੋਰ ਬੰਦੇ ਬੁਲਾ ਲਏ। ਜਦੋਂ ਪੁਲੀਸ ਨੇ ਟਰੈਕਟਰ ਦੀ ਤਲਾਸ਼ੀ ਲੈਣੀ ਚਾਹੀ ਤਾਂ ਉਨ੍ਹਾਂ ਨੇ ਗਾਲੀ ਗਲੋਚ ਕਰਦਿਆਂ ਧੱਕਾ ਮੁੱਕੀ ਕੀਤੀ। ਮੁਲਜਮਾਂ ਨੇ ਸਿਪਾਹੀ ਹਰਮਨਦੀਪ ਸਿੰਘ (95 ਨੰਬਰ) ਦੀ ਵਰਦੀ ਨੂੰ ਨੁਕਸਾਨ ਪਹੁੰਚਾਇਆ ਅਤੇ ਪੁਲੀਸ ਮੁਲਾਜ਼ਮਾਂ ਨੂੰ ਡਿਊਟੀ ਕਰਨ 'ਚ ਵਿਘਨ ਪਾਉਣਾ ਸ਼ੁਰੂ ਕੀਤਾ। ਬਾਅਦ ਵਿੱਚ ਸਾਰੇ ਜਣੇ ਮੌਕੇ ਤੋਂ ਫਰਾਰ ਹੋ ਗਏ। ਉਨ੍ਹਾਂ ਦੱਸਿਆ ਕਿ ਪੁਲੀਸ ਨੇ ਹਰਮੇਲ ਵਿਹਲਾ, ਵਿਸ਼ਾਲ ਲੋਚਾ, ਕਰਮਜੀਤ ਸਿੰਘ, ਰਣਜੋਧ ਸਿੰਘ ਅਤੇ ਈਸ਼ਰ ਸਿੰਘ ਖਿਲਾਫ ਕੇਸ ਦਰਜ ਕਰਨ ਉਪਰੰਤ ਟਰੈਕਟਰ ਕਬਜ਼ੇ 'ਚ ਲੈ ਲਿਆ ਅਤੇ ਮੁਲਜ਼ਮਾਂ ਦੀ ਭਾਲ ਕੀਤੀ ਜਾ ਰਹੀ ਹੈ।

## ਫਾਸ਼ੀ ਹਮਲਿਆਂ ਖ਼ਿਲਾਫ਼ ਮੁਜ਼ਾਹਰਾ; ਬੁੱਧੀਜੀਵੀਆਂ ਦੀ ਰਿਹਾਈ ਮੰਗੀ

ਜਗਰਾਉਂ, (ਪੱਤਰ ਪ੍ਰੇਰਕ)–ਇਨਕਲਾਬੀ ਕੇਂਦਰ ਪੰਜਾਬ ਨੇ ਅੱਜ ਇਥੇ ਫਾਸ਼ੀ ਹਮਲਿਆਂ ਖ਼ਿਲਾਫ਼ ਪ੍ਰਦਰਸ਼ਨ ਕਰਦਿਆਂ ਜੇਲ੍ਹਾਂ 'ਚ ਬੰਦ ਬੁੱਧੀਜੀਵੀਆਂ ਦੀ ਰਿਹਾਈ ਦੀ ਮੰਗ ਕੀਤੀ। ਜਥੇਬੰਦੀ ਦੇ ਸੂਬਾਈ ਸਕੱਤਰ ਕੰਵਲਜੀਤ ਖੰਨਾ ਦੀ ਅਗਵਾਈ 'ਚ ਕੇਂਦਰ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕਰਦੇ ਹੋਏ ਫਿਰਕੂ ਵੰਡੀਆਂ ਪਾ ਕੇ ਲੋਕਾਂ ਨੂੰ ਧਰਮਾਂ, ਜਾਤਾਂ ਤੇ ਫਿਰਕਿਆਂ ਦੇ ਨਾਂ 'ਤੇ ਵੰਡਣ ਦੀਆਂ ਕੋਝੀਆਂ ਕੋਸ਼ਿਸ਼ਾਂ ਤੋਂ ਬਾਜ਼ ਆਉਣ ਦੀ ਨਸੀਹਤ ਦਿੱਤੀ ਗਈ। ਰੋਸ ਮੁਜ਼ਾਹਰੇ ਮਗਰੋਂ ਇਲਾਕਾ ਪ੍ਰਧਾਨ ਧਰਮ ਸਿੰਘ ਸੂਜਾਪੁਰ ਦੀ ਅਗਵਾਈ 'ਚ ਜਥੇਬੰਦੀ ਦਾ ਜਥਾ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਸੂਬਾਈ ਕਨਵੈਨਸ਼ਨ 'ਚ ਸ਼ਾਮਲ ਹੋਣ ਲਈ ਰਵਾਨਾ ਹੋਇਆ। ਜਗਰਾਉਂ 'ਚ ਮੁਜ਼ਾਹਰੇ 'ਚ ਬੋਲਦਿਆਂ ਆਗੂਆਂ ਨੇ ਕਿਹਾ ਕਿ ਪੰਜਾਬ ਨਾਲ ਕੇਂਦਰ ਸਰਕਾਰ ਦਾ ਵਧੀਕੀ ਅਤੇ ਧੱਕਾ ਜਾਰੀ ਹੈ ਜੋ ਸਹਿਣ ਨਹੀਂ ਕੀਤਾ ਜਾ ਸਕਦਾ। ਇਸੇ ਤਰਜ਼ 'ਤੇ ਸੂਬਾ ਸਰਕਾਰ ਪੰਜਾਬੀਆਂ ਨਾਲ ਧੱਕਾ ਕਰਨ 'ਤੇ ਉਤਾਰੂ ਹੈ। ਲੋਕਾਂ ਦੀ ਗੱਲ ਸੁਣਨ ਅਤੇ ਮੰਗਾਂ ਮੰਨਣ ਦੀ ਥਾਂ ਕਾਰਪੋਰੇਟ ਘਰਾਣਿਆਂ ਦਾ ਪੱਖ ਪੂਰਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਕੇਂਦਰ ਦੀ ਭਾਜਪਾ ਸਰਕਾਰ ਅਤੇ ਆਰਐੱਸਐੱਸ ਕੇਂਦਰੀ ਏਜੰਸੀਆਂ ਰਾਹੀਂ ਰਾਜਾਂ ਦੇ ਅਧਿਕਾਰਾਂ ਨੂੰ ਹੜੱਪਣ ਲਈ ਫੈਡਰਲ ਢਾਂਚੇ ਦੇ ਉਲਟ ਕੰਮ ਕਰ ਰਹੀ ਹੈ। ਉਨ੍ਹਾਂ ਯੂਏਪੀਏ ਵਰਗੇ ਕਾਲੇ ਕਾਨੂੰਨ ਰੱਦ ਕਰਨ, ਭੀਮਾ ਕੋਰੇਗਾਓਂ ਦੇ ਝੂਠੇ ਤੇ ਮਨਘੜਤ ਕੇਸ 'ਚ ਪਿਛਲੇ ਕਈ ਸਾਲਾਂ ਤੋਂ ਜੇਲ੍ਹਾਂ 'ਚ ਬੰਦ ਬੁੱਧੀਜੀਵੀਆਂ ਤੇ ਸਜ਼ਾਵਾਂ ਭੁਗਤ ਚੁੱਕੇ ਬੰਦੀਆਂ ਦੀ ਰਿਹਾਈ ਦੀ ਮੰਗ ਕੀਤੀ। ਦੇਸ਼ 'ਚ ਯੂਨੀਫਾਈਡ ਸਿਵਲ ਕੋਡ ਲਾਗੂ ਕਰਨ, ਕੌਮੀ ਜਾਂਚ ਏਜੰਸੀ ਦੇ ਰਾਜਾਂ 'ਚ ਦਫ਼ਤਰ ਖੋਲ੍ਹਣ, ਦੇਸ਼ ਭਰ 'ਚ ਪੁਲੀਸ ਦੀ ਇਕ ਵਰਦੀ ਬਨਾਉਣ ਜਿਹੇ ਕਦਮਾਂ ਰਾਹੀਂ ਇਕ ਤਾਨਾਸ਼ਾਹ ਰਾਜ ਦੀ ਮੋਦੀ ਸਰਕਾਰ ਵੱਲੋਂ ਕੀਤੀ ਜਾ ਰਹੀ ਉਸਾਰੀ ਲੋਕ ਸੰਘਰਸ਼ਾਂ ਲਈ ਇਕ ਵੱਡਾ ਚੈਲੰਜ ਕਰਾਰ ਦਿੱਤਾ। ਉਨ੍ਹਾਂ ਕਿਹਾ ਜਮਾਤੀ ਘੋਲਾਂ ਦੇ ਨਾਲ ਨਾਲ ਜਮਹੂਰੀਅਤ ਬਚਾਉਣ ਦੀ ਲੜਾਈ ਬੇਹੱਦ ਮਹੱਤਵਪੂਰਨ ਹੈ।

# ਲੋੜਵੰਦਾਂ ਨੂੰ ਤਕਰੀਬਨ 200 ਦੇ ਕਰੀਬ ਕੰਬਲ ਵੰਡੇ ਗਏ




ਐੱਸਏਐੱਸ ਨਗਰ , (ਪੱਤਰ ਪ੍ਰੇਰਕ)- ਲਾਇਨਜ਼ ਕਲੱਬ ਮੁਹਾਲੀ ਐੱਸਏਐੱਸ ਨਗਰ ਵੱਲੋਂ ਚਾਰੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰ ਕੌਰ ਜੀ ਦੀ ਲਾਸਾਨੀ ਸ਼ਹਾਦਤ ਦੇ ਦਿਨਾਂ ਅਤੇ ਸ਼ੀਤ ਰੁੱਤ ਨੂੰ ਮੁੱਖ ਰੱਖਦਿਆਂ ਲਾਇਨਜ਼ ਕਲੱਬਜ਼ ਦੇ ਡਿਸਟ੍ਰਿਕ ਗਵਰਨਰ ਐੱਮਜੇਐੱਫ ਲਾਇਨ ਲਲਿਤ ਬਹਿਲ ਵੱਲੋਂ ਲੋੜਵੰਦ ਲੋਕਾਂ ਲਈ ਸਾਰੇ ਡਿਸਟ੍ਰਿਕ ਦੇ ਕਲੱਬਾਂ ਵੱਲੋਂ ਕੰਬਲ ਜਾਂ ਊਨੀ ਕੱਪੜੇ ਵੰਡਣ ਦੀ ਬੇਨਤੀ ਕੀਤੀ ਗਈ ਸੀ। ਇਸ ਸੇਵਾ ਨਾਲ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਜਾ ਸਕਣਗੇ ਅਤੇ ਲੋੜਵੰਦਾਂ ਦਾ ਤਨ ਵੀ ਢਕਿਆ ਜਾ ਸਕੇਗਾ ਕਲੱਬ ਦੇ ਪ੍ਰਧਾਨ ਲਾਇਨ ਅਮਨਦੀਪ ਸਿੰਘ ਗੁਲਾਟੀ ਦਾ ਮੰਨਣਾ ਹੈ ਕਿ ਗੁਰੂ ਦੇ ਲੰਗਰਾਂ ਦਾ ਆਯੋਜਨ ਤਾਂ ਹਰੇਕ ਜਗ੍ਹਾ ਹੀ ਕੀਤਾ ਜਾਂਦਾ ਹੈ, ਪਰ ਇਹ ਨਿਵੇਕਲਾ ਉਪਰਾਲਾ ਵੀ ਕਰਨਾ ਵੀ ਜ਼ਰੂਰੀ ਹੈ, ਜਿਸ ਨਾਲ ਕਿਸੇ ਜ਼ਰੂਰਤਮੰਦ ਦੀ ਮਦਦ ਵੀ ਹੋ ਸਕੇ।ਇਸ ਬੇਨਤੀ ਨੂੰ ਪ੍ਰਵਾਨ ਕਰਦੇ ਹੋਏ ਲਾਇਨਜ਼ ਕਲੱਬ ਮੁਹਾਲੀ ਐੱਸਏਐੱਸ ਨਗਰ ਅਤੇ ਲਾਇਨਜ਼ ਕਲੱਬ ਮੁਹਾਲੀ ਸੁਪਰੀਮ ਵੱਲੋਂ ਰਲ਼ ਕੇ ਮਨੁੱਖਤਾ ਦੀ ਸੇਵਾ ਕਰਦਿਆਂ ਖਰੜ ਅਤੇ ਮੁਹਾਲੀ ਵਿਖੇ ਲੋੜਵੰਦਾਂ ਨੂੰ ਤਕਰੀਬਨ 200 ਦੇ ਕਰੀਬ ਕੰਬਲ ਵੰਡੇ ਗਏ ਇਸ ਸੇਵਾ ਨੂੰ ਨੇਪਰੇ ਚੜ੍ਹਨ ਲਈ ਦੋਵੇਂ ਕਲੱਬਾਂ ਦੇ ਮੈਂਬਰਾਂ ਵੱਲੋਂ ਦਿੱਤੇ ਗਏ ਸਹਿਯੋਗ ਦੀ ਮੁਹਾਲੀ ਸੁਪਰੀਮ ਦੇ ਪ੍ਰਧਾਨ ਲਾਇਨ ਤਿਲਕ ਰਾਜ ਵੱਲੋਂ ਸ਼ਲਾਘਾ ਕੀਤੀ ਗਈ ਅਤੇ ਦਿਲੋਂ ਧੰਨਵਾਦ ਕੀਤਾ ਗਿਆ ਇਸ ਉਪਰੰਤ ਲਾਇਨਜ਼ ਕਲੱਬ ਮੁਹਾਲੀ ਐੱਸਏਐੱਸ ਨਗਰ ਵੱਲੋਂ ਚਾਰੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰ ਕੌਰ ਜੀ ਦੀ ਲਾਸਾਨੀ ਸ਼ਹਾਦਤ ਨੂੰ ਮੁੱਖ ਰੱਖਦਿਆਂ ਸ਼ਹਿਰ ਦੇ ਵੱਖ ਵੱਖ ਚੌਂਕਾਂ ਫੇਜ਼ 1, ਫੇਜ਼ 3-5, ਫੇਜ਼ 3-7, ਫੇਜ਼ 9 ਅਤੇ ਫੇਜ਼ 11 ਦੇ ਲਾਈਟਾਂ ਵਾਲੇ ਚੌਂਕਾਂ ਉੱਤੇ ਪ੍ਰਣਾਮ ਸ਼ਹੀਦਾਂ ਨੂੰ ਦੇ ਹੋਲਡਿੰਗ ਲਗਵਾ ਕੇ ਮਾਤਾ ਜੀ ਅਤੇ ਸਾਹਿਬਜ਼ਾਦਿਆਂ ਨੂੰ ਸ਼ਰਧਾ ਦੇ ਫੂਲ ਭੇਂਟ ਕੀਤੇ। ਜਿਸ ਦੀ ਸੇਵਾ ਸਾਡੇ ਕਲੱਬ ਦੇ ਚਾਰਟਰ ਪ੍ਰਧਾਨ ਲਾਇਨ ਅਮਰੀਕ ਸਿੰਘ ਮੁਹਾਲੀ ਵੱਲੋਂ ਕੀਤੀ ਗਈ। ਅੰਤ 'ਚ ਕਲੱਬ ਦੇ ਪ੍ਰਬੰਧਕ ਲਾਇਨ ਹਰਿੰਦਰ ਪਾਲ ਸਿੰਘ ਹੈਰੀ ਨੇ ਉੱਥੇ ਮੌਜੂਦ ਦੋਵੇਂ ਕਲੱਬਾਂ ਦੇ ਮੈਂਬਰਾਂ ਦਾ ਸਹਿਯੋਗ ਦੇਣ 'ਤੇ ਧੰਨਵਾਦ ਕੀਤਾ ।

# ਸੂਚਨਾ ਤੇ ਲੋਕ ਸੰਪਰਕ ਵਿਭਾਗ ਦੇ ਵਧੀਕ ਡਾਇਰੈਕਟਰ ਡਾ. ਉਪਿੰਦਰ ਸਿੰਘ ਲਾਂਬਾ ਨੂੰ ਦਿੱਤੀ ਨਿੱਘੀ ਵਿਦਾਇਗੀ



ਚੰਡੀਗੜ੍ਹ , (ਪੱਤਰ ਪ੍ਰੇਰਕ)- ਪੰਜਾਬ ਦੇ ਸੂਚਨਾ ਅਤੇ ਲੋਕ ਸੰਪਰਕ ਵਿਭਾਗ ਦੇ ਅਧਿਕਾਰੀਆਂ ਅਤੇ ਮੁਲਾਜ਼ਮਾਂ ਵੱਲੋਂ ਅੱਜ ਵਧੀਕ ਡਾਇਰੈਕਟਰ ਡਾ. ਉਪਿੰਦਰ ਸਿੰਘ ਲਾਂਬਾ ਨੂੰ ਉਨ੍ਹਾਂ ਦੀ ਸੇਵਾ-ਮੁਕਤੀ 'ਤੇ ਨਿੱਘੀ ਵਿਦਾਇਗੀ ਦਿੱਤੀ ਗਈ। ਡਾ. ਲਾਂਬਾ 36 ਸਾਲ ਦੀ ਸ਼ਾਨਦਾਰ ਸੇਵਾ ਨਿਭਾਉਣ ਤੋਂ ਬਾਅਦ ਸੇਵਾ-ਮੁਕਤ ਹੋਏ ਹਨ। ਇਥੇ ਪੰਜਾਬ ਭਵਨ ਵਿਖੇ ਪ੍ਰਭਾਵਸ਼ਾਲੀ ਸਮਾਗਮ ਦੌਰਾਨ ਰਾਹੁਲ ਭੰਡਾਰੀ, ਪ੍ਰਮੁੱਖ ਸਕੱਤਰ, ਸੂਚਨਾ ਅਤੇ ਲੋਕ ਸੰਪਰਕ ਅਤੇ ਸ੍ਰੀ ਸੰਦੀਪ ਸਿੰਘ ਗੜ੍ਹਾ, ਵਧੀਕ ਡਾਇਰੈਕਟਰ (ਪ੍ਰਸ਼ਾਸਨ) ਸਣੇ ਹੋਰਨਾਂ ਅਧਿਕਾਰੀਆਂ ਨੇ ਡਾ. ਲਾਂਬਾ ਵੱਲੋਂ ਨਿਭਾਈਆਂ ਸ਼ਾਨਦਾਰ ਸੇਵਾਵਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਉਨ੍ਹਾਂ ਵੱਲੋਂ ਸਖ਼ਤ ਮਿਹਨਤ, ਲਗਨ ਅਤੇ ਦ੍ਰਿੜਤਾ ਨਾਲ ਨਿਭਾਈ ਜਿੰਮੇਵਾਰੀ ਸੇਵਾ ਉਨ੍ਹਾਂ ਦੇ ਸਾਥੀਆਂ ਅਤੇ ਹੋਰ ਸਟਾਫ ਮੈਂਬਰਾਂ ਨੂੰ ਆਪਣੀ ਡਿਊਟੀ ਜਿੰਮੇਵਾਰੀ ਤੇ ਪੂਰੀ ਤਨਦੇਹੀ ਨਾਲ ਨਿਭਾਉਣ ਲਈ ਪ੍ਰੇਰਿਤ ਕਰਦੀ ਰਹੇਗੀ। ਅਧਿਕਾਰੀਆਂ ਨੇ ਕਿਹਾ ਕਿ ਡਾ. ਲਾਂਬਾ ਵਿਭਾਗ ਲਈ ਇੱਕ ਬਹੁਮੁੱਲੀ ਸੰਪਤੀ ਵਾਂਗ ਸਨ ਅਤੇ ਉਨ੍ਹਾਂ ਦੀ ਸੇਵਾ-ਮੁਕਤੀ ਨਾਲ ਇੱਕ ਖਲਾਅ ਪੈਦਾ ਹੋ ਗਿਆ ਹੈ ਜਿਸ ਨੂੰ ਪੁਰ ਕਰਨਾ ਮੁਸਕਲ ਹੋਵੇਗਾ। ਡਾ. ਲਾਂਬਾ ਦ ਸੇਵਾ-ਮੁਕਤੀ ਪਿੱਛੋਂ ਬਿਹਤਰ ਤੇ ਸਿਹਤਮੰਦ ਜੀਵਨ ਅਤੇ ਉੱਜਲ ਭਵਿੱਖ ਦੀ ਕਾਮਨਾ ਕਰਦਿਆਂ ਅਧਿਕਾਰੀਆਂ ਨੇ ਉਮੀਦ ਜਤਾਈ ਕਿ ਉਹ ਭਵਿੱਖ ਵਿੱਚ ਆਪਣੇ ਸਾਹਿਤਕ ਕਾਰਜ ਨੂੰ ਅੱਗੇ ਵਧਾਉਣਗੇ ਅਤੇ ਕਾਨੂੰਨ ਦੇ ਖੇਤਰ ਵਿੱਚ ਉਸਾਰੂ ਯੋਗਦਾਨ ਪਾਉਣ ਸਣੇ ਸਮਾਜ ਭਲਾਈ ਲਈ ਖੁੱਲ੍ਹਦਿਲੀ ਨਾਲ ਕੰਮ ਕਰਦੇ ਰਹਿਣਗੇ। ਉਨ੍ਹਾਂ ਕਿਹਾ ਕਿ ਆਪਣੇ ਲੰਮੇ ਪੇਸੇਵਾਰਾਨਾ ਸਫਰ ਦੀ ਸਫਲਤਾਪੂਰਵਕ ਸਮਾਪਤੀ ਪਿੱਛੋਂ ਹੁਣ ਡਾ. ਲਾਂਬਾ ਆਪਣੀ ਸਮਾਜਿਕ ਜਿੰਮੇਵਾਰੀ ਨੂੰ ਸੁਚੱਜੇ ਢੰਗ ਨਾਲ ਨਿਭਾਉਣ ਦੇ ਨਾਲ-ਨਾਲ ਆਪਣੇ ਪਰਿਵਾਰਕ ਮੈਂਬਰਾਂ ਲਈ ਵਧੇਰੇ ਸਮਾਂ ਕੱਢ ਸਕਣਗੇ। ਅਧਿਕਾਰੀਆਂ ਨੇ ਡਾ. ਉਪਿੰਦਰ ਸਿੰਘ ਲਾਂਬਾ ਵੱਲੋਂ ਸਰਕਾਰੀ ਨੌਕਰੀ ਦੇ ਮੁਸ਼ਕਲਾਂ ਭਰੇ ਸਫਰ ਦੌਰਾਨ ਆਪਣੀ ਪੜ੍ਹਾਈ ਜਾਰੀ ਰੱਖਦਿਆਂ "ਸਰਕਾਰੀ, ਜਨਤਕ ਅਤੇ ਨਿੱਜੀ ਖੇਤਰ ਦੇ ਲੋਕ ਸੰਪਰਕ 'ਚ ਬਦਲਦੀਆਂ ਰਣਨੀਤੀਆਂ ਤੇ ਤਕਨੀਕਾਂ ਦਾ ਤੁਲਨਾਤਮਕ ਅਧਿਐਨ" ਵਿਸ਼ੇ 'ਤੇ ਪੀਐਚ.ਡੀ. ਕਰਨ ਦੀ ਸ਼ਲਾਘਾ ਕੀਤੀ ਅਤੇ ਹੈੱਡਕੁਆਰਟਰ ਤੇ ਜਿਲ੍ਹਾ ਅਧਿਕਾਰੀਆਂ ਨੂੰ ਡਾ. ਲਾਂਬਾ ਵਾਂਗ ਨਿਰੰਤਰ ਪੜ੍ਹਾਈ ਕਰ ਕੇ ਆਪਣਾ ਹੁਨਰ ਨਿਖਾਰਨ ਦੀ ਅਪੀਲ ਕੀਤੀ। ਆਪਣੇ ਸੰਬੋਧਨ ਦੌਰਾਨ ਡਾ. ਲਾਂਬਾ ਨੇ ਵਿਭਾਗ ਵਿੱਚ ਆਪਣੇ ਤਜਰਬੇ ਅਧਿਕਾਰੀਆਂ ਨਾਲ ਸਾਂਝੇ ਕੀਤੇ ਅਤੇ ਆਪਣੇ ਪੇਸ਼ੇਵਾਰਾਨਾ ਜੀਵਨ ਦੌਰਾਨ ਮਾਰਗਦਰਸ਼ਨ ਲਈ ਸੀਨੀਅਰ ਅਧਿਕਾਰੀਆਂ ਦਾ ਧੰਨਵਾਦ ਕੀਤਾ। ਇਸ ਮੌਕੇ ਸੂਚਨਾ ਅਤੇ ਲੋਕ ਸੰਪਰਕ ਵਿਭਾਗ ਦੇ ਅਧਿਕਾਰੀਆਂ ਵੱਲੋਂ ਡਾ. ਉਪਿੰਦਰ ਸਿੰਘ ਲਾਂਬਾ ਨੂੰ ਸਨਮਾਨ ਚਿੰਨ੍ਹ ਅਤੇ ਤੋਹਫੇ ਦੇ ਕੇ ਸਨਮਾਨਿਤ ਵੀ ਕੀਤਾ ਗਿਆ। ਸਮਾਗਮ ਦੌਰਾਨ ਡਾ. ਲਾਂਬਾ ਦੇ ਪਰਿਵਾਰਕ ਮੈਂਬਰਾਂ ਤੋਂ ਇਲਾਵਾ ਸ੍ਰੀ ਰਣਦੀਪ ਸਿੰਘ ਆਹਲੂਵਾਲੀਆ ਅਤੇ ਸ੍ਰੀ ਹਰਜੀਤ ਸਿੰਘ ਗਰੇਵਾਲ (ਦੋਵੇਂ ਜੁਆਇੰਟ ਡਾਇਰੈਕਟਰ), ਸ੍ਰੀ ਇਸਵਿੰਦਰ ਸਿੰਘ ਗਰੇਵਾਲ, ਸ੍ਰੀਮਤੀ ਸ਼ਿਖਾ ਨਹਿਰਾ ਅਤੇ ਸ੍ਰੀ ਮਨਵਿੰਦਰ ਸਿੰਘ (ਸਾਰੇ ਡਿਪਟੀ ਡਾਇਰੈਕਟਰ), ਆਈਪੀਆਰ.ਓਜ, ਡੀਪੀਆਰ.ਓਜ, ਏਪੀਆਰ.ਓਜ ਅਤੇ ਵਿਭਾਗ ਦੇ ਹੋਰ ਅਧਿਕਾਰੀ ਤੇ ਕਰਮਚਾਰੀ ਹਾਜਰ ਸਨ।

# ਰਿਆਤ ਬਾਹਰਾ 'ਵਰਸਿਟੀ ਵੱਲੋਂ ਨਵੇਂ ਕੋਰਸ ਸ਼ੁਰੂ ਕਰਨ ਤੇ ਹੋਰ ਵਜ਼ੀਫ਼ਿਆਂ ਦੀ ਪੇਸ਼ਕਸ਼




ਐੱਸਏਐੱਸ ਨਗਰ , (ਪੱਤਰ ਪ੍ਰੇਰਕ)- ਰਿਆਤ ਬਾਹਰਾ ਯੂਨੀਵਰਸਿਟੀ ਨੇ ਰੁਜ਼ਗਾਰ ਬਾਜ਼ਾਰ ਦੀ ਮੰਗ ਨੂੰ ਦੇਖਦੇ ਹੋਏ ਅਧਿਐਨ ਦੇ ਨਵੇਂ ਕੋਰਸ ਸ਼ੁਰੂ ਕਰਨ ਦਾ ਫੈਸਲਾ ਕੀਤਾ ਹੈ। ਇਨ੍ਹਾਂ ਨਵੇਂ ਤਕਨੀਕੀ ਅਤੇ ਕਿੱਤਾ-ਮੁਖੀ ਕੋਰਸਾਂ 'ਚ ਵਿਦਿਆਰਥੀਆਂ ਲਈ ਵੱਖ-ਵੱਖ ਖੇਤਰਾਂ 'ਚ ਰੁਜ਼ਗਾਰ ਦੀਆਂ ਅਥਾਹ ਸੰਭਾਵਨਾਵਾਂ ਹਨ। ਇਸ ਤੋਂ ਇਲਾਵਾ ਆਉਣ ਵਾਲੇ ਸੈਸ਼ਨ 'ਚ ਹੋਰ ਵਜ਼ੀਫੇ ਵੀ ਸ਼ੁਰੂ ਕੀਤੇ ਜਾਣਗੇ।ਰਿਆਤ ਬਾਹਰਾ ਯੂਨੀਵਰਸਿਟੀ ਦੇ ਚਾਂਸਲਰ ਗੁਰਵਿੰਦਰ ਸਿੰਘ ਬਾਹਰਾ ਨੇ ਅੱਜ ਇੱਥੇ ਇਕ ਮੀਡੀਆ ਬ੍ਰੀਫਿੰਗ ਦੌਰਾਨ ਇਹ ਐਲਾਨ ਕਰਦਿਆਂ ਦੱਸਿਆ ਕਿ ਆਉਣ ਵਾਲੇ ਸੈਸ਼ਨ 'ਚ ਯੂਨੀਵਰਸਿਟੀ ਵੱਲੋਂ ਨਵੇਂ ਕੋਰਸਾਂ ਤੋਂ ਇਲਾਵਾ ਵਿਦਿਆਰਥੀਆਂ ਨੂੰ ਹੋਰ ਵਜ਼ੀਫੇ ਵੀ ਦਿੱਤੇ ਜਾਣਗੇ।ਉਨ੍ਹਾਂ ਕਿਹਾ ਕਿ ਯੂਨੀਵਰਸਿਟੀ ਨੇ ਵਿਦਿਆਰਥੀਆਂ ਦੀ ਰੁਜ਼ਗਾਰ ਦੀ ਸੰਭਾਵਨਾ ਨੂੰ ਵਧਾਉਣ ਲਈ ਚੋਟੀ ਦੀਆਂ ਬਹੁ-ਰਾਸ਼ਟਰੀ ਕੰਪਨੀਆਂ ਦੇ ਸਹਿਯੋਗ ਨਾਲ ਪਹਿਲਾਂ ਹੀ ਵੱਡੀ ਗਿਣਤੀ 'ਚ ਨਿਊਏਜ਼ ਕੋਰਸ ਸ਼ੁਰੂ ਕੀਤੇ ਹਨ। ਯੂਨੀਵਰਸਿਟੀ ਦੇਸ਼ ਦੇ ਇਸ ਹਿੱਸੇ 'ਚ ਸਭ ਤੋਂ ਉੱਤਮ, ਆਕਰਸ਼ਕ ਸਕਾਲਰਸ਼ਿਪ ਸਕੀਮਾਂ ਦੀ ਪੇਸ਼ਕਸ਼ ਕਰਦੀ ਹੈ, ਸਭ ਤੋਂ ਵੱਧ ਪਲੇਸਮੈਂਟ ਰਿਕਾਰਡ ਅਤੇ ਅਤਿ-ਆਧੁਨਿਕ ਸਹੂਲਤਾਂ ਰੱਖਦੀ ਹੈ।ਗੁਰਵਿੰਦਰ ਸਿੰਘ ਬਾਹਰਾ, ਜੋ ਕਿ ਰਿਆਤ ਬਾਹਰਾ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਦੇ ਚੇਅਰਮੈਨ ਵੀ ਹਨ, ਨੇ ਕਿਹਾ ਕਿ ਯੂਨੀਵਰਸਿਟੀ ਨੇ ਕਈ ਸਕਾਲਰਸ਼ਿਪ ਸਕੀਮਾਂ ਪੇਸ਼ ਕੀਤੀਆਂ ਹਨ ਅਤੇ ਆਪਣੇ ਵਿਦਿਆਰਥੀਆਂ ਨੂੰ ਕੁੱਲ 10 ਕਰੋੜ ਰੁਪਏ ਤੋਂ ਵੱਧ ਦੇ ਵਜ਼ੀਫੇ ਦੀ ਪੇਸ਼ਕਸ਼ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਕੈਂਪਸ 'ਚ ਉਪਲੱਬਧ ਉੱਚ ਪਲੇਸਮੈਂਟ ਟਰੈਕ ਰਿਕਾਰਡ ਅਤੇ ਅਤਿ-ਆਧੁਨਿਕ ਸਹੂਲਤਾਂ ਦੇ ਮੱਦੇਨਜ਼ਰ, ਰਿਆਤ ਬਾਹਰਾ ਯੂਨੀਵਰਸਿਟੀ ਦੇਸ਼ ਦੇ ਵੱਖ-ਵੱਖ ਹਿੱਸਿਆਂ ਦੇ ਨਾਲ-ਨਾਲ ਵਿਦੇਸ਼ਾਂ ਤੋਂ ਵੀ ਵਿਦਿਆਰਥੀਆਂ ਲਈ ਸਭ ਤੋਂ ਪਸੰਦੀਦਾ ਸਥਾਨ ਬਣ ਗਈ ਹੈ।ਚਾਂਸਲਰ ਨੇ ਕਿਹਾ ਕਿ ਰਿਆਤ ਬਾਹਰਾ ਯੂਨੀਵਰਸਿਟੀ ਮਿਆਰੀ ਸਿੱਖਿਆ ਦਾ ਸਮਾਨਾਰਥੀ ਹੈ। ਇਹ ਇਕ ਬ੍ਰਾਂਡ ਨਾਮ ਬਣਾਉਣ ਵਿਚ ਕਾਮਯਾਬ ਰਿਹਾ ਹੈ ਜੋ ਕਿ ਬੇਮਿਸਾਲ ਫੈਕਲਟੀ ਤਾਕਤ ਅਤੇ ਪੂਰੀ ਤਰ੍ਹਾਂ ਨਾਲ ਬੁਨਿਆਦੀ ਢਾਂਚੇ ਦੀਆਂ ਸਹੂਲਤਾਂ ਲਈ ਖੜ੍ਹਾ ਹੈ। ਉਨ੍ਹਾਂ ਅੱਗੇ ਕਿਹਾ ਕਿ ਸਾਡੇ ਵਿਦਿਆਰਥੀ ਸਾਡੇ ਯਤਨਾਂ ਅਤੇ ਦਾਅਵਿਆਂ ਦੀ ਗਵਾਹੀ ਦਿੰਦੇ ਹਨ। ਸਾਡੀ ਤਜਰਬੇਕਾਰ ਅਤੇ ਕੁਸ਼ਲ ਫੈਕਲਟੀ ਸਾਡੀ ਸਭ ਤੋਂ ਵੱਡੀ ਤਾਕਤ ਹੈ। ਅਸੀਂ ਹਾਲ ਹੀ ਵਿਚ ਕੁਝ ਮੀਲ-ਚਿੰਨ੍ਹ ਪ੍ਰਾਪਤ ਕੀਤੇ ਹਨ ਅਤੇ ਆਉਣ ਵਾਲੇ ਸਾਲ ਲਈ ਨਵੇਂ ਟੀਚੇ ਤੈਅ ਕੀਤੇ ਹਨ। ਅਸੀਂ ਇਸ ਸੰਸਥਾ ਲਈ ਇਕ ਸ਼ਾਨਦਾਰ ਭਵਿੱਖ ਦੀ ਕਲਪਨਾ ਕੀਤੀ ਹੈ ਜੋ ਕਿ ਤੁਹਾਡੇ ਸਹਿਯੋਗ ਦੇ ਨਾਲ ਹੀ ਸੰਭਵ ਹੋਵੇਗਾ

# ਸਾਲ 2022 ਦੌਰਾਨ ਮਾਲ ਵਿਭਾਗ ਨੇ ਕਈ ਲੋਕ ਪੱਖੀ ਸੇਵਾਵਾਂ ਤੇ ਸੁਵਿਧਾਵਾਂ ਕੀਤੀਆਂ ਸ਼ੁਰੂ, ਮਾਲ ਵਿਭਾਗ ਦੀ ਆਮਦਨ ਵਿਚ ਵੀ ਆਇਆ ਉਛਾਲ

ਚੰਡੀਗੜ੍ਹ , (ਪੱਤਰ ਪ੍ਰੇਰਕ)- ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਿਚ ਮਾਲ ਵਿਭਾਗ ਨੇ ਸਾਲ 2022 ਦੌਰਾਨ ਕਈ ਲੋਕ ਪੱਖੀਂ ਸੁਵਿਧਾਵਾਂ ਸ਼ੁਰੂ ਕੀਤੀਆਂ ਹਨ। ਹੁਣ ਪੰਜਾਬ ਵਾਸੀਆਂ ਨੂੰ ਪਾਰਦਰਸ਼ੀ, ਖੱਜਲ-ਖੁਆਰੀ ਰਹਿਤ ਅਤੇ ਭ੍ਰਿਸ਼ਟਾਚਾਰ ਮੁਕਤ ਸੇਵਾਵਾਂ ਮਿਲ ਰਹੀਆਂ ਹਨ। ਇਸ ਤੋਂ ਪਹਿਲਾਂ ਮਾਲ ਵਿਭਾਗ ਦੇ ਕੰਮ ਕਰਨ ਦੇ ਤਰੀਕਿਆਂ ਤੋਂ ਆਮ ਲੋਕ ਬਹੁਤ ਦੁਖੀ ਸਨ ਪਰ ਜਦੋਂ ਤੋਂ ਮੁੱਖ ਮੰਤਰੀ ਭਗਵੰਤ ਮਾਨ ਨੇ ਸੂਬੇ ਦੀ ਸੇਵਾ ਸੰਭਾਲੀ ਹੈ ਉਦੋਂ ਤੋਂ ਲੋਕਾਂ ਨੂੰ ਸੁਚਾਰੂ ਅਤੇ ਵਧੀਆ ਸੇਵਾਵਾਂ ਮਿਲ ਰਹੀਆਂ ਹਨ।ਮਾਲ ਮੰਤਰੀ ਬ੍ਰਮ ਸ਼ੰਕਰ ਜਿੰਪਾ ਨੇ ਦੱਸਿਆ ਕਿ ਸਾਲ 2022 ਮਾਲ ਵਿਭਾਗ ਲਈ ਕ੍ਰਾਂਤੀਕਾਰੀ ਵਰ੍ਹੇ ਦੇ ਤੌਰ 'ਤੇ ਯਾਦ ਕੀਤਾ ਜਾਵੇਗਾ ਕਿਉਂ ਕਿ ਅਜਿਹੀਆਂ ਬਹੁਤ ਸਾਰੀਆਂ ਪਹਿਲਕਦਮੀਆਂ ਮਾਨ ਸਰਕਾਰ ਦੇ ਹਿੱਸੇ ਆਈਆਂ ਹਨ ਜਿਸ ਸਦਕਾ ਆਮ ਲੋਕਾਂ ਨੇ ਸੁੱਖ ਦਾ ਸਾਹ ਲਿਆ ਹੈ। ਇਸ ਸਾਲ ਪੰਜਾਬ ਸਰਕਾਰ ਨੇ ਖਾਨਗੀ ਤਕਸੀਮ ਕਰਨ ਦੀ ਪ੍ਰਕਿਰਿਆ ਨੂੰ ਅਸਰਦਾਰ ਅਤੇ ਪ੍ਰਭਾਵੀ ਬਣਾਉਣ ਲਈ ਇਕ ਵੈੱਬਸਾਈਟ ਸ਼ੁਰੂ ਕੀਤੀ। ਇਸ ਨਾਲ ਨਿਸ਼ਾਨਦੇਹੀ ਕਰਵਾਉਣੀ ਸੁਖਾਲੀ ਹੋ ਗਈ ਹੈ। ਇਸ ਨਾਲ ਜ਼ਮੀਨ ਦੀ ਖਰੀਦ-ਫਰੋਖਤ ਵਿੱਚ ਆਸਾਨੀ ਹੋਵੇਗੀ। ਵੱਖਰੇ ਖਾਤੇ ਹੋਣ ਨਾਲ ਆਪਸੀ ਝਗੜਿਆ ਵਿੱਚ ਕਮੀ ਆਵੇਗੀ। ਫਸਲਾਂ ਦੇ ਖਰਾਬੇ ਦਾ ਮੁਆਵਜ਼ਾ ਲੈਣਾ ਆਸਾਨ ਹੋਵੇਗਾ। ਇਸ ਤੋਂ ਇਲਾਵਾ ਜਮ੍ਹਾਂਬੰਦੀ ਦੀ ਨਕਲ ਸਸਤੀ ਪ੍ਰਾਪਤ ਕੀਤੀ ਜਾ ਸਕਦੀ ਹੈ। ਹਿੱਸੇਦਾਰਾਂ ਦੇ ਨਾਮ ਦਰਜ ਰਹਿਣ ਨਾਲ ਅਦਾਲਤਾਂ ਦੇ ਹੁਕਮਾਂ ਤੋਂ ਨਿਜਾਤ



ਮਿਲੇਗੀ। ਮਾਲ ਮੰਤਰੀ ਨੇ ਦੱਸਿਆ ਕਿ ਸਟੈਂਪ ਪੇਪਰਾਂ ਦੀ ਖਰੀਦ ਨੂੰ ਸਰਲ ਬਣਾਉਣ ਲਈ ਈ-ਸਟੈਂਪ ਪੇਪਰ ਦੀ ਸੁਵਿਧਾ ਸ਼ੁਰੂ ਕੀਤੀ ਗਈ ਹੈ। ਇਸ ਤਹਿਤ ਹੁਣ ਹਰ ਕੀਮਤ ਦੇ ਸਟੈਂਪ ਪੇਪਰ ਜਾਰੀ ਕੀਤੇ ਜਾ ਰਹੇ ਹਨ। ਪੰਜਾਬ ਦੇ 7520 ਪਿੰਡਾਂ ਦੇ ਨਕਸ਼ਿਆਂ ਅਤੇ ਕੁੱਲ 46861 ਮੁਸਾਵੀ ਸ਼ੀਟਾਂ ਨੂੰ ਡਿਜੀਟਾਈਜ਼ਡ ਕੀਤਾ ਜਾ ਚੁੱਕਾ ਹੈ। ਉਨ੍ਹਾਂ ਦੱਸਿਆ ਕਿ ਮਾਲ ਵਿਭਾਗ ਦੇ ਕੰਮ ਨੂੰ ਹੋਰ ਸੁਚਾਰੂ ਤੇ ਚੁਸਤ ਕਰਨ ਦੇ ਮਕਸਦ ਨਾਲ 1090 ਨਵੇਂ ਪਟਵਾਰੀਆਂ ਦੀ ਭਰਤੀ ਮੁਕੰਮਲ ਕੀਤੀ ਗਈ ਜਦਕਿ ਮੰਤਰੀ ਮੰਡਲ ਵੱਲੋਂ ਪਟਵਾਰੀਆਂ ਦੀਆਂ 710 ਹੋਰ ਨਵੀਆਂ ਅਸਾਮੀਆਂ ਭਰਨ ਦੀ ਪ੍ਰਵਾਨਗੀ ਦਿੱਤੀ ਗਈ ਹੈ। ਜਿੰਪਾ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਿਚ ਪੰਜਾਬ ਸਰਕਾਰ ਨੇ ਇਕ ਹੋਰ ਵੱਡੀ ਪ੍ਰਾਪਤੀ ਦਰਜ ਕੀਤੀ ਹੈ। ਜ਼ਮੀਨ-ਜਾਇਦਾਦ ਦੀਆਂ ਰਜਿਸਟਰੀਆਂ ਤੋਂ ਪੰਜਾਬ ਸਰਕਾਰ ਦੇ ਖਜ਼ਾਨੇ ਵਿਚ ਅਪ੍ਰੈਲ ਤੋਂ ਨਵੰਬਰ ਮਹੀਨੇ ਤੱਕ ਪਿਛਲੇ ਸਾਲ ਦੇ ਮੁਕਾਬਲੇ 21 ਫੀਸਦੀ ਜ਼ਿਆਦਾ ਪੈਸਾ ਆਇਆ ਹੈ। ਉਨ੍ਹਾਂ ਦੱਸਿਆ ਕਿ ਸਟੈਂਪ ਅਤੇ ਰਜਿਸਟਰੇਸ਼ਨ ਅਧੀਨ ਇਕ ਅਪ੍ਰੈਲ ਤੋਂ 30 ਨਵੰਬਰ 2022 ਤੱਕ ਖਜ਼ਾਨੇ ਵਿਚ 2525.72 ਕਰੋੜ ਰੁਪਏ ਦੀ ਆਮਦਨ ਆਈ ਹੈ। ਉਨ੍ਹਾਂ ਕਿਹਾ ਕਿ ਪਿਛਲੇ ਸਾਲ ਦੇ ਇਨ੍ਹਾਂ ਅੱਠ ਮਹੀਨਿਆਂ ਨਾਲੋਂ ਇਹ ਆਮਦਨ 21 ਫੀਸਦੀ ਜ਼ਿਆਦਾ ਬਣਦੀ ਹੈ। ਸਾਲ 2021 ਵਿਚ ਇਸ ਸਮੇਂ ਦੌਰਾਨ ਇਹ ਆਮਦਨ 2088.60 ਕਰੋੜ ਰੁਪਏ ਸੀ। ਉਨ੍ਹਾਂ ਕਿਹਾ ਕਿ ਮਾਲ ਵਿਭਾਗ ਦੇ ਕੰਮ ਨੂੰ ਭ੍ਰਿਸ਼ਟਾਚਾਰ ਮੁਕਤ ਕਰਨ ਲਈ ਮਾਨ ਸਰਕਾਰ ਪਹਿਲੇ ਦਿਨ ਤੋਂ ਹੀ ਸਾਰਥਕ ਹੰਭਲੇ ਮਾਰ ਰਹੀ ਹੈ। ਆਪਣੀ ਹੀ ਸਰਕਾਰ ਦੇ ਇਕ ਮੰਤਰੀ ਤੋਂ ਲੈ ਕੇ ਪਿਛਲੀਆਂ ਸਰਕਾਰਾਂ ਵਿਚ ਭ੍ਰਿਸ਼ਟਾਚਾਰੀ ਤਰੀਕਿਆਂ ਰਾਹੀਂ ਪੰਜਾਬ ਨੂੰ ਲੁੱਟਣ ਵਾਲੇ ਸਿਆਸਤਦਾਨਾਂ ਤੇ ਅਫਸਰਾਂ ਦਾ ਪਰਦਾਫਾਸ਼ ਕਰਨ ਦਾ ਨਤੀਜਾ ਇਹ ਨਿਕਲਿਆ ਹੈ ਕਿ ਜਿਹੜੇ ਅਫਸਰ ਅਤੇ ਮੁਲਾਜ਼ਮ ਲੋਕਾਂ ਦੀ ਲੁੱਟ-ਖਸੁੱਟ ਕਰਦੇ ਸੀ ਉਹ ਹੁਣ ਲੋਕ ਸੇਵਾ ਨੂੰ ਪਹਿਲ ਦੇਣ ਲੱਗੇ ਹਨ।

# ਜੀਰਾ ਧਰਨੇ ਵਿੱਚ ਸ਼ਮੂਲੀਅਤ ਦਾ ਫੈਸਲਾ

ਪਾਇਲ, (ਪੱਤਰ ਪ੍ਰੇਰਕ)-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਨੇ ਜੀਰਾ ਦੇ ਮਨਸੂਰਵਾਲ ਵਿੱਚ ਸ਼ਰਾਬ ਫੈਕਟਰੀ ਖਿਲਾਫ ਧਰਨੇ 'ਚ ਸ਼ਮੂਲੀਅਤ ਦਾ ਫੈਸਲਾ ਕੀਤਾ ਹੈ। ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਜਿਲ੍ਹਾ ਜਨਰਲ ਸਕੱਤਰ ਸੁਦਾਗਰ ਸਿੰਘ ਘੁਡਾਣੀ, ਗੁਰਦੀਪ ਸਿੰਘ ਜੀਰਖ ਤੇ ਮੇਜਰ ਸਿੰਘ ਨੇ ਦੱਸਿਆ ਕਿ ਜੀਰਾ 'ਚ ਸਰਾਬ ਫੈਕਟਰੀ ਦੇ ਅੱਗੇ ਧਰਨੇ ਵਿੱਚ ਜਿਲ੍ਹਾ ਲੁਧਿਆਣਾ ਵੱਲੋਂ ਵੱਧ ਚੜ੍ਹ ਕੇ 2 ਜਨਵਰੀ ਨੂੰ ਕਾਫਲੇ ਜਾਣਗੇ ਅਤੇ 24 ਘੰਟੇ ਲਗਾਤਾਰ ਮੋਰਚੇ 'ਤੇ ਹੀ ਰਹਿਣਗੇ। ਉਨ੍ਹਾਂ ਦੱਸਿਆ ਕਿ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਕਿਸਾਨ ਮਜਦੂਰ ਸੰਘਰਸ ਕਮੇਟੀ ਵੱਲੋਂ ਚੱਲ ਰਹੇ ਸੰਘਰਸ ਦੀ ਹਮਾਇਤ ਵਜੋਂ 5 ਜਨਵਰੀ ਨੂੰ ਸਾਰਿਆਂ ਜਿਲ੍ਹਿਆਂ ਦੇ ਬਾਕੀ ਰਹਿੰਦੇ ਟੌਲ ਪਲਾਜੇ 12 ਵਜੇ ਤੋਂ 3 ਵਜੇ ਤੱਕ ਟੌਲ ਫਰੀ ਕੀਤੇ ਜਾਣਗੇ। ਉਨ੍ਹਾਂ ਕਥਿਤ ਦੋਸ਼ ਲਾਇਆ ਕਿ ਭਗਵੰਤ ਮਾਨ ਦੀ ਸਰਕਾਰ ਵੀ ਕਾਰਪੋਰੇਟਾਂ ਨੂੰ ਬਚਾਉਣ ਦੇ ਲਈ ਉਪਰਾਲੇ ਕਰ ਰਹੀ ਹੈ ਅਤੇ ਲੋਕਾਂ ਦਾ ਘਾਣ ਕਰ ਰਹੀ ਹੈ।

# ਨਵੇਂ ਸਾਲ, ਗਣਤੰਤਰ ਦਿਹਾੜੇ 'ਤੇ ਪੰਜਾਬ 'ਚ ਅੱਤਵਾਦੀ ਹਮਲੇ ਦਾ ਅਲਰਟ, ਖ਼ੁਫ਼ੀਆ ਏਜੰਸੀਆਂ ਦੀ ਸੂਚਨਾ ਤੋਂ ਬਾਅਦ ਡੀਜੀਪੀ ਨੇ ਸਾਰੇ ਜ਼ਿਲ੍ਹਿਆਂ ਨੂੰ ਲਿਖਿਆ ਪੱਤਰ



ਚੰਡੀਗੜ੍ਹ , (ਪੱਤਰ ਪ੍ਰੇਰਕ)- ਕੇਂਦਰੀ ਖ਼ੁਫ਼ੀਆ ਏਜੰਸੀਆਂ ਨੇ ਪੰਜਾਬ 'ਚ ਅੱਤਵਾਦੀ ਹਮਲੇ ਦੀ ਸੂਚਨਾ ਦਿੱਤੀ ਹੈ। ਇਸ ਮੁਤਾਬਕ ਪਾਕਿਸਤਾਨ ਦੀ ਖ਼ੁਫ਼ੀਆ ਏਜੰਸੀ ਆਈਐੱਸਆਈ ਨਾਲ ਸਬੰਧ ਰੱਖਣ ਵਾਲੀਆਂ ਅੱਤਵਾਦੀ ਜਥੇਬੰਦੀਆਂ ਨਵੇਂ ਸਾਲ ਅਤੇ ਗਣਤੰਤਰ ਦਿਹਾੜੇ ਦੀ ਪੂਰਬਲੀ ਸ਼ਾਮ ਪੰਜਾਬ ਦੇ ਪੁਲਿਸ ਥਾਣਿਆਂ ਤੇ ਸਰਕਾਰੀ ਇਮਾਰਤਾਂ ਨੂੰ ਨਿਸ਼ਾਨਾ ਬਣਾ ਸਕਦੇ ਹਨ। ਇਸ ਤੋਂ ਬਾਅਦ ਡੀਜੀਪੀ ਗੌਰਵ ਯਾਦਵ ਨੇ ਸਾਰੇ ਜ਼ਿਲ੍ਹਿਆਂ ਨੂੰ ਪੱਤਰ ਲਿਖ ਕੇ ਚੌਕਸੀ ਵਰਤਣ ਲਈ ਕਿਹਾ ਹੈ। ਸਰਹੱਦੀ ਜ਼ਿਲ੍ਹਿਆਂ 'ਚ ਖ਼ਾਸ ਧਿਆਨ ਦੇਣ ਲਈ ਕਿਹਾ ਗਿਆ ਹੈ। ਕੁਝ ਸਿਆਸਤਦਾਨਾਂ ਤੇ ਕੱਟੜਪੰਥੀਆਂ ਨੂੰ ਵੀ ਨਿਸ਼ਾਨਾ ਬਣਾਏ ਜਾਣ ਦਾ ਖ਼ਦਸ਼ਾ ਹੈ। ਪੰਜਾਬ ਪੁਲਿਸ ਦੀ ਖ਼ੁਫ਼ੀਆ ਬ੍ਰਾਂਚ ਮੁਤਾਬਕ ਕੁਝ ਅੱਤਵਾਦੀ ਮਾਡਿਊਲ ਸੂਬੇ 'ਚ ਵੱਡੀ ਵਾਰਦਾਤ ਕਰਨ ਦੀ ਸਾਜ਼ਿਸ਼ ਰਚ ਰਹੇ ਹਨ।ਆਈਜੀ (ਪੁਲਿਸ ਹੈੱਡਕੁਆਰਟਰ) ਸੁਖਚੈਨ ਸਿੰਘ ਗਿੱਲ ਦਾ ਕਹਿਣਾ ਹੈ ਕਿ ਸਾਰੀਆਂ ਥਾਵਾਂ 'ਤੇ ਚੌਕਸੀ ਵਰਤੀ ਜਾ ਰਹੀ ਹੈ। ਜ਼ਿਲ੍ਹਾ ਪੱਧਰ 'ਤੇ ਖ਼ਾਸ ਨਾਕਾਬੰਦੀ ਕੀਤੀ ਜਾ ਰਹੀ ਹੈ। ਲੋਕਾਂ ਨੂੰ ਵੀ ਜਾਗਰੂਕ ਰਹਿਣ ਲਈ ਕਿਹਾ ਗਿਆ ਹੈ। ਜ਼ਿਕਰਯੋਗ ਹੈ ਕਿ 9 ਦਸੰਬਰ ਨੂੰ ਤਰਨਤਾਰਨ ਜ਼ਿਲ੍ਹੇ ਦੇ ਸਰਹਾਲੀ ਥਾਣੇ 'ਤੇ ਹੋਏ ਅੱਤਵਾਦੀ ਹਮਲੇ ਤੋਂ ਬਾਅਦ ਗ੍ਰਿਫ਼ਤਾਰ ਕੀਤੇ ਗਏ ਅੱਤਵਾਦੀਆਂ ਤੋਂ ਪੁੱਛਗਿੱਛ 'ਚ ਇਹ ਜਾਣਕਾਰੀ ਸਾਹਮਣੇ ਆਈ ਸੀ ਕਿ ਪੰਜਾਬ 'ਚ ਸਰਹੱਦ ਪਾਰ ਤੋਂ ਤਿੰਨ ਰਾਕੇਟ ਪ੍ਰੋਪਲਡ ਗ੍ਰਨੇਡ (ਆਰਪੀਜੀ) ਭੇਜੇ ਗਏ ਸਨ। ਇਨ੍ਹਾਂ 'ਚੋਂ ਇਕ ਦੀ ਵਰਤੋਂ ਸਰਹਾਲੀ ਥਾਣੇ 'ਤੇ ਕੀਤੀ ਗਈ ਸੀ। ਇਕ ਆਰਪੀਜੀ ਤਰਨਤਾਰਨ ਦੇ ਕਿੜੀਆ ਪਿੰਡ 'ਚ ਜ਼ਮੀਨ 'ਚ ਦੱਬਿਆ ਮਿਲਿਆ ਸੀ। ਹਾਲੇ ਇਕ ਆਰਪੀਜੀ ਮਿਲਣਾ ਬਾਕੀ ਹੈ। ਇਸ ਤੋਂ ਇਲਾਵਾ ਇਹ ਵੀ ਸੂਚਨਾ ਹੈ ਕਿ ਸਰਹੱਦ ਪਾਰ ਤੋਂ ਆਰਡੀਐਕਸ ਵੀ ਭੇਜਿਆ ਗਿਆ ਹੈ। ਹਾਲਾਂਕਿ ਇਸ ਦੀ ਮਾਤਰਾ ਤੇ ਥਾਂ ਦੀ ਜਾਣਕਾਰੀ ਨਹੀਂ ਹੈ। ਪੁਲਿਸ ਲਗਾਤਾਰ ਪੰਜਾਬ 'ਚ ਤਲਾਸ਼ੀ ਲੈ ਰਹੀ ਹੈ।

ਆਈਐੱਸਆਈ ਦੇ ਏਜੰਟ ਇਬਰਾਹੀਮ ਨੇ ਲਖਬੀਰ ਨੂੰ ਦਿੱਤਾ ਟੀਚਾ

ਤਰਨਤਾਰਨ: 25 ਦਸੰਬਰ ਨੂੰ ਗ੍ਰਿਫ਼ਤਾਰ ਕੀਤੇ ਗਏ ਖ਼ਾਲਿਸਤਾਨ ਲਿਬਰੇਸ਼ਨ ਫੋਰਸ (ਕੇਐੱਲਐੱਫ) ਦੇ ਤਿੰਨ ਅੱਤਵਾਦੀਆਂ ਤੋਂ ਪੁੱਛਗਿੱਛ ਮਗਰੋਂ ਪੁਲਿਸ ਦੇ ਹੱਥ ਕਈ ਮਹੱਤਵਪੂਰਨ ਜਾਣਕਾਰੀਆਂ ਲੱਗੀਆਂ ਹਨ। ਅੱਤਵਾਦੀਆਂ ਨੇ ਕੈਨੇਡਾ 'ਚ ਬੈਠੇ ਅੱਤਵਾਦੀ ਲਖਬੀਰ ਸਿੰਘ ਲੰਡਾ ਨੂੰ ਪਾਕਿਸਤਾਨ ਦੀ ਖ਼ੁਫ਼ੀਆ ਏਜੰਸੀ ਆਈਐੱਸਆਈ ਦੇ ਏਜੰਟ ਇਬਰਾਹੀਮ ਨੇ ਪੰਜਾਬ 'ਚ ਅੱਤਵਾਦੀ ਹਮਲੇ ਦਾ ਟੀਚਾ ਦਿੱਤਾ ਹੈ। ਆਈਐੱਸਆਈ ਨੇ ਇਸ ਲਈ ਆਰਡੀਐਕਸ ਦੇ ਨਾਲ ਕੁਝ ਟਿਫਨ ਬੰਬ ਤੇ ਹੈਰੋਇਨ ਦੇ ਪੈਕਟ ਵੀ ਪੰਜਾਬ ਭੇਜੇ ਹਨ।

ਅੱਤਵਾਦੀ ਯਾਦਵਿੰਦਰ ਦਾ ਗੁਰਗਾ ਗ੍ਰਿਫ਼ਤਾਰ

ਪੁਲਿਸ ਨੇ ਫਿਲੀਪੀਨਜ਼ 'ਚ ਰਹਿ ਰਹੇ ਅੱਤਵਾਦੀ ਯਾਦਵਿੰਦਰ ਸਿੰਘ ਦੇ ਇਕ ਗੁਰਗੇ ਨੂੰ ਗ੍ਰਿਫ਼ਤਾਰ ਕੀਤਾ ਹੈ। ਉਹ ਹਾਲੀਆ ਫਿਲੀਪੀਨਜ਼ ਤੋਂ ਪੰਜਾਬ ਪਰਤਿਆ ਹੈ। ਯਾਦਵਿੰਦਰ ਸਿੰਘ, ਗੁਰਦੇਵ ਸਿੰਘ ਜੱਸਲ ਤੇ ਸਤਬੀਰ ਸਿੰਘ ਸੱਤਾ ਸਮੇਤ ਛੇ-ਸੱਤ ਅੱਤਵਾਦੀ ਲੰਡਾ ਨਾਲ ਮਿਲ ਕੇ ਪੰਜਾਬ 'ਚ ਦਹਿਸ਼ਤ ਫੈਲਾਉਣ ਲਈ ਆਰਥਿਕ ਮਦਦ ਕਰ ਰਹੇ ਹਨ। ਪਿੰਡ ਚੰਬਾ ਕਲਾਂ ਦੇ ਦੋ ਵਿਅਕਤੀਆਂ ਨੂੰ ਹਿਰਾਸਤ 'ਚ ਲੈ ਕੇ ਪੁੱਛਗਿੱਛ ਕੀਤੀ ਗਈ ਹੈ। ਪੁਲਿਸ ਦੀ ਇਕ ਟੀਮ ਹਰਿਆਣਾ ਵੀ ਗਈ ਹੈ। ਪੁਲਿਸ ਨੂੰ ਅੱਤਵਾਦੀ ਮਾਡਿਊਲ ਦੇ ਕੁਝ ਅਜਿਹੇ ਲੋਕਾਂ ਦੀ ਭਾਲ ਹੈ, ਜਿਹੜੇ ਨੇਪਾਲ ਤੋਂ ਹੁੰਦੇ ਹੋਏ ਪਾਕਿਸਤਾਨ ਭੱਜਣ ਦੀ ਤਿਆਰੀ 'ਚ ਹਨ।

ਆਰਪੀਜੀ ਨੂੰ ਕਿੜੀਆ ਤਕ ਪਹੁੰਚਾਉਣ 'ਚ ਵਰਤਿਆ ਮੋਟਰਸਾਈਕਲ ਬਰਾਮਦ

ਆਰਪੀਜੀ ਸਮੇਤ ਗ੍ਰਿਫ਼ਤਾਰ ਕੀਤੇ ਗਏ ਅੱਤਵਾਦੀ ਕੁਲਬੀਰ ਸਿੰਘ, ਹੀਰਾ ਸਿੰਘ ਤੇ ਦਵਿੰਦਰ ਸਿੰਘ ਤੋਂ ਵੀਰਵਾਰ ਨੂੰ ਪੁੱਛਗਿੱਛ ਕੀਤੀ ਗਈ। ਉਨ੍ਹਾਂ ਤੋਂ ਮਿਲੀ ਜਾਣਕਾਰੀ ਤੋਂ ਬਾਅਦ ਪੁਲਿਸ ਨੇ ਆਰਪੀਜੀ ਨੂੰ ਪਿੰਡ ਕਿੜੀਆ ਤਕ ਪਹੁੰਚਾਉਣ ਲਈ ਵਰਤਿਆ ਮੋਟਰਸਾਈਕਲ ਬਰਾਮਦ ਕਰ ਲਿਆ ਹੈ। ਅਦਾਲਤ ਨੇ ਅੱਤਵਾਦੀ ਲਖਬੀਰ ਸਿੰਘ ਲੰਡਾ ਲਈ ਕੰਮ ਕਰਨ ਵਾਲੇ ਜਗਜੀਤ ਸਿੰਘ ਜੱਗੀ ਤੇ ਨਛੱਤਰ ਸਿੰਘ ਨੂੰ ਜੇਲ੍ਹ ਭੇਜਣ ਦਾ ਹੁਕਮ ਦਿੱਤਾ।

# ਆਸੀਸ ਕਪੂਰ ਵੱਲੋਂ ਜਬਰ ਜਨਾਹ ਮਾਮਲੇ 'ਚ ਪੀੜਤ ਔਰਤ ਨੇ ਕੀਤੀ ਗਵਰਨਰ ਨਾਲ ਮੁਲਾਕਾਤ,ਕਿਹਾ- ਨੇ ਕਰਵਾਇਆ ਗਰਭਪਾਤ, 10 ਕਰੋੜ ਘਰ 'ਚ ਰੱਖੇ

ਚੰਡੀਗੜ੍ਹ , (ਪੱਤਰ ਪ੍ਰੇਰਕ)- ਆਸੀਸ ਕਪੂਰ 'ਤੇ ਜਬਰ ਜਨਾਹ ਦਾ ਦੋਸ ਲਗਾਉਣ ਵਾਲੀ ਪੀੜਤਾ ਨੇ ਸੁੱਕਰਵਾਰ ਨੂੰ ਪੰਜਾਬ ਦੇ ਰਾਜਪਾਲ ਬਨਵਾਰੀ ਲਾਲ ਪੁਰੋਹਿਤ ਨਾਲ ਮੁਲਾਕਾਤ ਕੀਤੀ। ਇਸ ਮੁਲਾਕਾਤ ਤੋਂ ਬਾਅਦ ਪੀੜਤਾ ਨੇ ਕਪੂਰ 'ਤੇ ਗੰਭੀਰ ਦੋਸ ਲਗਾਏ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪੀੜਤਾ ਨੇ ਕਿਹਾ ਕਿ ਉਹ ਆਪਣੀ ਗੱਲ ਰਾਜਪਾਲ ਅੱਗੇ ਰੱਖ ਚੁੱਕੀ ਹੈ। ਇਸ ਮਾਮਲੇ ਵਿੱਚ ਇਨਸਾਫ ਦਿਵਾਉਣ ਲਈ ਮੈਂ ਰਾਜਪਾਲ ਤੋਂ ਮੰਗ ਕੀਤੀ ਹੈ ਕਿ ਇਸ ਮਾਮਲੇ ਵਿੱਚ ਸਾਮਲ ਸਾਰੇ ਦੋਸੀਆਂ ਨੂੰ ਸਖਤ ਤੋਂ ਸਖਤ ਸਜਾ ਦਿੱਤੀ ਜਾਵੇ। ਪੀੜਤਾ ਨੇ ਮੁਲਜਮ ਏ.ਆਈ.ਜੀ. ਪੀੜਤਾ ਨੇ ਦੱਸਿਆ ਕਿ ਦੋਸੀ ਏ.ਆਈ.ਜੀ ਨੇ ਨਾ ਸਿਰਫ ਉਸਦਾ ਗਰਭਪਾਤ ਕਰਵਾਇਆ ਸਗੋਂ 10 ਕਰੋੜ ਰੁਪਏ ਘਰ 'ਚ ਵੀ ਰੱਖੇ। ਰਾਜਪਾਲ ਨਾਲ ਮੁਲਾਕਾਤ ਤੋਂ ਬਾਅਦ ਪੀੜਤਾ ਨੇ ਮਾਮਲੇ ਦੀ ਜਾਂਚ ਦੁਬਾਰਾ ਕਰਵਾਉਣ ਦੀ ਮੰਗ ਵੀ ਕੀਤੀ। ਇਹ ਜਾਂਚ ਟੀਮ ਦੇ ਉਨ੍ਹਾਂ ਮੈਂਬਰਾਂ ਤੋਂ ਕਰਵਾਈ ਜਾਵੇ ਜੋ ਸਾਬਕਾ ਆਈਪੀਐਸ ਅਧਿਕਾਰੀ ਕੁੰਵਰ ਵਿਜੇ ਪ੍ਰਤਾਪ ਦੀ ਟੀਮ ਵਿੱਚ ਸਨ।ਪੀੜਤ ਨੇ ਦੋਸ ਲਾਇਆ ਕਿ ਪੰਜਾਬ ਪੁਲੀਸ ਨੇ ਪਿਛਲੇ ਪੰਜ ਸਾਲਾਂ ਵਿੱਚ ਸਿਰਫ ਇੱਕ ਐਫਆਈਆਰ ਦਰਜ ਕੀਤੀ ਹੈ। ਜਦੋਂਕਿ ਇਸ ਮਾਮਲੇ ਵਿੱਚ ਵੀ ਅਜੇ ਤੱਕ ਬਣਦੀ ਕਾਰਵਾਈ ਨਹੀਂ ਕੀਤੀ ਗਈ। ਪੀੜਤ ਨੇ ਕਿਹਾ ਕਿ ਮੇਰਾ ਰਾਜਪਾਲ ਕੋਲ ਆਉਣ ਦਾ ਇੱਕੋ ਇੱਕ ਮਕਸਦ ਸੀ ਕਿ ਇਸ ਮਾਮਲੇ ਦੀ ਨਿਰਪੱਖ ਜਾਂਚ ਹੋਵੇ ਅਤੇ ਦੋਸੀਆਂ ਨੂੰ ਸਜਾ ਦਿੱਤੀ ਜਾਵੇ। ਪੀੜਤ ਨੇ ਕਿਹਾ ਕਿ ਮੈਂ ਰਾਜਪਾਲ ਨੂੰ ਈਮੇਲ ਭੇਜੀ ਹੈ। ਜਿਸ ਤੋਂ ਬਾਅਦ ਮੀਟਿੰਗ ਲਈ ਸਮਾਂ ਦਿੱਤਾ ਗਿਆ। ਧਿਆਨ ਰਹੇ ਕਿ ਇਸ ਮਾਮਲੇ ਵਿੱਚ ਕਪੂਰ ਨੂੰ ਕਲੀਨ ਚਿੱਟ ਦੇਣ ਵਾਲੇ ਤਿੰਨ ਆਈਪੀਐਸ ਅਧਿਕਾਰੀਆਂ ਨੂੰ ਪੁਲਿਸ ਸ਼ਿਕਾਇਤ ਅਥਾਰਟੀ ਨੇ ਦੋਸੀ ਮੰਨਿਆ ਸੀ। ਜਿਸ ਦੀ ਰਿਪੋਰਟ ਅਥਾਰਟੀ ਵੱਲੋਂ ਮੁੱਖ ਮੰਤਰੀ ਨੂੰ ਸੌਂਪੀ ਗਈ ਸੀ। ਰਿਪੋਰਟ 'ਚ ਗਲਤੀ ਕਰਨ ਵਾਲੇ ਅਧਿਕਾਰੀਆਂ ਖਿਲਾਫ ਕਾਰਵਾਈ ਦੀ ਵੀ ਸਿਫਾਰਿਸ ਕੀਤੀ ਗਈ ਹੈ। ਇਸੇ ਮਾਮਲੇ ਵਿੱਚ ਸਾਬਕਾ ਡੀਜੀਪੀ ਸਿਧਾਰਥ ਚਟੋਉਪਾਧਿਆਏ ਦੀ ਤਰਫੋਂ ਅਥਾਰਟੀ ਦੇ ਚੇਅਰਮੈਨ ਨੂੰ ਇੱਕ ਪੱਤਰ ਵੀ ਲਿਖਿਆ ਗਿਆ ਸੀ। ਆਸੀਸ ਕਪੂਰ ਨੂੰ ਹਾਲ ਹੀ ਵਿੱਚ ਵਿਜੀਲੈਂਸ ਨੇ ਆਮਦਨ ਤੋਂ ਵੱਧ ਜਾਇਦਾਦ ਦੇ ਇੱਕ ਮਾਮਲੇ ਵਿੱਚ ਗ੍ਰਿਫਤਾਰ ਕੀਤਾ ਸੀ। ਕਪੂਰ ਫਿਲਹਾਲ ਨਿਆਇਕ ਹਿਰਾਸਤ 'ਚ ਹੈ।




# ਸੂਬਾ ਸਰਕਾਰ ਨੇ 634 ਕਿਸਾਨਾਂ ਦੇ ਵਾਰਸਾਂ ਨੂੰ ਜਾਰੀ ਕੀਤੀ 31 ਕਰੋੜ ਤੋਂ ਵੱਧ ਰਾਸ਼ੀ

ਚੰਡੀਗੜ੍ਹ , (ਪੱਤਰ ਪ੍ਰੇਰਕ)- ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਦੱਸਿਆ ਕਿ ਸੂਬਾ ਸਰਕਾਰ ਨੇ ਹੁਣ ਤਕ ਕਿਸਾਨ ਸੰਘਰਸ਼ ਦੌਰਾਨ ਸ਼ਹੀਦ ਹੋਏ 634 ਕਿਸਾਨਾਂ ਦੇ ਵਾਰਸਾਂ ਨੂੰ 5 ਲੱਖ ਰੁਪਏ ਦੇ ਹਿਸਾਬ ਨਾਲ 31 ਕਰੋੜ 70 ਲੱਖ ਰੁਪਏ ਜਾਰੀ ਕੀਤੇ ਹਨ। ਕਿਸਾਨਾਂ ਦੇ 326 ਵਾਰਸਾਂ ਨੂੰ ਵੱਖ-ਵੱਖ ਵਿਭਾਗਾਂ ਵਿਚ ਸਰਕਾਰੀ ਨੌਕਰੀ ਦਿੱਤੀ ਜਾ ਚੁੱਕੀ ਹੈ, 98 ਨੂੰ ਨੌਕਰੀ ਦੇਣ ਲਈ ਵੈਰੀਫਿਕੇਸ਼ਨ ਮੁਕੰਮਲ ਹੋ ਗਈ ਹੈ ਜਦਕਿ 210 ਨੂੰ ਸਰਕਾਰੀ ਨੌਕਰੀ ਦੇਣ ਲਈ ਪ੍ਰਕਿਰਿਆ ਮੁਕੰਮਲ ਕੀਤੀ ਜਾ ਰਹੀ ਹੈ। ਮੰਤਰੀ ਨੇ ਦੱਸਿਆ ਕਿ ਸੂਬੇ ਵਿਚ ਫਸਲੀ ਵਿਭਿੰਨਤਾ ਨੂੰ ਹੁਲਾਰਾ ਦੇਣ ਲਈ ਮੂੰਗੀ ਦੀ ਫਸਲ ਦਾ ਘੱਟੋ-ਘੱਟ ਸਮਰਥਨ ਮੁੱਲ 7275 ਪ੍ਰਤੀ ਕੁਇੰਟਲ ਨਿਰਧਾਰਤ ਕੀਤਾ ਅਤੇ ਕੁੱਲ 61.85 ਕਰੋੜ ਰੁਪਏ 15,737 ਕਿਸਾਨਾਂ ਦੇ ਬੈਂਕ ਖਾਤਿਆਂ ਵਿਚ ਸਿੱਧੇ ਟਰਾਂਸਫਰ ਕੀਤੇ ਹਨ। ਇਹ ਸੂਬਾ ਸਰਕਾਰ ਵੱਲੋਂ ਇਹ ਪਹਿਲ ਫ਼ਸਲੀ ਵਿਭਿੰਨਤਾ ਨੂੰ ਉਤਸ਼ਾਹਿਤ ਕਰਨ ਲਈ ਕੀਤੀ ਗਈ ਸੀ, ਜਿਸ ਨੂੰ ਚੰਗਾ ਹੁੰਗਾਰਾ ਵੀ ਮਿਲਿਆ ਸੀ। ਧਾਲੀਵਾਲ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਨੂੰ ਝੋਨੇ ਦੀ ਸਿੱਧੀ ਬਿਜਾਈ ਕਰਨ ਲਈ ਉਤਸ਼ਾਹਿਤ ਕੀਤਾ ਜਾ ਰਿਹਾ ਹੈ ਤਾਂ ਜੋ ਪਾਣੀ ਦੀ ਲਗਾਤਾਰ ਹੋ ਰਹੀ ਕਮੀ ਨੂੰ ਰੋਕਿਆ ਜਾ ਸਕੇ।




# ਸੁਖਬੀਰ ਸਿੰਘ ਬਾਦਲ ਨੇ ਮੁੱਖ ਮੰਤਰੀ ਵੱਲੋਂ ਕਾਨੂੰਨ ਵਿਵਸਥਾ ਦਾ ਮਾਡਲ ਕਾਇਮ ਕਰਨ ਦੇ ਦਿੱਤੇ ਬਿਆਨ 'ਤੇ ਹੈਰਾਨੀ ਪ੍ਰਗਟਾਈ

ਚੰਡੀਗੜ੍ਹ , (ਪੱਤਰ ਪ੍ਰੇਰਕ)- ਸ੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਨੇ ਅੱਜ ਮੁੱਖ ਮੰਤਰੀ ਸ੍ਰੀ ਭਗਵੰਤ ਮਾਨ ਵੱਲੋਂ ਕਾਨੂੰਨ ਵਿਵਸਥਾ 'ਤੇ ਆਮ ਆਦਮੀਪਾਰਟੀ ਦਾ ਮਾਡਲ ਦੇਸ ਸਭ ਵਿਚ ਨੰਬਰ ਇਕ ਹੋਣ ਦੇ ਦਿੱਤੇ ਬਿਆਨ 'ਤੇ ਹੈਰਾਨੀ ਪ੍ਰਗਟ ਕੀਤੀ ਅਤੇ ਕਿਹਾ ਕਿ ਇਹ ਬਹੁਤ ਹੀ ਸਰਮ ਵਾਲੀਗੱਲ ਹੈ ਕਿ ਇਕ ਚੁਣੇ ਹੋਇਆ ਮੁੱਖ ਮੰਤਰੀ ਇਕ ਅਜਿਹੇ ਸੰਵੇਦਨਸੀਲ ਮੁੱਦੇ 'ਤੇ ਕੋਰਾ ਝੂਠ ਬੋਲ ਰਿਹਾ ਹੈ ਜਦੋਂ ਪੰਜਾਬੀ ਜੰਗਲਾ ਰਾਜ ਤੇ ਫਿਰਕੂ ਤਣਾਅ ਦੇ ਦੌਰ ਵਿਚੋਂ ਗੁਜਰ ਰਹੇ ਹਨ।

ਉਹਨਾਂ ਇਸ ਗੱਲ 'ਤੇ ਰੋਸ ਜਾਹਰ ਕੀਤਾ ਕਿ ਆਪ ਸਰਕਾਰ ਵੱਲੋਂ ਆਪਣੇ ਆਪ ਨੂੰ ਕਾਨੂੰਨ ਵਿਵਸਥਾ ਦੇ ਮਾਮਲੇ ਵਿਚ ਨੰਬਰ ਇਕ ਸੁਬਾ ਸਾਬਤ ਕਰਨ ਵਾਸਤੇ ਆਰੰਭੀ ਸਸਤੀ ਤੇ ਝੂਠੀ ਪਬਲੀਸਿਟੀ ਆਰੰਭੀ ਗਈ। ਅਕਾਲੀ ਦਲ ਦੇ ਪ੍ਰਧਾਨ ਨੇ ਆਸ ਪ੍ਰਗਟਾਈ ਕਿ ਸ੍ਰੀ ਭਗਵੰਤ ਮਾਨ ਇਸ ਮੁਹਾਜ 'ਤੇ ਪੰਜਾਬੀਆਂ ਨੂੰ ਫੇਲ੍ਹ ਕਰਨ ਲਈ ਮੁਆਫੀ ਮੰਗਣਗੇ ਅਤੇ ਗ੍ਰਹਿ ਮੰਤਰੀ ਵਜੋਂ ਅਸਤੀਫਾ ਵੀ ਦੇਣਗੇ। ਉਹਨਾਂ ਕਿਹਾ ਕਿ ਇਹ ਬਹੁਤ ਹੀ ਨਿੰਦਣਯੋਗ ਗੱਲ ਹੈ ਕਿਹੁਣ ਉਹ ਆਪ ਦੇ ਕਨਵੀਨਰ ਸ੍ਰੀ ਅਰਵਿੰਦ ਕੇਜਰੀਵਾਲ ਨਾਲ ਰਲ ਕਗਏ ਹਨ ਤਾਂ ਜੋ ਸਾਬਤ ਕੀਤਾ ਜਾ ਸਕੇ ਕਿ ਸੂਬੇ ਵਿਚ ਅਮਨ ਕਾਨੂੰਨ ਵਿਵਸਥਾ ਸਭ ਤੋਂ ਵਧੀਆ ਹੈ ਜਦੋਂ ਕਿ ਅਸਲੀਅਤ ਵਿਚ ਉਹਨਾਂ ਅਰਾਜਕਤਾ ਦੇ ਹਾਲਾਤ ਪੈਦਾ ਕੀਤੇ ਹਨ। ਉਹਨਾਂ ਕਿਹਾ ਕਿ ਇਹ ਪੰਜਾਬ ਅਤੇ ਪੰਜਾਬੀਆਂ ਦਾਅਪਮਾਨ ਹੈ। .ਉਨ੍ਹਾਂ ਜੋਰ ਦੇ ਕੇ ਕਿਹਾ ਕਿ 2022 ਪ੍ਰਸਾਸਕੀ ਮੁਹਾਜ ਤੋਂ ਪੰਜਾਬ ਲਈ ਸਭ ਤੋਂ ਮਾੜਾ ਸਾਲ ਸਾਬਤ ਹੋਇਆ ਹੈ। ਸਰਦਾਰ ਸੁਖਬੀਰ ਸਿੰਘ ਬਾਦਲ ਨੇ ਮੁੱਖ ਮੰਤਰੀ ਨੂੰ ਆਖਿਆ ਕਿ ਉਹਨਾਂ ਵਾਂਗ ਪੰਜਾਬੀ ਭੁੱਲਣ ਦੀ ਬਿਮਾਰੀ ਤੋਂ ਪੀੜਤ ਨਹੀਂ ਹਨ। ਉਹਨਾਂ ਕਿਹਾ ਕਿ ਆਪ ਸਰਕਾਰ ਬਣਨੇ ਸਾਰ ਹੀ ਸੂਬੇ ਵਿਚ ਨੰਗਲ ਲੰਬੀਆਂ ਸਮੇਤ ਕਬੱਡੀ ਦੇ ਪ੍ਰਮੁੱਖ ਖਿਡਾਰੀਆਂ ਦਾ ਕਤਲ ਹੋਇਆ। ਜਦੋਂ ਆਪ ਸਰਕਾਰ ਨੇ ਸਿੱਧੂ ਮੂਸੇਵਾਲਾ ਦੀ ਸੁਰੱਖਿਆ ਵਾਪਸ ਲੈ ਲਈ ਅਤੇ ਇਸਦਾ ਪ੍ਰਚਾਰ ਕੀਤਾ ਤਾਂ ਪ੍ਰਸਿੱਧ ਗਾਇਕ ਦਾ ਵੀ ਕਤਲ ਹੋ ਗਿਆ। ਉਹਨਾਂ ਕਿਹਾ ਕਿ ਇਸ ਮਗਰੋਂਮੁਹਾਲੀ ਵਿਚ ਪੰਜਾਬ ਪੁਲਿਸ ਦੇ ਹੈਡਕੁਆਰਟਰ 'ਤੇ ਅਤੇ ਸਰਹਾਲੀ ਵਿਚ ਪੁਲਿਸ ਥਾਣੇ 'ਤੇ ਰਾਕੇਟ ਲਾਂਚਰਾਂ ਨਾਲ ਹਮਲਾ ਕੀਤਾ ਗਿਆ। ਉਨ੍ਹਾਂ ਕਿਹਾ ਕਿ ਸੂਬੇ ਵਿਚ ਦਹਾਕਿਆਂ ਬਾਅਦ ਉਦੋਂ ਫਿਰਕੂ ਤਣਾਅ ਵੇਖਣ ਨੂੰ ਮਿਲਿਆ ਜਦੋਂ ਪਟਿਆਲਾ ਵਿਚ ਕਾਲੀ ਦੇਵੀ ਮੰਦਿਰ ਵਿਚ ਫਿਰਕੂ ਝੜਪਾਂ ਹੋਈਆਂ। ਉਹਨਾਂ ਕਿਹਾ ਕਿ ਗੈਂਗਸਟਰ ਸੂਬੇ ਵਿਚ ਆਪਣੀ ਮਰਜੀ ਮੁਤਾਬਕ ਵਿਚਰ ਰਹੇ ਹਨ। ਉਹਨਾਂ ਕਿਹਾ ਕਿ ਮੂਸੇਵਾਲਾ ਦਾ ਕਾਤਲ ਦੀਪਕ ਟੀਨੂੰ ਤਾਂ ਪੁਲਿਸ ਹਿਰਾਸਤ ਵਿਚੋਂ ਵੀ ਫਰਾਰ ਹੋ ਗਿਆਸੀ। ਉਹਨਾਂ ਕਿਹਾ ਕਿ ਲੁੱਟਾਂ ਖੋਹਾਂ ਅਤੇ ਡਕੈਤੀਆਂ ਤੋਂ ਆਮ ਆਦਮੀ ਬੁਰੀ ਤਰ੍ਹਾਂ ਪੀੜਤ ਹੈ ਤੇ ਵਪਾਰੀ ਤੇ ਉਦਯੋਗਪਤੀ ਵੀ ਨਿਸਾਨੇ 'ਤੇ ਹਨ ਜਿਹਨਾਂ ਨੂੰ ਗੈਂਗਸਟਰ ਫਿਰੌਤੀਆਂ ਨਾ ਦੇਣ 'ਤੇ ਨਿਸਾਨਾ ਬਣਾਉਂਦੇ ਹਨ।

ਸਰਦਾਰ ਬਾਦਲ ਨੇ ਮੁੱਖ ਮੰਤਰੀ ਨੂੰ ਆਖਿਆਕਿ ਉਹ ਪੰਜਾਬੀਆਂ ਨੂੰ ਦੱਸਣ ਕਿ ਕੀ ਇਹ ਸਭ ਉਹਨਾਂ ਦੀ ਸਰਕਾਰ ਦੀਆਂ ਪ੍ਰਾਪਤੀਆਂ ਹਨ। ਉਹਨਾਂ ਕਿਹਾ ਕਿ ਅਸੀਂ ਵੇਖਿਆ ਹੈ ਕਿ ਕਿਵੇਂ ਸੂਬੇ ਵਿਚੋਂ ਇੰਡਸਟਰੀ ਬਾਹਰ ਜਾ ਰਹੀ ਹੈ ਤੇ ਨਵਾਂ ਨਿਵੇਸ ਨਹੀਂ ਹੋ ਰਿਹਾ। ਉਨ੍ਹਾਂ ਕਿਹਾ ਕਿ ਵਧਦੀ ਬੇਰੋਜਗਾਰੀ ਭਵਿੱਖੀ ਪੀੜੀਆਂ ਲਈ ਤਬਾਹਕੁੰਨ ਸਾਬਤਹੋਵੇਗੀ ਕਿਉਂਕਿ ਸੂਬੇ ਵਿਚ ਆਪ ਸਰਕਾਰ ਦੇ ਰਾਜ ਵਿਚ ਨਸ਼ਿਆਂ ਦੇ ਕਾਰੋਬਾਰ ਵਿਚ ਚੋਖਾ ਵਾਧਾ ਹੋਇਆ ਹੈ।.



ਸ੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਨੇ ਸ੍ਰੀ ਭਗਵੰਤ ਮਾਨ ਨੂੰ ਆਖਿਆ ਕਿ ਉਹ ਰੋਜਾਨਾ ਕਰੋੜਾਂ ਰੁਪਏ ਇਸਤਿਹਾਰਾਂ 'ਤੇ ਖਰਚ ਕੇ ਦਮਗਜੇ ਮਾਰਨ ਨਾਲੋਂ ਆਮ ਆਦਮੀ ਤੋਂ ਆਪਣੀ ਸਰਕਾਰ ਦੀ ਕਾਰਗੁਜਾਰੀ ਦਾ ਹਾਲ ਜਾਨਣ।ਉਹਨਾਂ ਕਿਹਾ ਕਿਸੱਚਾਈ ਇਹ ਹੈ ਕਿ ਨਾ ਸਿਰਫ ਤੁਸੀਂ ਪੰਜਾਬ ਵਿਚ ਕਾਨੂੰਨ ਵਿਵਸਥਾਪੂਰੀ ਤਰ੍ਹਾਂ ਢੇਹਿ ਢੇਰੀ ਹੋਣ ਦੀ ਪ੍ਰਧਾਨਗੀ ਕੀਤੀ ਹੈ ਬਲਕਿ ਪੰਜਾਬ ਨੂੰ ਵਿੱਤੀ ਤੌਰ 'ਤੇ ਤਬਾਹ ਵੀ ਕਰ ਦਿੱਤਾ ਹੈ। ਉਹਨਾਂ ਕਿਹਾ ਕਿ ਸੂਬੇ ਵਿਚ ਬੀਤੇ 9 ਮਹੀਨਿਆਂ ਵਿਚ ਹੀ 39000 ਕਰੋੜ ਰੁਪਏ ਦਾ ਕਰਜਾ ਚੜ੍ਹ ਗਿਆ ਹੈ ਜਦੋਂ ਕਿ ਪਹਿਲਾਂ ਹੀ ਸੂਬੇ ਸਿਰ 3 ਲੱਖ ਕਰੋੜ ਰੁਪਏ ਦਾ ਕਰਜਾ ਸੀ। ਉਹਨਾਂ ਕਿਹਾ ਕਿ ਇੰਨਾ ਭਾਰੀ ਕਰਜਾ ਲੈਣ ਦੇ ਬਾਵਜੂਦ ਤੁਸੀਂ ਇਕ ਵੀ ਵਿਕਾਸ ਕਾਰਜ ਜਾਂ ਬੁਨਿਆਦੀ ਢਾਂਚੇ ਦਾ ਪ੍ਰਾਜੈਕਟ ਨਹੀਂ ਆਰੰਭਿਆ ਜਦੋਂ ਕਿ ਜੀ ਐਸ ਟੀ ਅਤੇ ਅਸਟਾਮ ਡਿਊਟੀ ਤੋਂ ਆਮਦਨ ਵਿਚ ਗਿਰਾਵਟ ਹੀ ਦਰਜ ਕੀਤੀ ਗਈ ਹੈ।

ਸਰਦਾਰ ਬਾਦਲ ਨੇ ਜੋਰ ਦੇ ਕੇ ਆਖਿਆ ਕਿ ਆਪਣੇ ਸਵੈਚ ਪ੍ਰਚਾਰ ਵਾਸਤੇ 750 ਕਰੋੜ ਰੁਪਏ ਦੀ ਵਿਵਸਥਾ ਪਹਿਲਾਂ ਹੀ ਆਪ ਸਰਕਾਰ ਨੇ ਕੀਤੀ ਸੀ ਜਿਸ ਵਿਚੋਂ ਹਿਮਾਚਲ ਪ੍ਰਦੇਸ ਅਤੇ ਗੁਜਰਾਤ ਵਿਚ ਚੋਣ ਪ੍ਰਚਾਰ 'ਤੇ ਵੀ ਖਰਚਾ ਕੀਤਾ ਗਿਆ। ਉਹਨਾਂ ਕਿਹਾ ਕਿ ਜਿਥੇ ਇਹ ਸਭ ਕੁਝ ਹੁੰਦਾ ਰਿਹਾ, ਉਥੇ ਹੀ ਸਰਕਾਰ ਬੇਰੋਜਗਾਰ ਨੌਜਵਾਨਾਂ ਨੂੰ ਨੌਕਰੀਆਂ ਦੇਣ, ਠੇਕੇ 'ਤੇ ਕੰਮ ਕਰਦੇ ਮੁਲਾਜਮਾਂ ਨੂੰ ਰੈਗੂਲਰ ਕਰਨ ਅਤੇ ਮਹਿਲਾਵਾਂ ਨੂੰ 1 ਹਜਾਰ ਰੁਪਏ ਪ੍ਰਤੀ ਮਹੀਨਾ ਦੇਣ ਵਰਗੇ ਆਪਣੇ ਵਾਅਦਿਆਂ ਤੋਂ ਭੱਜ ਗਈ। ਉਹਨਾਂ ਜੋਰ ਦੇ ਕੇ ਕਿਹਾ ਕਿ ਸਾਰੀ ਸਮੱਸਿਆ ਸਿਰਫ ਇਸ ਗੱਲ ਹੈ ਜਿਵੇਂ ਸ੍ਰੀ ਭਗਵੰਤ ਮਾਨ ਨੇ ਸ੍ਰੀ ਅਰਵਿੰਦ ਕੇਜਰੀਵਾਲ ਅੱਗੇ ਗੋਡੇ ਟੇਕ ਦਿੱਤੇ ਹਨਅਤੇ ਜਾਣਕਾਰੀ ਸਾਂਝੀ ਕਰਨ ਦੇ ਸਮਝੌਤੇ ਦੇ ਨਾਂ 'ਤੇ ਸਾਰੀਆਂ ਤਾਕਤਾਂ ਉਹਨਾਂ ਹਵਾਲੇ ਕਰ ਦਿੱਤੀਆਂ ਹਨ। ਉਹਨਾਂ ਕਿਹਾ ਕਿ ਰਾਘਵ ਚੱਢਾ ਸਮੇਤ ਕੇਜਰੀਵਾਲ ਦੇ ਲਫਟੈਨ ਅੱਜ ਅਸਿੱਧੇ ਤੌਰ 'ਤੇ ਪੰਜਾਬੀ ਚਲਾ ਰਹੇ ਹਨ। ਉਹਨਾਂ ਕਿਹਾ ਕਿ ਸੂਬੇ ਦੇਇਤਿਹਾਸ ਵਿਚ ਪਹਿਲਾਂ ਕਦੇ ਵੀ ਇਕ ਚੁਣੀ ਹੋਈਸਰਕਾਰ ਨੇ ਇਸ ਤਰੀਕੇ ਆਪਣੇ ਲੋਕਾਂ ਨੂੰ ਨਹੀਂ ਵਿਸਾਰਿਆਸੀ। ਉਹਨਾਂ ਕਿਹਾ ਕਿ ਲੋਕ ਆਪਣੇ ਜਾਨ ਮਾਲ ਦੀ ਰਾਖੀ ਪ੍ਰਤੀ ਅਸੁਰੱਖਿਅਤ ਮਹਿਸੂਸ ਕਰ ਰਹੇ ਹਨ। ਉਹਨਾਂ ਕਿਹਾ ਕਿ ਸਾਂਤੀ ਤੇ ਫਿਰਕੂ ਸਦਭਾਵਨਾ ਦਾ ਮਾਹੌਲ ਜੋ ਸਰਦਾਰ ਪ੍ਰਕਾਸ ਸਿੰਘ ਬਾਦਲ ਦੀ ਅਗਵਾਈ ਵਾਲੀਆਂਸਰਕਾਰਾਂ ਸਮੇਂ ਸਿਰਜਿਆ ਗਿਆਸੀ, ਅੱਜ ਤਬਾਹ ਹੋ ਗਿਆ ਹੈ। ਉਹਨਾਂ ਕਿਹਾ ਕਿ ਪੰਜਾਬੀ 'ਬਦਲਾਅ' ਦੇ ਨਾਂ 'ਤੇ ਵੱਜੀ ਠੱਗੀ ਤੋਂ ਪੀੜਤ ਹਨ। ਉਹਨਾਂ ਕਿਹਾ ਕਿ ਹਾਲਾਤ ਵਸੋਂ ਬਾਹਰ ਹਨ ਤੇ ਪੰਜਾਬ ਦੇ ਮੁੜ ਤੋਂ ਕਾਲੇ ਦੌਰ ਵਿਚ ਧੱਕੇ ਜਾਣ ਦਾ ਖਤਰਾ ਬਣਿਆ ਹੋਇਆਹੈ। ਉਹਨਾਂ ਕਿਹਾ ਕਿ ਇਕ ਮਾਡਲ ਸਹੀ ਅਰਥਾਂ ਵਿਚ ਅਪਣਾਇਆ ਗਿਆ ਹੈ, ਉਹ ਹੈ ਅਰਾਜਕਤਾ ਦਾ ਨਾ ਕਿ ਕਾਨੂੰਨ ਵਿਵਸਥਾ ਦਾ।

ਮੁੱਖ ਮੰਤਰੀ ਵੱਲੋਂ ਆਪ ਸਰਕਾਰ ਅਧੀਨ ਪੰਜਾਬ ਦੇ ਅਮਨ ਕਾਨੂੰਨ ਵਿਵਸਥਾ ਦਾ ਮਾਡਲ ਸੂਬਾ ਬਣਨ ਦੇ ਦਿੱਤੇ ਝੂਠੇ ਬਿਆਨ 'ਤੇ ਹੈਰਾਨੀ ਪ੍ਰਗਟਾਈ

ਕਿਹਾ ਕਿ ਪੰਜਾਬੀ ਮੁੱਖ ਮੰਤਰੀ ਤੋਂ ਆਸ ਕਰਦੇ ਹਨ ਕਿ ਉਹ ਮੁਆਫੀ ਮੰਗਣਗੇ ਅਤੇ ਗ੍ਰਹਿ ਮੰਤਰੀ ਵਜੋਂ ਅਸਤੀਫਾ ਦੇਣਗੇ ਕਿਉਂਕਿ ਉਹਨਾਂ ਨੇ ਹੀ ਪੰਜਾਬ ਨੂੰ ਅਰਾਜਕਤਾ ਅਤੇ ਫਿਰਕੂ ਸੰਬੰਧ ਖਤਮ ਹੋਣ ਵੱਲ ਧੱਕਿਆ ਮੁੱਖ ਮੰਤਰੀ ਨੂੰ ਆਖਿਆ ਕਿ ਉਹ ਰੋਜਾਨਾ ਕਰੋੜਾਂ ਰੁਪਏ ਝੂਠੇ ਇਸਤਿਹਾਰਾਂ 'ਤੇ ਖਰਚ ਕੇ ਝੂਠ ਬੋਲਣ ਨਾਲੋਂ ਪੰਜਾਬੀਆਂ ਤੋਂ ਆਪਣੀਆਂ ਪ੍ਰਾਪਤੀਆਂ ਬਾਰੇ ਪੁੱਛਣ। ਕਿਹਾ ਕਿ ਕਾਨੂੰਨ ਵਿਵਸਥਾ ਢਹਿ ਢੇਰੀ ਹੋਣ ਦੀ ਪ੍ਰਧਾਨਗੀ ਕਰਨ ਤੋਂ ਇਲਾਵਾ ਮੁੱਖ ਮੰਤਰੀ ਸੂਬੇ ਨੂੰ ਆਰਥਿਕ ਤੌਰ 'ਤੇ ਤਬਾਹੀ ਕੰਢੇ ਲਿਆਉਣ ਲਈ ਵੀ ਜਿੰਮੇਵਾਰ ਕਿਹਾ ਕਿ ਸਮੱਸਿਆ ਇਸ ਗੱਲ ਵਿਚ ਹੈ ਕਿ ਕਿਵੇਂ ਮੁੱਖ ਮੰਤਰੀ ਨੇ ਸ੍ਰੀ ਅਰਵਿੰਦ ਕੇਜਰੀਵਾਲ ਅੱਗੇ ਗੋਡੇ ਟੇਕੇ ਅਤੇ ਝੂਠੇ ਜਾਣਕਾਰੀਸਾਂਝੀ ਕਰਨ ਦੇ ਸਮਝੌਤੇ ਦੇ ਨਾਂ 'ਤੇ ਸਾਰੀਆਂ ਤਾਕਤਾਂ ਉਹਨਾਂ ਹਵਾਲੇ ਕੀਤੀਆਂ ਗਈਆਂ। ਕਿਹਾ ਕਿ ਕੇਜਰੀਵਾਲ ਦੇ ਲਫਟੈਨ ਅਸਿੱਧੇ ਤੌਰ 'ਤੇ ਪੰਜਾਬ 'ਤੇ ਰਾਜ ਕਰ ਰਹੇ ਹਨ। ਕਿਹਾ ਕਿ ਮਾਡਲ ਦੀ ਪ੍ਰਾਪਤੀ ਜਰੂਰ ਹੋਈ ਹੈ ਪਰ ਉਹ ਅਰਾਜਕਤਾ ਦੇ ਮਾਡਲ ਦੀ ਹੈ

# ਪਟਵਾਰ ਤੇ ਕਾਨੂੰਨਗੋ ਐਸੋਸੀਏਸਨ ਨੇ ਅਣਮਿੱਥੇ ਸਮੇਂ ਲਈ ਲਗਾਇਆ ਧਰਨਾ

ਕਰਨਾਲ, (ਪੱਤਰ ਪ੍ਰੇਰਕ)-ਮਾਲ ਪਟਵਾਰ ਤੇ ਕਾਨੂੰਨਗੋ ਐਸੋਸੀਏਸਨ ਵਲੋਂ ਆਪਣੀਆਂ ਮੰਗਾਂ ਨੂੰ ਲੈ ਕੇ ਜਿਲ੍ਹਾ ਸਕੱਤਰੇਤ ਦੇ ਸਾਹਮਣੇ ਦਿੱਤਾ ਜਾ ਰਿਹਾ ਧਰਨਾ ਅਣਮਿੱਥੇ ਸਮੇਂ ਲਈ ਲਗਾਉਣ ਦਾ ਐਲਾਨ ਕੀਤਾ ਗਿਆ ਹੈ . ਇਹ ਧਰਨਾ ਅੱਜ ਚੌਥੇ ਦਿਨ 'ਚ ਦਾਖਲ ਹੋ ਗਿਆ ਹੈ . ਇਸ ਮੌਕੇ ਐਸੋਸੀਏਸਨ ਦੇ ਅਹੁਦੇਦਾਰਾਂ ਨੇ ਕਿਹਾ ਕਿ ਜਦੋਂ ਤੱਕ ਸਰਕਾਰ ਉਨ੍ਹਾਂ ਦੀਆਂ ਮੰਗਾਂ ਮੰਨ ਕੇ ਲਾਗੂ ਨਹੀਂ ਕਰਦੀ, ਉਦੋਂ ਤੱਕ ਧਰਨਾ ਜਾਰੀ ਰਹੇਗਾ ਤੇ ਸੜਕਾਂ 'ਤੇ ਰੋਸ ਪ੍ਰਦਰਸਨ ਵੀ ਕੀਤੇ ਜਾਣਗੇ . ਧਰਨੇ ਦੀ ਅਗਵਾਈ ਕਰ ਰਹੇ ਐਸੋਸੀਏਸਨ ਦੇ ਜਿਲ੍ਹਾ ਪ੍ਰਧਾਨ ਕਸਮੀਰ ਸਿੰਘ ਨੇ ਕਿਹਾ ਕਿ ਸਰਕਾਰ ਨੇ ਪਟਵਾਰੀਆਂ ਨੂੰ ਅੱਖੋਂ ਪਰੋਖੇ ਕਰਨ ਦਾ ਕੰਮ ਕੀਤਾ ਹੈ ਅਤੇ ਮਜਬੂਰ ਹੋ ਕੇ ਹੀ ਐਸੋਸੀਏਸਨ ਨੂੰ ਧਰਨਾ ਦੇਣਾ ਪੈ ਰਿਹਾ ਹੈ, ਪਰ ਹਾਲੇ ਵੀ ਸਰਕਾਰ ਦੀ ਨੀਂਦ ਨਹੀਂ ਖੁੱਲ੍ਹੀ . ਇਸ ਮੌਕੇ ਜਨਰਲ ਸਕੱਤਰ ਅਸੋਕ ਕੁਮਾਰ ਨੇ ਕਿਹਾ ਕਿ ਸਰਕਾਰ ਵਲੋਂ ਪਟਵਾਰੀ ਦੀ ਯੋਗਤਾ ਗ੍ਰੈਜੂਏਟ ਕੀਤੀ ਗਈ ਹੈ, ਜਦਕਿ ਸਰਕਾਰ ਵਲੋਂ ਪਟਵਾਰੀਆਂ ਨੂੰ ਤਨਖਾਹ ਸਕੇਲ ਦਸਵੀਂ ਦੇ ਬਰਾਬਰ 25 ਹਜਾਰ 500 ਰੁਪਏ ਦਿੱਤੇ ਜਾ ਰਹੇ ਹਨ ਤੇ ਇਸੇ ਤਰ੍ਹਾਂ ਦੀਆਂ ਯੋਗਤਾਵਾਂ ਵਾਲੇ ਹੋਰ ਵਿਭਾਗਾਂ 'ਚ ਜੇ. ਈ., ਗੋਦਾਮ ਕੀਪਰ, ਮਾਰਕੀਟ ਸੁਪਰਵਾਈਜਰ, ਵੀ. ਐਲ. ਡੀ. ਏ. ਦਾ ਤਨਖਾਹ ਸਕੇਲ 35,400 ਰੁਪਏ ਹੈ .

# ਘਰੇਲੂ ਨੌਕਰਾਣੀਆਂ ਗਹਿਣੇ ਚੋਰੀ ਕਰਕੇ ਫਰਾਰ

ਲੁਧਿਆਣਾ, (ਪੱਤਰ ਪ੍ਰੇਰਕ)-ਥਾਣਾ ਡਿਵੀਜਨ ਨੰਬਰ 3 ਦੇ ਇਲਾਕੇ ਕਿਦਵਈ ਨਗਰ ਸਥਿਤ ਇੱਕ ਘਰ ਵਿੱਚੋਂ ਘਰੇਲੂ ਨੌਕਰਾਣੀਆਂ ਲੱਖਾਂ ਰੁਪਏ ਦੇ ਸੋਨੇ ਦੇ ਗਹਿਣੇ ਚੋਰੀ ਕਰਕੇ ਲੈ ਗਈਆਂ ਹਨ। ਪ੍ਰਨਵ ਪਾਹਵਾ ਵਾਸੀ 222 ਕਿਦਵਈ ਨਗਰ ਨੇ ਦੱਸਿਆ ਹੈ ਕਿ ਉਸ ਦੇ ਜਾਣਕਾਰ ਕੁਨਾਲ ਢੀਂਗਰਾ ਨੇ ਦੋ ਔਰਤਾਂ ਘਰ ਵਿੱਚ ਕੰਮ ਕਰਨ ਲਈ ਰਖਾਈਆਂ ਸਨ ਜੋ ਘਰ ਵਿੱਚ ਕਰੀਬ 2-3 ਘੰਟੇ ਕੰਮ ਕਰਨ ਤੋਂ ਬਾਅਦ ਚਲੀਆਂ ਗਈਆਂ ਤੇ ਉਹ ਪਰਿਵਾਰ ਸਮੇਤ ਧਾਰਮਿਕ ਜਗ੍ਹਾ ਪਰ ਚਲੇ ਗਏ। ਕੁਝ ਦਿਨਾਂ ਬਾਅਦ ਘਰ ਆ ਕੇ ਦੇਖਿਆ ਕਿ ਅਲਮਾਰੀ ਦੇ ਦਰਾਜ ਵਿੱਚ ਪਏ ਗਹਿਣੇ 6 ਸੋਨੇ ਦੀਆਂ ਮੁੰਦਰੀਆਂ, 3 ਕੜੇ ਅਤੇ 2 ਝੁਮਕੇ ਗਾਇਬ ਸਨ। ਪੁਲੀਸ ਨੇ ਇਸ ਸਬੰਧੀ ਕੇਸ ਦਰਜ ਕਰ ਲਿਆ ਹੈ।

## ਭਾਜਪਾ ਮੰਡਲ ਖਮਾਣੋਂ ਨੇ 'ਵੀਰ ਬਾਲ' ਦਿਵਸ ਮਨਾਇਆ



ਖਮਾਣੋਂ, (ਪੱਤਰ ਪ੍ਰੇਰਕ)-ਭਾਰਤੀ ਜਨਤਾ ਪਾਰਟੀ ਮੰਡਲ ਖਮਾਣੋਂ ਦੀ ਮੀਟਿੰਗ ਪ੍ਰਧਾਨ ਦੀਪਕ ਕੁਮਾਰ ਰਾਜ ਅਤੇ ਜਿਲ੍ਹਾ ਕਿਸਾਨ ਮੋਰਚਾ ਪ੍ਰਧਾਨ ਗੁਰਦੀਪ ਸਿੰਘ ਅਮਰਾਲਾ ਦੀ ਪ੍ਰਧਾਨਗੀ ਹੇਠ ਗੁਰਦੁਆਰਾ ਰਾਣਵਾਂ ਸਾਹਿਬ ਵਿਖੇ ਹੋਈ . ਜਿਸ 'ਚ ਸਾਹਿਬਜਾਦਿਆਂ ਦੀ ਸਹਾਦਤ ਅਤੇ ਮਾਤਾ ਗੁਜਰੀ ਜੀ ਦੀ ਸਹਾਦਤ ਨੂੰ ਯਾਦ ਕੀਤਾ ਗਿਆ ਅਤੇ ਉਨ੍ਹਾਂ ਨੂੰ ਸਰਧਾ ਦੇ ਫੁੱਲ ਭੇਟ ਕੀਤੇ ਗਏ . ਉਨ੍ਹਾਂ ਕਿਹਾ ਕਿ ਪੰਜਾਬ ਤੇ ਦੇਸ ਵਾਸੀ ਮਹਾਨ ਸਹੀਦਾਂ ਦੀਆਂ ਸਹੀਦੀਆਂ ਦਾ ਕਰਜਦਾਰ ਹੈ ਤੇ ਉਨ੍ਹਾਂ ਮਹਾਨ ਸੂਰਬੀਰਾਂ ਨੂੰ ਸਰਧਾਂਜਲੀ ਭੇਟ ਕੀਤੀ . ਇਸ ਮੌਕੇ ਮੰਡਲ ਪ੍ਰਧਾਨ ਸਾਮ ਲਾਲ ਨਰੂਲਾ, ਡਾ. ਨਰੇਸ ਚੌਹਾਨ, ਬ੍ਰਿਜ ਲਾਲ ਸਰਮਾ, ਬਚਨ ਲਾਲ ਫਰੌਰ, ਮੇਜਰ ਸਿੰਘ ਅਤੇ ਰਮੇਸ ਭਨੋਟ ਵੀ ਹਾਜਰ ਸਨ .

## ਮਾਨ ਸਰਕਾਰ ਨੇ ਸਾਲ 2022 ਦੌਰਾਨ ਕਿਸਾਨਾਂ ਦੀ ਭਲਾਈ ਲਈ ਕਿਸਾਨ ਪੱਖੀ ਫੈਸਲੇ ਕੀਤੇ: ਕੁਲਦੀਪ ਸਿੰਘ ਧਾਲੀਵਾਲ

ਚੰਡੀਗੜ੍ਹ, (ਪੱਤਰ ਪ੍ਰੇਰਕ)- ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਸਾਲ 2022 ਦੌਰਾਨ ਸੂਬੇ ਦੇ ਕਿਸਾਨਾਂ ਦੀ ਭਲਾਈ ਲਈ ਕਿਸਾਨ ਪੱਖੀ ਫੈਸਲੇ ਕੀਤੇ ਹਨ। ਇਹ ਜਾਣਕਾਰੀ ਦਿੰਦਿਆਂ ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ. ਕੁਲਦੀਪ ਸਿੰਘ ਧਾਲੀਵਾਲ ਨੇ ਦੱਸਿਆ ਕਿ ਸੂਬਾ ਸਰਕਾਰ ਨੇ ਹੁਣ ਤੱਕ ਕਿਸਾਨ ਸੰਘਰਸ਼ ਦੌਰਾਨ ਸ਼ਹੀਦ ਹੋਏ 634 ਕਿਸਾਨਾਂ ਦੇ ਵਾਰਿਸਾਂ ਨੂੰ 5 ਲੱਖ ਰੁਪਏ ਦੇ ਹਿਸਾਬ ਨਾਲ ਕੁੱਲ 31 ਕਰੋੜ 70 ਲੱਖ ਰੁਪਏ ਜਾਰੀ ਕੀਤੇ ਹਨ। ਇਸੇ ਤਰ੍ਹਾਂ ਕਿਸਾਨਾਂ ਦੇ 326 ਵਾਰਿਸਾਂ ਨੂੰ ਵੱਖ-ਵੱਖ ਵਿਭਾਗਾਂ ਵਿੱਚ ਸਰਕਾਰੀ ਨੌਕਰੀ ਦਿੱਤੀ ਜਾ ਚੁੱਕੀ ਹੈ, 98 ਨੂੰ ਨੌਕਰੀ ਦੇਣ ਲਈ ਵੈਰੀਫਿਕੇਸ਼ਨ ਮੁਕੰਮਲ ਹੋ ਗਈ ਹੈ ਜਦਕਿ 210 ਹੋਰਾਂ ਨੂੰ ਸਰਕਾਰੀ ਨੌਕਰੀ ਦੇਣ ਲਈ ਪ੍ਰਕਿਰਿਆ ਮੁਕੰਮਲ ਕੀਤੀ ਜਾ ਰਹੀ ਹੈ। ਮੰਤਰੀ ਨੇ ਦੱਸਿਆ ਕਿ ਸੂਬੇ ਵਿੱਚ ਫਸਲੀ ਵਿਭਿੰਨਤਾ ਨੂੰ ਹੁਲਾਰਾ ਦੇਣ ਲਈ ਮੂੰਗੀ ਦੀ ਫਸਲ ਦਾ ਘੱਟੋ-ਘੱਟ ਸਮਰਥਨ ਮੁੱਲ 7275 ਪ੍ਰਤੀ ਕੁਇੰਟਲ ਨਿਰਧਾਰਤ ਕੀਤਾ ਅਤੇ ਕੁੱਲ 61.85 ਕਰੋੜ ਰੁਪਏ 15,737 ਕਿਸਾਨਾਂ ਦੇ ਬੈਂਕ ਖਾਤਿਆਂ ਵਿੱਚ ਸਿੱਧੇ ਟਰਾਂਸਫਰ ਕੀਤੇ ਹਨ। ਉਨ੍ਹਾਂ ਦੱਸਿਆ ਕਿ ਇਹ ਸੂਬਾ ਸਰਕਾਰ ਵੱਲੋਂ ਇਹ ਪਹਿਲ ਫਸਲੀ ਵਿਭਿੰਨਤਾ ਨੂੰ ਉਤਸਾਹਿਤ ਕਰਨ ਲਈ ਕੀਤੀ ਗਈ ਸੀ, ਜਿਸਨੂੰ ਚੰਗਾ ਹੁੰਗਾਰਾ ਵੀ ਮਿਲਿਆ ਸੀ। ਸ. ਧਾਲੀਵਾਲ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਨੂੰ ਝੋਨੇ ਦੀ ਸਿੱਧੀ ਬਿਜਾਈ ਕਰਨ ਲਈ ਉਤਸ਼ਾਹਿਤ ਕੀਤਾ ਜਾ ਰਿਹਾ ਹੈ ਤਾਂ ਜੋ ਪਾਣੀ ਦੀ ਲਗਾਤਾਰ ਹੋ ਰਹੀ ਕਮੀ ਨੂੰ ਰੋਕਿਆ ਜਾ ਸਕੇ। ਉਨ੍ਹਾਂ ਦੱਸਿਆ ਕਿ ਸਾਉਣੀ 2022 ਦੌਰਾਨ ਅਧੀਨ ਤਸਦੀਕ ਕੀਤੀ ਗਈ ਕੁੱਲ ਜ਼ਮੀਨ 169008 ਏਕੜ ਹੈ ਜਿਸ ਲਈ 1500 ਰੁਪਏ ਪ੍ਰਤੀ ਏਕੜ ਅਤੇ ਕੁੱਲ 25.06 ਕਰੋੜ ਰੁਪਏ ਦੀ ਰਾਸ਼ੀ ਕਿਸਾਨਾਂ ਨੂੰ ਜਾਰੀ ਕੀਤੀ ਗਈ ਹੈ।ਉਨ੍ਹਾਂ ਦੱਸਿਆ ਕਿ ਕਿਸਾਨਾਂ ਨੂੰ ਰਾਹਤ ਦਿੰਦਿਆਂ ਗੰਨੇ ਦਾ ਭਾਅ 20 ਰੁਪਏ ਪ੍ਰਤੀ ਕੁਇੰਟਲ ਵਧਾਇਆ ਹੈ ਅਤੇ ਸਹਿਕਾਰੀ ਦੇ ਪ੍ਰਾਈਵੇਟ ਖੰਡ ਮਿੱਲਾਂ ਨੂੰ 492 ਕਰੋੜ ਰੁਪਏ ਜਾਰੀ ਕੀਤੇ ਹਨ ਤਾਂ ਜੋ ਕਿਸਾਨਾਂ ਨੂੰ ਲਾਭ ਦਿੱਤਾ ਜਾ ਸਕੇ। ਸ. ਧਾਲੀਵਾਲ ਨੇ ਦੱਸਿਆ ਕਿ ਖੇਤੀਬਾੜੀ ਪੰਜਾਬ ਦੀ ਆਰਥਿਕਤਾ ਦਾ ਇੱਕ ਮਹੱਤਵਪੂਰਨ ਅੰਗ ਹੈ। ਪੰਜਾਬ ਨੇ ਪਿਛਲੇ ਪੰਜ ਦਹਾਕਿਆਂ ਤੋਂ ਦੇਸ਼ ਦੀ ਅਨਾਜ ਸੁਰੱਖਿਆ ਨੂੰ ਯਕੀਨੀ ਬਣਾਇਆ ਹੈ ਅਤੇ ਦੇਸ਼ ਲਈ ਲੋੜੀਂਦਾ ਫੂਡ ਸਟਾਕ ਬਣਾਈ ਰੱਖਿਆ ਹੈ। ਪੰਜਾਬ ਨੇ ਸਾਲ 2021-22 ਦੌਰਾਨ ਦੇਸ਼ ਦੇ ਅੰਨ ਭੰਡਾਰ ਦਾ 31 ਫੀਸਦੀ ਕਣਕ ਅਤੇ ਚਾਵਲ ਦਾ 21 ਫੀਸਦੀ ਯੋਗਦਾਨ ਪਾਇਆ ਹੈ। ਉਨ੍ਹਾਂ ਦੱਸਿਆ ਕਿ ਭੂਗੋਲਿਕ ਤੌਰ 'ਤੇ ਪੰਜਾਬ ਦਾ 50.33 ਲੱਖ ਹੈਕਟੇਅਰ ਰਕਬਾ ਹੈ, ਜਿਸ ਵਿੱਚੋਂ ਲਗਭਗ 41.27 ਲੱਖ ਹੈਕਟੇਅਰ ਖੇਤੀਬਾੜੀ ਲਈ ਵਰਤਿਆ ਜਾਂਦਾ ਹੈ। ਉਨ੍ਹਾਂ ਦੱਸਿਆ ਕਿ 40.74 ਲੱਖ ਹੈਕਟੇਅਰ (98.9 ਫੀਸਦੀ) ਵਿੱਚ ਸਿੰਚਾਈ ਕੀਤੀ ਜਾਂਦੀ ਹੈ। ਸੂਬੇ ਦੀ ਫਸਲ ਦੀ ਤੀਬਰਤਾ 189 ਫੀਸਦੀ ਤੋਂ ਵੱਧ ਹੈ। ਇਹ ਦੇਸ਼ ਵਿੱਚ ਲਗਭਗ 18 ਫੀਸਦੀ ਕਣਕ, 11 ਫੀਸਦੀ ਚਾਵਲ ਅਤੇ 4 ਫੀਸਦੀ ਕਪਾਹ, 10 ਫੀਸਦੀ ਦੁੱਧ, 20 ਫੀਸਦੀ ਸ਼ਹਿਦ ਅਤੇ 48 ਫੀਸਦੀ ਖੁੰਬਾਂ ਦਾ ਉਤਪਾਦਨ ਕਰਦਾ ਹੈ। ਖੇਤੀਬਾੜੀ ਮੰਤਰੀ ਨੇ ਦੱਸਿਆ ਕਿ ਫਸਲੀ ਵਿਭਿੰਨਤਾ ਸੂਬਾ ਸਰਕਾਰ ਦਾ ਇੱਕ ਪ੍ਰਮੁੱਖ ਏਜੰਡਾ ਹੈ ਤਾਂ ਜੋ ਝੋਨੇ-ਕਣਕ ਦੀ ਫਸਲ ਪ੍ਰਣਾਲੀ ਹੇਠ ਰਕਬਾ ਘਟਾਇਆ ਜਾ ਸਕੇ ਅਤੇ ਧਰਤੀ ਹੇਠਲੇ ਪਾਣੀ ਨੂੰ ਬਚਾਇਆ ਜਾ ਸਕੇ। ਉਨ੍ਹਾਂ ਦੱਸਿਆ ਕਿ ਕਪਾਹ, ਮੱਕੀ, ਤੇਲ ਬੀਜਾਂ ਅਤੇ ਦਾਲਾਂ ਵਰਗੀਆਂ ਘੱਟ ਪਾਣੀ ਦੀ ਖਪਤ ਵਾਲੀਆਂ ਫਸਲਾਂ ਹੇਠ ਰਕਬਾ ਵਧਾਉਣ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ।ਉਨ੍ਹਾਂ ਦੱਸਿਆ ਕਿ ਸਾਲ 2021 ਵਿੱਚ ਖਾਣ ਵਾਲੇ ਤੇਲ ਦੀ ਫਸਲ ਦਾ ਰਕਬਾ 31600 ਹੈਕਟੇਅਰ ਸੀ, ਪਰ ਸਾਲ 2022 ਵਿੱਚ ਇਹ ਵਧ ਕੇ 43900 ਹੈਕਟੇਅਰ ਹੋ ਗਿਆ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਫਸਲਾਂ ਦੀ ਰਹਿੰਦ-ਖੂੰਹਦ ਦੇ ਪ੍ਰਬੰਧਨ ਦੇ ਯੰਤਰਾਂ 'ਤੇ ਸਬਸਿਡੀ ਉਪਲੱਬਧ ਕਰਵਾਉਣ ਤੋਂ ਇਲਾਵਾ ਕਿਸਾਨਾਂ ਨੂੰ ਤਕਨੀਕਾਂ ਅਪਣਾਉਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਸਰਕਾਰ ਨੇ ਫਸਲਾਂ ਦੀ ਰਹਿੰਦ-ਖੂੰਹਦ ਦੇ ਪ੍ਰਬੰਧਨ ਲਈ ਉਪਲਬਧ ਤਕਨੀਕਾਂ ਬਾਰੇ ਜਾਣਕਾਰੀ ਸਾਂਝੀ ਕਰਨ ਲਈ ਵੱਖ-ਵੱਖ ਮਾਧਿਅਮਾਂ ਰਾਹੀਂ ਕਿਸਾਨਾਂ ਤੱਕ ਪਹੁੰਚ ਕੀਤੀ ਹੈ ਸ. ਧਾਲੀਵਾਲ ਨੇ ਅੱਗੇ ਦੱਸਿਆ ਕਿ ਸੂਬਾ ਸਰਕਾਰ ਪਰਾਲੀ ਦੀ ਰਹਿੰਦ-ਖੂੰਹਦ ਦੇ ਪ੍ਰਬੰਧਨ ਲਈ ਗੰਭੀਰਤਾ ਨਾਲ ਯਤਨ ਕਰ ਰਹੀ ਹੈ। ਉਨ੍ਹਾਂ ਦੱਸਿਆ ਕਿ ਸਰਕਾਰ ਦੇ ਯਤਨਾਂ ਦੇ ਨਤੀਜੇ ਵਜੋਂ ਸਾਲ 2021 ਦੇ ਮੁਕਾਬਲੇ ਖੇਤਾਂ ਵਿੱਚ ਅੱਗ ਲੱਗਣ ਦੀ ਗਿਣਤੀ 71304 ਦੇ ਮੁਕਾਬਲੇ ਸਾਲ 2022 ਘੱਟ ਕੇ ਵਿੱਚ 49922 ਰਹਿ ਗਈ ਹੈ, ਜੋ ਕਿ ਲਗਭਗ 30 ਫੀਸਦੀ ਘੱਟ ਹੈ।



## ਵਿਧਾਨ ਸਭਾ ਦਾ ਸੈਸ਼ਨ ਨਾ ਚੁਕਾਇਆ ਤਾਂ ਖੜ੍ਹਾ ਹੋ ਸਕਦੈ ਸੰਵਿਧਾਨਕ ਸੰਕਟ

ਚੰਡੀਗੜ੍ਹ , (ਸੁਰਿੰਦਰ ਸਿੰਘ)- ਪਿਛਲੇ ਤਿੰਨ ਮਹੀਨਿਆਂ ਤੋਂ ਅਣਮਿੱਥੇ ਸਮੇਂ ਲਈ ਮੁਲਤਵੀ ਕੀਤੇ ਪੰਜਾਬ ਵਿਧਾਨ ਸਭਾ ਦਾ ਸੈਸ਼ਨ ਪੱਕੇ ਤੌਰ 'ਤੇ ਨਾ ਉਠਾਉਣ ਤੇ ਸਰਦ ਰੁੱਤ ਸੈਸ਼ਨ ਨਾ ਬਲਾਉਣ ਕਾਰਨ ਸਿਆਸੀ ਵਿਰੋਧੀਆਂ ਨੇ ਸਰਕਾਰ ਦੀ ਕਾਰਗੁਜ਼ਾਰੀ 'ਤੇ ਸਵਾਲ ਖੜ੍ਹੇ ਕੀਤੇ ਹਨ। ਸੰਵਿਧਾਨਕ ਮਾਹਿਰਾਂ ਦਾ ਕਹਿਣਾ ਹੈ ਕਿ ਨਵੇਂ ਵਰ੍ਹੇ ਸੈਸ਼ਨ ਦਾ ਪੱਕੇ ਤੌਰ 'ਤੇ ਉਠਾਉਣ ਨਾ ਕਰਨਾ ਅਤੇ ਰਾਜਪਾਲ ਦੇ ਭਾਸ਼ਣ ਤੋਂ ਬਿਨਾਂ ਸੈਸ਼ਨ ਚਲਾਉਣਾ ਸਰਕਾਰ ਦੀ ਸੰਵਿਧਾਨਕ ਭੁੱਲ ਹੋਵੇਗੀ। ਅਜਿਹਾ ਕਰਨ ਨਾਲ ਸਰਕਾਰ ਲਈ ਵੱਡਾ ਸੰਵਿਧਾਨਕ ਸੰਕਟ ਖੜ੍ਹਾ ਹੋ ਸਕਦਾ ਹੈ। ਦੂਜੇ ਪਾਸੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਦਾ ਕਹਿਣਾ ਹੈ ਕਿ ਸੈਸ਼ਨ ਉਠਾਉਣ ਬਾਰੇ ਮਾਮਲਾ ਸਰਕਾਰ ਦੇ ਧਿਆਨ ਵਿਚ ਲਿਆ ਦਿੱਤਾ ਗਿਆ ਹੈ ਤੇ ਸੰਵਿਧਾਨ ਅਨੁਸਾਰ ਕੰਮ ਕੀਤਾ ਜਾਵੇਗਾ। ਯਾਦ ਰਹੇ ਕਿ ਇਸ ਸਾਲ ਸਤੰਬਰ-ਅਕਤੂਬਰ ਮਹੀਨੇ ਵਿਚ ਵਿਧਾਨ ਸਭਾ ਦਾ ਸੈਸ਼ਨ 3 ਅਕਤੂਬਰ ਨੂੰ ਅਣਮਿੱਥੇ ਸਮੇਂ ਲਈ ਮੁਲਤਵੀ ਕਰ ਦਿੱਤਾ ਗਿਆ ਸੀ।

ਪੰਜਾਬ ਵਿਧਾਨ ਸਭਾ ਦੇ ਸਾਬਕਾ ਡਿਪਟੀ ਸਪੀਕਰ ਤੇ ਸੰਵਿਧਾਨਕ ਮਾਮਲਿਆਂ ਦੇ ਮਾਹਿਰ ਬੀਰਦਵਿੰਦਰ ਸਿੰਘ ਨੇ ਕਿਹਾ ਕਿ ਪੰਜਾਬ ਵਿਧਾਨ ਸਭਾ ਦੀ ਨਿਯਮਾਂਵਲੀ ਦੇ ਰੂਲਜ਼ 17 ਤੇ ਭਾਰਤੀ ਸੰਵਿਧਾਨ ਦੀ ਧਾਰਾ 175 (1) ਅਨੁਸਾਰ ਨਵੇਂ ਵਰ੍ਹੇ ਦਾ ਪਹਿਲਾ ਸੈਸ਼ਨ ਰਾਜਪਾਲ ਦੇ ਭਾਸ਼ਣ ਨਾਲ ਸ਼ੁਰੂ ਹੁੰਦਾ ਹੈ। ਇਸ ਤਰ੍ਹਾਂ ਰਾਜਪਾਲ ਦੀ ਮਨਜ਼ੂਰੀ ਨਾਲ ਹੀ ਸੈਸ਼ਨ ਬੁਲਾਇਆ ਜਾ ਸਕਦਾ ਹੈ।ਉਨ੍ਹਾਂ ਕਿਹਾ ਕਿ ਜੇ ਸਰਕਾਰ ਪਹਿਲਾਂ ਸੈਸ਼ਨ ਰਾਜਪਾਲ ਦੇ ਭਾਸ਼ਣ ਤੋਂ ਬਗੈਰ ਕਰਵਾਏਗੀ ਤਾਂ ਸ਼ੈਸ਼ਨ ਗ਼ੈਰ-ਕਾਨੂੰਨੀ ਹੋਵੇਗਾ। ਅਜਿਹੀ ਸਥਿਤੀ ਵਿਚ ਰਾਜਪਾਲ, ਰਾਸ਼ਟਰਪਤੀ ਅਤੇ ਕੇਂਦਰ ਸਰਕਾਰ ਨੂੰ ਸੂਬਾ ਸਰਕਾਰ ਵੱਲੋਂ ਗੈਰ-ਸੰਵਿਧਾਨਕ ਢੰਗ ਨਾਲ ਕੰਮ ਕਰਨ ਬਾਰੇ ਪੱਤਰ ਲਿਖ ਸਕਦੇ ਹਨ ਤੇ ਸੂਬੇ ਵਿਚ ਰਾਜਪਾਲ ਰਾਜ ਲਗਾਉਣ ਦੀ ਸਿਫਾਰਸ਼ ਕਰ ਸਕਦੇ ਹਨ। ਬੀਰਦਵਿੰਦਰ ਸਿੰਘ ਨੇ ਸੂਬਾ ਸਰਕਾਰ ਨੂੰ ਜ਼ਿੱਦ ਛੱਡ ਕੇ ਸੈਸ਼ਨ ਨੂੰ ਪੱਕੇ ਤੌਰ 'ਤੇ ਉਠਾਉਣ ਦੀ ਕਾਰਵਾਈ ਕਰਨ ਦੀ ਸਲਾਹ ਦਿੱਤੀ ਹੈ। ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਨੇ ਕਿਹਾ ਕਿ ਸਰਕਾਰ ਸਰਦ ਰੁੱਤ ਸ਼ੈਸ਼ਨ ਬੁਲਾਉਣ ਤੋਂ ਭੱਜ ਰਹੀ ਹੈ। ਸੈਸ਼ਨ ਪੱਕੇ ਤੌਰ 'ਤੇ ਨਾ ਉਠਾਉਣ ਕਾਰਨ ਵਿਧਾਇਕ ਆਪਣੇ ਸਵਾਲ ਨਹੀਂ ਲਗਾ ਸਕਦੇ ਕਿਉਂਕਿ ਵਿਧਾਨ ਸਭਾ ਦੇ ਨਿਯਮਾਂ ਅਨੁਸਾਰ ਸੈਸ਼ਨ ਉਠਾਉਣ ਤੋਂ ਬਾਅਦ ਹੀ ਸਵਾਲ ਲਗਾਏ ਜਾ ਸਕਦੇ ਹਨ। ਬਾਜਵਾ ਦਾ ਕਹਿਣਾ ਹੈ ਕਿ ਸੂਬੇ ਵਿਚ ਮਾਈਨਿੰਗ ਸਮੇਤ ਕਈ ਭਖਦੇ ਮੁੱਦੇ ਹਨ, ਜਿਨ੍ਹਾਂ 'ਤੇ ਸਦਨ ਵਿਚ ਚਰਚਾ ਹੋਣੀ ਚਾਹੀਦੀ ਹੈ ਪਰ ਸਰਕਾਰ ਦੀ ਸਰਦ ਰੁੱਤ ਇਜਲਾਸ ਬਾਰੇ ਨੀਅਤ ਸਾਫ਼ ਨਹੀਂ ਲੱਗ ਰਹੀ।

ਵਰਨਣਯੋਗ ਹੈ ਕਿ ਪੰਜਾਬ ਸਰਕਾਰ ਤੇ ਰਾਜਪਾਲ ਵਿਚਕਾਰ ਵਿਸ਼ੇਸ਼ ਇਜਲਾਸ ਬਲਾਉਣ ਨੂੰ ਲੈ ਕੇ ਵਿਵਾਦ ਖੜ੍ਹਾ ਹੋ ਗਿਆ ਸੀ। ਸਰਕਾਰ ਨੇ 'ਅਪਰੇਸ਼ਨ ਲੌਟਸ' ਨੂੰ ਲੈ ਕੇ ਭਰੋਸੇ ਦਾ ਵੋਟ ਹਾਸਲ ਕਰਨ ਲਈ ਮਤਾ ਲੈ ਕੇ ਆਉਣਾ ਸੀ, ਇਸ ਨੂੰ ਗੈਰ-ਸੰਵਿਧਾਨਕ ਦੱਸਦੇ ਹੋਏ ਰਾਜਪਾਲ ਨੇ ਮਨਜ਼ੂਰੀ ਰੱਦ ਕਰ ਦਿੱਤੀ ਸੀ, ਫਿਰ ਸਰਕਾਰ ਨੇ ਬਿਜਨਸ ਦਾ ਹਵਾਲਾ ਦੇ ਕੇ ਇਜਲਾਸ ਸੱਦਣ ਦੀ ਮਨਜ਼ੂਰੀ ਮੰਗੀ ਸੀ।

**ਸਾਰਾ ਕੰਮ ਸੰਵਿਧਾਨ ਅਨੁਸਾਰ ਹੋਵੇਗਾ : ਸੰਧਵਾਂ**

ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਹੈ ਕਿ ਸਾਰਾ ਕੰਮ ਸੰਵਿਧਾਨ ਅਨੁਸਾਰ ਹੋਵੇਗਾ।ਉਨ੍ਹਾਂ ਕਿਹਾ ਕਿ ਸੰਵਿਧਾਨਕ ਪ੍ਰੀਕਿਰਿਆਵਾਂ ਪੂਰੀ ਕਰਨ ਤੇ ਸੈਸ਼ਨ ਉਠਾਉਣ ਬਾਰੇ ਮਾਮਲਾ ਉਨ੍ਹਾਂ ਨੇ ਸਰਕਾਰ ਦੇ ਧਿਆਨ ਵਿਚ ਲਿਆ ਦਿੱਤਾ ਹੈ। ਉਨ੍ਹਾਂ ਕਿਹਾ ਕਿ ਸਵਾਲ ਲਗਾਉਣ ਸਬੰਧੀ ਨਿਯਮਾਂ ਵਿਚ ਸੋਧ ਕਰ ਦਿੱਤੀ ਜਾਵੇਗੀ। ਸਾਬਕਾ ਸਪੀਕਰ ਬੀਰਦਵਿੰਦਰ ਸਿੰਘ ਵੱਲੋਂ ਕੀਤੇ ਸਵਾਲਾਂ ਦੇ ਜਵਾਬ ਵਿਚ ਸੰਧਵਾਂ ਨੇ ਕਿਹਾ ਕਿ ਸੈਸ਼ਨ ਨੂੰ ਪੱਕੇ ਤੌਰ 'ਤੇ ਉਠਾਉਣ ਦਾ ਫੈਸਲਾ ਵਿਧਾਨ ਸਭਾ ਨੇ ਲੈਣਾ ਹੈ।

**ਇਸ ਕਾਰਨ ਹੋਇਆ ਸੀ ਵਿਵਾਦ**

14 ਸਤੰਬਰ ਨੂੰ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਦੋਸ਼ ਲਾਇਆ ਸੀ ਕਿ ਭਾਜਪਾ, ਆਪ੍ਰੇਸ਼ਨ ਲੌਟਸ ਜ਼ਰੀਏ 'ਆਪ' ਦੇ ਵਿਧਾਇਕਾਂ ਨੂੰ ਤੋੜਨਾ ਚਾਹੁੰਦੀ ਹੈ। ਇਸ ਨੂੰ ਲੈ ਕੇ 'ਆਪ' ਸਰਕਾਰ ਨੇ ਵਿਧਾਨ ਸਭਾ ਵਿਚ ਭਰੋਸੇ ਦਾ ਵੋਟ ਲੈਣ ਲਈ 22 ਸਤੰਬਰ ਨੂੰ ਵਿਧਾਨ ਸਭਾ ਦਾ ਸੈਸ਼ਨ ਸੱਦਿਆ ਸੀ। ਇਸ 'ਤੇ ਵਿਰੋਧੀ ਧਿਰ ਨੇ ਇਤਰਾਜ਼ ਕੀਤੇ ਸਨ ਕਿ ਸਰਕਾਰ 'ਭਰੋਸੇ ਦਾ ਵੋਟ' ਲੈਣ ਲਈ ਸੈਸ਼ਨ ਨਹੀਂ ਸੱਦ ਸਕਦੀ ਹੈ। ਇਸ ਮਗਰੋਂ ਰਾਜਪਾਲ ਨੇ ਸੈਸ਼ਨ ਸੱਦਣ ਨੂੰ ਲੈ ਕੇ ਦਿੱਤੇ ਫ਼ੈਸਲੇ ਨੂੰ ਵਾਪਸ ਲੈ ਲਿਆ।ਬਾਅਦ ਵਿਚ ਸਰਕਾਰ ਨੇ ਸੰਵਿਧਾਨਕ ਕੰਮ-ਕਾਜ ਕਰਨ ਲਈ ਰਾਜਪਾਲ ਨੇ 27 ਸਤੰਬਰ ਤੋਂ 3 ਅਕਤੂਬਰ ਤਕ ਸੈਸ਼ਨ ਸੱਦਣ ਦੀ ਇਜਾਜ਼ਤ ਮੰਗੀ ਸੀ। ਇਸ ਨੂੰ ਰਾਜਪਾਲ ਨੇ ਪ੍ਰਵਾਨਗੀ ਦੇ ਦਿੱਤੀ ਸੀ। ਸੈਸ਼ਨ ਉਠਾਉਣ ਦੀ ਪ੍ਰਕਿਰਿਆ ਵਿਧਾਨ ਸਭਾ ਦੇ ਅਣਮਿੱਥੇ ਸਮੇਂ ਲਈ ਉੱਠ ਜਾਣ ਮਗਰੋਂ ਚੀਫ ਸੈਕਟਰੀ ਸਪੀਕਰ ਨੂੰ ਪੱਤਰ ਲਿਖ ਕੇ ਸਿਫ਼ਾਰਸ਼ ਕਰਦੇ ਹਨ ਕਿ ਉਹ ਰਾਜਪਾਲ ਨੂੰ ਵਿਧਾਨ ਸਭਾ ਦੇ ਸੈਸ਼ਨ ਨੂੰ ਉਠਾਉਣ ਦੀ ਸਿਫ਼ਾਰਸ਼ ਕਰਨ। ਇਸ ਮਗਰੋਂ ਸਪੀਕਰ ਵੱਲੋਂ ਪੱਤਰ ਲਿਖੇ ਜਾਣ 'ਤੇ ਰਾਜਪਾਲ ਸੈਸ਼ਨ ਉਠਾਉਣ ਦਾ ਐਲਾਨ ਕਰ ਦਿੰਦੇ ਹਨ। ਸੈਸ਼ਨ ਨਾ ਉਠਾਇਆ ਜਾਂਦਾ ਤਾਂ ਸਪੀਕਰ ਜਦੋਂ ਚਾਹੁਣ ਸੈਸ਼ਨ ਬੁਲਾ ਸਕਦੇ ਹਨ ਜਦਕਿ ਸੈਸ਼ਨ ਉਠਾਉਣ ਮਗਰੋਂ ਸਰਕਾਰ ਨੂੰ ਰਾਜਪਾਲ ਦੇ ਕੋਲ ਸੈਸ਼ਨ ਬੁਲਾਉਣ ਦੀ ਸਿਫ਼ਾਰਸ਼ ਕਰਨੀ ਪੈਂਦੀ ਹੈ।

## ਵਿਆਹ ਤੋਂ ਪਹਿਲਾਂ ਨੌਜਵਾਨ ਨੇ ਫ਼ਾਹਾ ਲਾ ਕੇ ਕੀਤੀ ਖੁਦਕੁਸ਼ੀ

ਲੁਧਿਆਣਾ , (ਪੱਤਰ ਪ੍ਰੇਰਕ)- ਮਹਾਨਗਰ ਦੇ ਥਾਣਾ ਮਿਹਰਬਾਨ ਅਧੀਨ ਇਲਾਕੇ 'ਚ ਰਹਿਣ ਵਾਲੇ ਨੌਜਵਾਨ ਨੇ ਫ਼ਾਹਾ ਲਾ ਕੇ ਖੁਦਕੁਸ਼ੀ ਨੂੰ ਅੰਜਾਮ ਦਿੱਤਾ। ਮ੍ਰਿਕ ਦੀ ਪਛਾਣ ਅਵਿਨਾਸ਼ ਕੁਮਾਰ 30 ਸਾਲ ਦੇ ਰੂਪ 'ਚ ਹੋਈ ਹੈ।ਉਕਤ ਮਾਮਲੇ ਦੀ ਜਾਣਕਾਰੀ ਮਿਲਣ ਤੋਂ ਬਾਅਦ ਥਾਣਾ ਮਿਹਰਬਾਨ ਪੁਲਿਸ ਨੇ ਮ੍ਰਿਕ ਦੀ ਲਾਸ਼ ਕਬਜ਼ੇ 'ਚ ਲੈ ਕੇ ਪੋਸਟਮਾਰਟਮ ਲਈ ਸਿਵਲ ਹਸਪਤਾਲ ਭੇਜ ਦਿੱਤੀ ਹੈ। ਸ਼ੱਕੀ ਹਾਲਾਤ 'ਚ ਮੌਤ ਨੂੰ ਗਲੇ ਲਾਉਣ ਵਾਲਾ ਅਵਿਨਾਸ਼ ਬੈਂਕ 'ਚ ਨੌਕਰੀ ਕਰਦਾ ਸੀ। ਵੀਰਵਾਰ ਨੂੰ ਘਟਨਾ ਬਾਰੇ ਉਦੋਂ ਪਤਾ ਲੱਗਾ ਜਦੋਂ ਪਰਿਵਾਰਕ ਮੈਂਬਰ ਸਵੇਰੇ ਅਵਿਨਾਸ਼ ਦੇ ਕਮਰੇ 'ਚ ਗਿਆ ਤੇ ਨੌਜਵਾਨ ਦੀ ਲਾਸ਼ ਪੱਖੇ ਦੀ ਹੁੱਕ ਨਾਲ ਲਟਕਦੀ ਵੇਖੀ। ਪਰਿਵਾਰ ਨੇ ਅਵਿਨਾਸ਼ ਨੂੰ ਬਚਾਉਣ ਲਈ ਜੱਦੋ-ਜਹਿਦ ਕਰਦੇ ਹੋਏ ਮੁੱਢਲੀ ਸਹਾਇਤਾ ਦਿੱਤੀ, ਪਰ ਨੌਜਵਾਨ ਦਮ ਤੋੜ ਚੁੱਕਾ ਸੀ। ਪਰਿਵਾਰ ਨੇ ਤੁਰੰਤ ਪੁਲਿਸ ਨੂੰ ਸੂਚਿਤ ਕੀਤਾ। ਰਿਸ਼ਤਾ ਟੁੱਟਣ ਦੇ ਡਰ ਤੋਂ ਚੁੱਕਿਆ ਕਦਮ : ਥਾਣਾ ਮੇਹਰਬਾਨ ਦੇ ਸਹਾਇਕ ਥਾਣੇਦਾਰ ਰਾਧੇ ਸ਼ਾਮ ਮੁਤਾਬਿਕ ਪਰਿਵਾਰਕ ਮੈਂਬਰਾਂ ਨੇ ਜਾਣਕਾਰੀ ਦਿੱਤੀ ਕਿ ਅਵਿਨਾਸ਼ ਬੋਲਣ ਵੇਲੇ ਹਕਲਾਉਣ ਦੀ ਬਿਮਾਰੀ ਦਾ ਸ਼ਿਕਾਰ ਸੀ। ਕੁਝ ਸਮਾਂ ਪਹਿਲਾਂ ਹੀ ਅਵਿਨਾਸ਼ ਦਾ ਰਿਸ਼ਤਾ ਹੋਇਆ ਸੀ ਤੇ ਜਿਵੇਂ-ਜਿਵੇਂ ਵਿਆਹ ਦੀ ਤਰੀਕ ਨੇੜੇ ਆ ਰਹੀ ਸੀ, ਤਾਂ ਅਵਿਨਾਸ਼ ਹਕਲਾਉਣ ਦੀ ਬਿਮਾਰੀ ਕਾਰਨ ਰਿਸ਼ਤਾ ਟੁੱਟਣ ਦੇ ਡਰ ਤੋਂ ਗ੍ਰਸਤ ਹੋ ਗਿਆ ਸੀ। ਇੱਕ ਪਾਸੇ ਜਿੱਥੇ ਅਵਿਨਾਸ਼ ਦਾ ਪਰਿਵਾਰ ਵਿਆਹ ਦੀਆਂ ਤਿਆਰੀਆਂ 'ਚ ਰੁਝਿਆ ਹੋਇਆ ਸੀ ਤੇ ਦੂਜੇ ਪਾਸੇ ਅਵਿਨਾਸ਼ ਆਪਣੀ ਹਕਲਾਉਣ ਦੀ ਬਿਮਾਰੀ ਕਾਰਨ ਮਾਨਸਿਕ ਤੌਰ 'ਤੇ ਪਰੇਸ਼ਾਨ ਹੋ ਰਿਹਾ ਸੀ। ਪਰਿਵਾਰ ਮੁਤਾਬਕ ਉਸ ਦੀ ਇਸ ਬਿਮਾਰੀ ਕਾਰਨ ਉਸ 'ਤੇ ਪਹਿਲਾਂ ਵੀ ਦੋ ਰਿਸ਼ਤੇ ਟੁੱਟ ਗਏ ਸਨ।ਹੁਣ ਅਵਿਨਾਸ਼ ਦੇ ਪਰਿਵਾਰ ਵਾਲੇ ਘਰ 'ਚ ਰੰਗ ਰੋਗਨ ਕਰਵਾ ਰਹੇ ਸਨ, ਪਰ ਵਿਹੜੇ 'ਚ ਸ਼ਹਿਨਾਈ ਵੱਜਣ ਤੋਂ ਪਹਿਲਾਂ ਹੀ ਘਰ 'ਚ ਸੱਥਰ ਵਿੱਛ ਗਏ।

## ਸਰਵਹਿੱਤਕਾਰੀ ਸਕੂਲ ਨੇ ਅਰੰਭੀ ਸੰਪਰਕ ਮੁਹਿੰਮ

ਜਗਰਾਓਂ , (ਪੱਤਰ ਪ੍ਰੇਰਕ)- ਸਰਵਹਿੱਤਕਾਰੀ ਸਿੱਖਿਆ ਸੰਮਤੀ ਦੀ ਸੰਪਰਕ ਮੁਹਿੰਮ ਤਹਿਤ ਜਗਰਾਓਂ ਦੇ ਸਰਵਹਿੱਤਕਾਰੀ ਸਕੂਲ ਅਧਿਆਪਕਾ ਨੇ ਬੱਚਿਆਂ ਦੇ ਮਾਪਿਆਂ ਨਾਲ ਘਰ-ਘਰ ਜਾ ਸੰਪਰਕ ਕੀਤਾ। ਪ੍ਰਿੰਸੀਪਲ ਨੀਲੂ ਨਰੂਲਾ ਨੇ ਦੱਸਿਆ ਸੰਪਰਕ ਮੁਹਿੰਮ ਤਹਿਤ ਅਧਿਆਪਕਾਂ ਵੱਲੋਂ ਬੱਚਿਆਂ ਦੇ ਘਰ ਜਾ ਕੇ ਬੱਚਿਆਂ ਦੇ ਵਿਵਹਾਰ ਸਬੰਧੀ ਜਿੱਥੇ ਜਾਣਕਾਰੀ ਇਕੱਠੀ ਜਾ ਰਹੀ ਹੈ ਉੱਥੇ ਬੱਚਿਆਂ ਦੇ ਮਾਪਿਆਂ ਨੂੰ ਸਿੱਖਿਆ ਪ੍ਰਦਾਨ ਕਰਵਾਉਣ ਲਈ ਉਤਸ਼ਾਹਿਤ ਵੀ ਕੀਤਾ ਜਾ ਰਿਹਾ ਹੈ। ਪ੍ਰਿੰਸੀਪਲ ਨੀਲੂ ਨਰੂਲਾ ਨੇ ਕਿਹਾ ਕਿ ਸੰਪਰਕ ਮੁਹਿੰਮ ਦਾ ਉਦੇਸ਼ ਮਾਪਿਆਂ ਤੇ ਅਧਿਆਪਕਾਂ 'ਚ ਤਾਲਮੇਲ ਬਣਿਆ ਰਹੇ ਜੋ ਕਿ ਬੱਚੇ ਦੀ ਤਰੱਕੀ 'ਚ ਕਾਰਗਰ ਹੋਵੇ।

## ਸ਼ਹੀਦੀ ਦਿਹਾੜੇ ਨੂੰ ਸਮਰਪਿਤ ਦੁੱਧ ਦਾ ਲੰਗਰ ਲਗਾਇਆ



ਰਾਏਕੋਟ , (ਪੱਤਰ ਪ੍ਰੇਰਕ)- ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਿਤ ਰਾਏਕੋਟ ਦੇ ਨੌਜਵਾਨਾਂ ਵੱਲੋਂ ਗੁਰਦੁਆਰਾ ਟਾਹਲੀਆਣਾ ਸਾਹਿਬ ਅੱਗੇ ਦੁੱਧ ਦਾ ਲੰਗਰ ਲਗਾਇਆ ਗਿਆ, ਜਿਸ 'ਚ ਨੌਜਵਾਨਾਂ ਨੇ ਗੁਰੂਘਰ ਵਿਖੇ ਮੱਥਾ ਟੇਕਣ ਆਈ ਸੰਗਤ ਨੂੰ ਸ਼ਰਧਾ ਭਾਵ ਨਾਲ ਲੰਗਰ ਛਕਾਇਆ। ਇਸ ਮੌਕੇ ਗੁਰਦੁਆਰਾ ਟਾਹਲੀਆਣਾ ਸਾਹਿਬ ਰਾਏਕੋਟ ਦੇ ਮੈਨੇਜਰ ਕੰਵਲਜੀਤ ਸਿੰਘ ਨੇ ਨੌਜਵਾਨਾਂ ਦੀ ਹੌਸਲਾ ਅਫਜਾਈ ਕਰਦਿਆਂ ਕਿਹਾ ਛੋਟੇ ਸਾਹਿਬਜ਼ਾਦਿਆਂ ਤੇ ਮਾਤਾ ਗਜਰੀ ਜੀ ਦੀ ਸ਼ਹਾਦਤ ਅਦੁੱਤੀ ਕੁਰਬਾਨੀ ਹੈ, ਜਿਸ ਬਾਰੇ ਸਾਡੀ ਅਜੋਕੀ ਨੌਜਵਾਨ ਪੀੜ੍ਹੀ ਨੂੰ ਚੰਗੀ ਤਰ੍ਹਾਂ ਜਾਣੂੰ ਹੋਣਾ ਚਾਹੀਦਾ ਹੈ। ਇਸ ਸਮੇਂ ਗੁਰਸੇਵਕ ਸਿੰਘ, ਇੰਦਰਜੀਤ ਸਿੰਘ, ਦਵਿੰਦਰ ਸਿੰਘ ਬਰਸਾਉਂ, ਗੁਰਜੀਤ ਸਿੰਘ, ਫੌਜੀ ਹਰਵਿੰਦਰ ਸਿੰਘ, ਹਰਮਨਪ੍ਰੀਤ ਸਿੰਘ, ਗਗਨਦੀਪ, ਮਨਰਾਜ ਸਿੰਘ ਗਰੇਵਾਲ, ਗੁਰਤਾਜ ਸਿੰਘ, ਹਰਦੀਪ ਸਿੰਘ, ਵਰਿੰਦਰ ਸਿੰਘ, ਜਗਜੀਵਨ ਸਿੰਘ ਸੋਨੂੰ ਤੇ ਇਕਜੋਤ ਸਿੰਘ ਆਦਿ ਹਾਜ਼ਰ ਸਨ।

## ਪਿੰਡ ਐਤੀਆਣਾ 'ਚ ਗ੍ਰਾਮ ਪੰਚਾਇਤ ਦਾ ਆਮ ਇਜਲਾਸ ਕਰਵਾਇਆ

ਰਾਏਕੋਟ , (ਪੱਤਰ ਪ੍ਰੇਰਕ)-ਪਿੰਡ ਐਤੀਆਣਾ ਵਿਖੇ ਪੰਜਾਬ ਗ੍ਰਾਮ ਸਭਾ ਦਾ ਆਮ ਇਜਲਾਸ ਸਰਪੰਚ ਲਖਵੀਰ ਸਿੰਘ ਦੀ ਦੇਖ-ਰੇਖ ਹੇਠ ਕਰਵਾਇਆ ਗਿਆ। ਸਮਾਧ ਬਾਬਾ ਸਰੂਪ ਦਾਸ ਡੇਰਾ ਵਿਖੇ ਹੋਏ ਇਜਲਾਸ ਦੌਰਾਨ ਵੱਡੀ ਗਿਣਤੀ 'ਚ ਪਿੰਡ ਵਾਸੀਆਂ, ਮੋਹਤਵਰਾਂ ਸਮੇਤ ਵੱਖ-ਵੱਖ ਵਿਭਾਗਾਂ ਦੇ ਕਰਮਚਾਰੀਆਂ ਨੇ ਸ਼ਿਰਕਤ ਕੀਤੀ। ਇਸ ਮੌਕੇ ਸਰਪੰਚ ਲਖਵੀਰ ਸਿੰਘ ਨੇ ਦੱਸਿਆ ਪੇਂਡੂ ਵਿਕਾਸ ਮੰਤਰਾਲਾ ਭਾਰਤ ਸਰਕਾਰ ਵੱਲੋਂ ਕੁਦਰਤੀ ਦਾਤ ਪਾਣੀ ਦੀ ਸੰਭਾਲ ਲਈ 'ਸਾਂਝਾ ਜਲ ਤਲਾਬ' ਸਕੀਮ ਤਹਿਤ ਹਰੇਕ ਪਿੰਡ 'ਚ ਸਾਂਝਾ ਜਲ ਤਲਾਬ ਬਣਾਇਆ ਜਾਣਾ ਹੈ, ਜਿਸ ਤਹਿਤ ਪਿੰਡ ਐਤੀਆਣਾ ਨੂੰ ਬਲਾਕ ਸੁਧਾਰ ਦਾ ਪਹਿਲਾ ਪਿੰਡ ਬਣਨ ਦਾ ਮਾਣ ਪ੍ਰਾਪਤ ਹੋਇਆ ਹੈ, ਜਿਸ 'ਚ 'ਸਾਂਝਾ ਜਲ ਤਲਾਬ' ਦਾ ਨਿਰਮਾਣ ਕਰਵਾਇਆ ਗਿਆ ਹੈ। ਆਮ ਇਜਲਾਸ ਦੌਰਾਨ 2023-24 ਲਈ ਅਨੁਮਾਨਿਤ ਆਮਦਨ ਤੇ ਖਰਚ ਦਾ ਬਜਟ ਪਾਸ਼ ਕੀਤਾ ਗਿਆ। ਜਿਸ 'ਚ ਗਲੀਆਂ, ਸੀਵਰੇਜ, ਧਰਮਸ਼ਾਲਾ, ਸੈਨੀਟੇਸ਼ਨ, ਪਾਣੀ ਦੀ ਸੰਭਾਲ ਆਦਿ ਕੰਮਾਂ ਨੂੰ ਸ਼ਾਮਲ ਕੀਤਾ ਗਿਆ ਹੈ, ਉਥੇ ਹੀ ਨਗਰ ਵਾਸੀਆਂ ਵੱਲੋਂ ਪਿੰਡ ਦੇ ਵਿਕਾਸ ਤੇ ਬੇਹਤਰੀ ਲਈ ਵਿਚਾਰ-ਚਰਚਾ ਕੀਤੀ ਗਈ।

## ਸੜਕ 'ਤੇ ਟੁੱਟਿਆ ਮੈਨਹੋਲ ਦੇ ਰਿਹੈ ਹਾਦਸਿਆਂ ਨੂੰ ਸੱਦਾ




ਜ਼ੀਰਕਪੁਰ , (ਪੱਤਰ ਪ੍ਰੇਰਕ)- ਹੋਟਲ ਮੈਰੀਲੈਂਡ ਦੇ ਬੈਕਸਾਈਡ ਗਾਜ਼ੀਪੁਰ ਨੂੰ ਜਾਂਦੀ ਸੜਕ ਦੇ ਐਨ ਵਿਚਕਾਰ ਕਈ ਦਿਨਾਂ ਤੋਂ ਟੁੱਟਿਆ ਹੋਇਆ ਮੈਨਹਾਲ ਦਾ ਢੱਕਣ ਕਿਸੇ ਹਾਦਸੇ ਨੂੰ ਸੱਦਾ ਦੇ ਰਿਹਾ ਹੈ ਜਿਸ ਵੱਲ ਕਿਸੇ ਦਾ ਵੀ ਧਿਆਨ ਨਹੀਂ ਜਾ ਰਿਹਾ। ਸਥਾਨਕ ਵਾਰਡ ਨੰਬਰ 17 ਅਧੀਨ ਆਉਂਦੇ ਗਾਜ਼ੀਪੁਰ ਰੋਡ ਤੋਂ ਜਮੁਨਾ ਇਨਕਲੇਵ ਨੂੰ ਜਾਂਦੀ ਸੜਕ ਦੀ ਹਾਲਤ ਸੁਧਾਰਨ ਲਈ ਇੱਥੇ ਲੱਖਾਂ ਰੁਪਏ ਖ਼ਰਚ ਕੇ ਸੜਕ 'ਤੇ ਫੈਂਸੀ ਟਾਈਲਾਂ ਲਾਈਆਂ ਗਈਆਂ ਸਨ ਪ੍ਰੰ ਸੜਕ ਦੇ ਵਿਚਾਲੇ ਸਥਿਤ ਮੇਨਹਾਲ ਕੁੱਝ ਸਮੇਂ ਬਾਅਦ ਹੀ ਟੁੱਟ ਗਿਆ।ਇਸ ਮੈਨਹਾਲ 'ਤੇ ਜੋ ਢੱਕਣ ਰੱਖਿਆ ਗਿਆ ਸੀ ਉਹ ਢੱਕਣ ਵਾਲੀ ਥਾਂ ਵੀ ਅੰਦਰ ਹੀ ਸਮਾ ਗਈ ਹੈ। ਇਹ ਸਥਿਤੀ ਪਿਛਲੇ ਕਈ ਦਿਨਾਂ ਤੋਂ ਬਣੀ ਹੋਈ ਹੈ ਪ੍ਰੰ ਕਿਸੇ ਵੀ ਅਧਿਕਾਰੀ ਜਾਂ ਇਸ ਵਾਰਡ ਦੇ ਕੌਂਸਲਰ ਵੱਲੋਂ ਇਸ ਪਾਸੇ ਵੱਲ ਕੋਈ ਵੀ ਧਿਆਨ ਨਹੀਂ ਦਿੱਤਾ ਗਿਆ। ਸਥਾਨਕ ਲੋਕਾਂ ਨੇ ਰੋਸ ਪ੍ਰਗਟ ਕਰਦਿਆਂ ਕਿਹਾ ਕਿ ਨਗਰ ਕੌਂਸਲ ਧੜੱਲੇ ਨਾਲ ਸ਼ਹਿਰ ਦੀ ਗਲੀਆਂ ਤੇ ਸੜਕਾਂ ਤੇ ਕਰੋੜਾਂ ਰੁਪਏ ਖ਼ਰਚ ਕਰ ਕੇ ਟਾਈਲਾ ਤਾਂ ਲਗਵਾ ਰਹੇ ਹਨ, ਪ੍ਰੰ ਠੇਕੇਦਾਰ ਵੱਲੋਂ ਕੀਤੇ ਕੰਮ ਦੀ ਕੋਈ ਜਾਂਚ ਨਹੀਂ ਕੀਤੀ ਜਾ ਰਹੀ। ਵਾਰਡ ਵਾਸੀਆਂ ਨੇ ਪ੍ਰਸ਼ਾਸਨਿਕ ਅਧਿਕਾਰੀਆਂ ਤੇ ਸਥਾਨਕ ਕੌਂਸਲਰ ਕੋਲੋਂ ਇਸ ਮਾਮਲੇ ਵੱਲ ਧਿਆਨ ਦੇਣ ਦੀ ਮੰਗ ਕੀਤੀ ਹੈ। ਉਨ੍ਹਾਂ ਕਿਹਾ ਕੀ ਇਸ ਟੁੱਟੇ ਮੈਨਹਾਲ ਦੇ ਢੱਕਣ ਕਾਰਨ ਰਾਤ ਦੇ ਹਨੇਰੇ 'ਚ ਕਦੇ ਵੀ ਹਾਦਸਾ ਵਾਪਰ ਸਕਦਾ ਹੈ ਜਿਸ ਕਰ ਕੇ ਇਸ 'ਚ ਕਿਸੇ ਦੁਕਾਨਦਾਰਾਂ ਵੱਲੋਂ ਇਸ਼ਾਰੇ ਲਈ ਲੱਕੜਾਂ ਖੜ੍ਹੀਆਂ ਕਰ ਦਿੱਤੀਆਂ ਗਈਆਂ ਨੇ। ਇਥੋਂ ਲੰਘਣ ਵਾਲੇ ਰਾਹਗੀਰਾਂ ਤੇ ਆਸ-ਪਾਸ ਰਹਿਣ ਵਾਲੇ ਵਾਸਨੀਕਾਂ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕੀ ਜਲਦੀ ਤੋਂ ਜਲਦੀ ਇਸ ਸਮੱਸਿਆ ਦਾ ਹੱਲ ਕੱਢਿਆ ਜਾਵੇ ਤੇ ਟੁੱਟੇ ਹੋਏ ਮੈਨਹਾਲ ਦੇ ਢੱਕਣ ਨੂੰ ਬਦਲਿਆ ਜਾਵੇ।

## ਸਾਹਿਬਜ਼ਾਦਿਆਂ ਦੀ ਯਾਦ ਨੂੰ ਸਮਰਪਿਤ ਸਿੰਘਾਂ ਸ਼ਹੀਦਾਂ ਸਾਹਿਬ ਤੋਂ ਨਗਰ ਕੀਰਤਨ

ਐੱਸਏਐੱਸ ਨਗਰ , (ਪੱਤਰ ਪ੍ਰੇਰਕ)- ਪਿੰਡ ਸੋਹਾਣਾ ਦੇ ਇਤਿਹਾਸਕ ਗੁਰਦੁਆਰਾ ਸਿੰਘ ਸ਼ਹੀਦਾਂ ਤੋਂ ਮਾਤਾ ਗੁਜਰੀ ਜੀ ਤੇ ਛੋਟੇ ਸਾਹਿਬਜ਼ਾਦਿਆਂ ਦੀ ਮਿੱਠੀ ਯਾਦ 'ਚ ਵਿਸ਼ਾਲ ਨਗਰ ਕੀਰਤਨ ਗੁ: ਸ੍ਰੀ ਫ਼ਤਹਿਗੜ੍ਹ ਸਾਹਿਬ ਤਕ ਸਜਾਇਆ ਗਿਆ। ਇਹ ਵਿਸ਼ਾਲ ਨਗਰ ਕੀਰਤਨ ਸਵੇਰੇ 10 ਵਜੇ ਗੁਰਦੁਆਰਾ ਸਾਹਿਬ ਤੋਂ ਆਰੰਭ ਹੋਇਆ। ਇਸ ਮੌਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਫੁੱਲਾਂ ਨਾਲ ਬਹੁਤ ਹੀ ਵਧੀਆ ਢੰਗ ਨਾਲ ਪਾਲਕੀ ਸਾਹਿਬ 'ਚ ਸੁਸ਼ੋਭਿਤ ਸਨ। ਨਗਰ ਕੀਰਤਨ 'ਚ ਫ਼ੌਜੀ ਬੈਂਡ ਤੇ ਹੋਰ ਕਈ ਤਰ੍ਹਾਂ ਦੇ ਬੈਂਡ ਵਾਲੇ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਨ ਵਾਲੀਆਂ ਧੁੰਨਾਂ ਵਜਾ ਰਹੇ ਸਨ । ਇਸ ਮੌਕੇ ਗੱਤਕਾ ਪਾਰਟੀਆਂ ਵੱਲੋਂ ਗੱਤਕੇ ਦੇ ਜੌਹਰ ਵਿਖਾਏ ਗਏ। ਇਲਾਕਾ ਵਾਸੀਆਂ ਵੱਲੋਂ ਨਗਰ ਕੀਰਤਨ ਦਾ ਸਵਾਗਤ ਕੀਤਾ ਗਿਆ ਤੇ ਪੰਜ ਪਿਆਰਿਆਂ ਨੂੰ ਸਿਰੋਪਾਓ ਭੇਟ ਕੀਤੇ ਗਏ । ਇਸ ਦੌਰਾਨ ਰਾਗੀ, ਢਾਡੀ, ਕੀਰਤਨੀ ਜੱਥਿਆਂ ਨੇ ਸਿੱਖ ਇਤਿਹਾਸ ਤੇ ਸਾਹਿਬਜ਼ਾਦਿਆਂ ਦੀਆਂ ਕੁਰਬਾਨੀਆਂ ਦੇ ਇਤਿਹਾਸ ਦੀਆਂ ਵਾਰਾਂ ਗਾ ਕੇ ਸੰਗਤਾਂ ਨੂੰ ਗੁਰੂ ਨਾਲ ਜੋੜਨ ਦਾ ਉਪਰਾਲਾ ਕੀਤਾ। ਰਸਤੇ 'ਚ ਸੰਗਤਾਂ ਵੱਲੋਂ ਬ੍ਰੈੱਡ ਪਕੌੜਿਆਂ, ਬਿਸਕੁੱਟ, ਦੁੱਧ, ਕੜਾਹ ਪ੍ਰਸ਼ਾਦਿ ਦਾ ਅਤੁੱਟ ਲੰਗਰ ਵਰਤਾਇਆ ਗਿਆ । ਇਸ ਵਿਸ਼ਾਲ ਨਗਰ ਕੀਰਤਨ 'ਚ ਸੰਗਤਾਂ ਨੇ ਸਕੂਟਰਾਂ, ਮੋਟਰਸਾਈਕਲਾਂ, ਕਾਰਾਂ, ਜੀਪਾਂ, ਟਰੈਕਟਰਾਂ, ਬੱਸਾਂ ਆਦਿ ਰਾਹੀਂ ਸ਼ਾਮਲ ਹੋ ਕੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ।ਇਸ ਮੌਕੇ ਗੁਰਦੁਆਰਾ ਸਿੰਘ ਸ਼ਹੀਦਾਂ ਸੋਹਾਣਾ ਦੇ ਬੁਲਾਰੇ ਨੇ ਦੱਸਿਆ ਕਿ ਬ੍ਰਮਲੀਨ ਬ੍ਰਮਗਿਆਨੀ ਗਿਆਨੀ ਸੰਤ ਬਾਬਾ ਅਜੀਤ ਸਿੰਘ ਜੀ ਹੰਸਾਲੀ ਵਾਲਿਆਂ ਦੀ ਪ੍ਰੇਰਨਾ ਸਦਕਾ ਹਰ ਸਾਲ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਨ ਲਈ ਇਹ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ ਸੀ । ਉਨ੍ਹਾਂ ਅੱਗੇ ਦੱਸਿਆ ਕਿ ਨੂੰ ਬਾਬਾ ਮੋਤੀ ਰਾਮ ਜੀ ਮਹਿਰਾ ਤੇ ਦੀਵਾਨ ਟੋਡਰ ਮੱਲ ਜੀ ਦੀ ਯਾਦ 'ਚ ਸਵੇਰੇ 10 ਵਜੇ ਤੋਂ ਲੈ ਕੇ ਰਾਤ 12 ਵਜੇ ਤੱਕ ਧਾਰਮਿਕ ਸਮਾਗਮ ਹੋਵੇਗਾ।



## ਪਿੰਡ ਬੌਂਦਲੀ ਵਿਖੇ ਪੰਚਾਇਤ ਨੇ ਬੁਲਾਇਆ ਆਮ ਇਜਲਾਸ



ਸ੍ਰੀ ਮਾਛੀਵਾੜਾ ਸਾਹਿਬ, (ਪੱਤਰ ਪ੍ਰੇਰਕ)- ਪਿੰਡ ਬੌਂਦਲੀ ਵਿਖੇ ਸਰਪੰਚ ਪਰਮਜੀਤ ਕੌਰ ਦੀ ਅਗਵਾਈ 'ਚ ਆਮ ਇਜਲਾਸ ਕਰਵਾਇਆ ਗਿਆ ਜਿਸ 'ਚ ਜਿੱਥੇ ਪਿੰਡ ਵਾਸੀਆਂ ਨੇ ਭਰਵੀਂ ਸ਼ਮੂਲੀਅਤ ਕੀਤੀ ਉੱਥੇ ਹਲਕਾ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਤੇ ਬੀਡੀਪੀਓ ਮਾਛੀਵਾੜਾ ਗੁਰਪ੍ਰੀਤ ਸਿੰਘ ਮਾਂਗਟ ਵੀ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਜਾਣਕਾਰੀ ਦਿੰਦਿਆਂ ਪ੍ਰੋਫੈਸਰ ਬਲਜੀਤ ਸਿੰਘ ਬੌਂਦਲੀ ਨੇ ਦੱਸਿਆ ਇਸ ਇਜਲਾਸ 'ਚ ਜਿੱਥੇ ਵੱਖ-ਵੱਖ ਸਮੱਸਿਆਵਾਂ 'ਤੇ ਵਿਚਾਰ ਚਰਚਾ ਕੀਤੀ ਗਈ ਉਥੇ ਭਾਰਤੀ ਕਿਸਾਨ ਯੂਨੀਅਨ ਖੋਸਾ ਦੇ ਜ਼ਿਲ੍ਹਾ ਪ੍ਰਧਾਨ ਦਰਸ਼ਨ ਸਿੰਘ ਖੋਸਾ ਨੇ ਮੰਗ ਕੀਤੀ ਕਿ ਪਿੰਡ ਦੇ ਸਰਕਾਰੀ ਪ੍ਰਾਇਮਰੀ ਸਕੂਲ ਨੂੰ ਪਿੰਡ ਨੇੜੇ ਲਿਆਂਦਾ ਜਾਵੇ ਤੇ ਪੰਚਾਇਤ ਵਲੋਂ ਮਾਲਵਾ ਕਾਲਜ ਦੇ ਗਰਾਊਂਡ ਦੇ ਆਲੇ-ਦੁਆਲੇ ਦੀਆਂ ਕੰਧਾਂ ਉੱਚੀਆਂ ਕੀਤੀਆਂ ਜਾਣ। ਪਿੰਡ ਦੇ ਸਾਬਕਾ ਸਰਪੰਚ ਜਸਮੇਰ ਸਿੰਘ ਨੇ ਮੰਗ ਕੀਤੀ ਕਿ ਇਸ ਪਿੰਡ ਨੂੰ ਬਲਾਕ ਸਮਰਾਲਾ ਨਾਲ ਜੋੜਿਆ ਜਾਵੇ ਤੇ ਬਾਈਪਾਸ ਲਈ ਐਕੁਆਇਰ ਕੀਤੀ ਜ਼ਮੀਨ ਦੇ ਇਵਜ਼ ਮਿਲੀ ਰਕਮ ਪਿੰਡ ਦੇ ਕੰਮਾਂ ਲਈ ਖਰਚ ਕਰਨ ਦੀ ਆਗਿਆ ਦਿੱਤੀ ਜਾਵੇ।ਯਾਦਵਿੰਦਰ ਸਿੰਘ ਕਲਸੀ, ਚਰਨ ਸਿੰਘ ਤੇ ਕੁਝ ਹੋਰ ਨੌਜਵਾਨਾਂ ਨੇ ਵੀ ਪਿੰਡ ਦੇ ਵਿਕਾਸ ਨੂੰ ਲੈ ਕੇ ਆਪੋ-ਆਪਣੇ ਵਿਚਾਰ ਰੱਖੇ। ਇਸ ਮੌਕੇ ਪੀਏ ਸੁਖਵਿੰਦਰ ਸਿੰਘ ਗਿੱਲ, ਪੰਚਾਇਤ ਮੈਂਬਰ ਕਰਮ ਸਿੰਘ, ਹਰਮਿੰਦਰ ਸਿੰਘ, ਪ੍ਰੀਤਮ ਸਿੰਘ, ਦਰਸ਼ਨ ਸਿੰਘ ਸਿੱਧੂ, ਪੰਚ ਇਸਤਰੀਆਂ ਵੀ ਮੌਜੂਦ ਸਨ।

## ਦੀਵਾਨ ਟੋਡਰ ਮੱਲ, ਗਨੀ ਖਾਂ ਅਤੇ ਨਬੀ ਖਾਂ ਨੂੰ ਸਰਧਾਂਜਲੀ ਭੇਟ ਕਰਦੇ ਹੋਏ ਰਾਸਨ ਵੰਡਿਆ

ਕਰਨਾਲ, (ਪੱਤਰ ਪ੍ਰੇਰਕ)-ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸਤਿਕਾਰਯੋਗ ਮਾਤਾ ਗੁਜਰੀ ਜੀ ਅਤੇ ਚਾਰ ਸਾਹਿਬਜਾਦਿਆਂ ਦਾ ਸਹੀਦੀ ਹਫਤਾ ਮਨਾਉਂਦੇ ਹੋਏ ਇੰਟਰਨੈਸਨਲ ਸਿੱਖ ਫੋਰਮ ਅਤੇ ਕਰਨਾਲ ਦੀ ਸਿੱਖ ਸੰਗਤ ਵਲੋਂ ਉਸ ਔਖੇ ਸਮੇਂ 'ਚ ਆਪਣੀ ਜਾਨ ਦੀ ਪ੍ਰਵਾਹ ਕਰੇ ਬਗੈਰ ਗੁਰੂ ਸਾਹਿਬ ਅਤੇ ਉਨ੍ਹਾਂ ਦੇ ਪਰਿਵਾਰ ਦੇ ਨਾਲ ਖੜ੍ਹਨ ਵਾਲੇ ਮਹਾਂਪੁਰਖਾਂ ਨੂੰ ਯਾਦ ਕਰਦੇ ਹੋਏ ਵੱਖ-ਵੱਖ ਗਤੀਵਿਧੀਆਂ ਕੀਤੀਆਂ ਜਾ ਰਹੀਆਂ ਹਨ . ਇਸੇ ਲੜੀ ਤਹਿਤ ਦੀਵਾਨ ਟੋਡਰ ਮੱਲ, ਗਨੀ ਖਾਨ ਅਤੇ ਨਬੀ ਖਾਨ ਨੂੰ ਸਰਧਾਂਜਲੀ ਦਿੰਦੇ ਹੋਏ ਕਰਨਾਲ ਦੇ ਕੁਸਟ ਆਸਰਮ 'ਚ ਰਾਸਨ ਵੰਡਿਆ ਗਿਆ . ਇੰਟਰਨੈਸਨਲ ਸਿੱਖ ਫੋਰਮ ਦੀ ਤਰਫੋਂ ਇਸ ਕੁਸਟ ਆਸਰਮ 'ਚ ਰਹਿ ਰਹੇ ਸਾਰੇ ਪਰਿਵਾਰਾਂ ਨੂੰ ਕਰਿਆਨੇ ਦਾ ਸਾਮਾਨ ਵੰਡਿਆ ਗਿਆ ਅਤੇ ਉਨ੍ਹਾਂ ਨੂੰ ਮਹਾਂਪੁਰਖਾਂ ਦੇ ਜੀਵਨ ਬਾਰੇ ਜਾਣੂ ਕਰਵਾਇਆ ਗਿਆ . ਰਾਸਨ ਦੀ ਵੰਡ 'ਚ ਇੰਟਰਨੈਸਨਲ ਸਿੱਖ ਫੋਰਮ ਦੇ ਮੈਂਬਰਾਂ ਅਤੇ ਸੰਗਤਾਂ ਦੇ ਨਾਲ-ਨਾਲ ਮੁਸਲਿਮ ਅਤੇ ਜੈਨ ਭਾਈਚਾਰੇ ਦੇ ਲੋਕਾਂ ਨੇ ਵੀ ਸ਼ਿਰਕਤ ਕਰਕੇ ਆਪਣੇ ਮਹਾਂਪੁਰਖਾਂ ਨੂੰ ਸਰਧਾਂਜਲੀ ਭੇਟ ਕੀਤੀ . ਫੋਰਮ ਦੇ ਕੋ-ਚੇਅਰਮੈਨ ਪ੍ਰਿਪਾਲ ਸਿੰਘ ਪੰਨੂ ਨੇ ਕਿਹਾ ਕਿ ਗੁਰੂ ਜੀ ਦੇ ਛੋਟੇ ਸਾਹਿਬਜਾਦਿਆਂ ਦਾ ਅੰਤਿਮ ਸਸਕਾਰ ਕਰਨ ਲਈ ਦਿੱਤੀ ਕੁਰਬਾਨੀ ਲਈ ਸਿੱਖ ਪੰਥ ਦੀਵਾਨ ਟੋਡਰ ਮੱਲ ਦਾ ਹਮੇਸਾ ਰਿਣੀ ਰਹੇਗਾ . ਫੋਰਮ ਦੇ ਖੇਡ ਕੋਆਰਡੀਨੇਟਰ ਅਤੇ ਸ੍ਰੋਮਣੀ ਗਤਕਾ ਫੈਡਰੇਸਨ ਆਫ ਇੰਡੀਆ ਦੇ ਮੁਖੀ ਗੁਰਤੇਜ ਸਿੰਘ ਖਾਲਸਾ ਨੇ ਭਾਈ ਗਨੀ ਖਾਂ ਨਬੀ ਖਾਂ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਚਮਕੌਰ ਦਾ ਕਿਲ੍ਹਾ ਛੱਡ ਕੇ ਗੁਰੂ ਜੀ ਮਾਛੀਵਾੜੇ ਦੇ ਜੰਗਲ ਵਿਚ ਚਲੇ ਗਏ ਸਨ . ਮੁਗਲ ਫੌਜ ਉਨ੍ਹਾਂ ਨੂੰ ਲੱਭ ਰਹੀ ਸੀ ਅਤੇ ਪਹਿਰਾ ਬਹੁਤ ਸਖਤ ਸੀ . ਅਜਿਹੇ ਔਖੇ ਸਮੇਂ 'ਚ ਮੁਗਲਾਂ ਦੀ ਸਜਾ ਦੀ ਪ੍ਰਵਾਹ ਨਾ ਕਰਦੇ ਹੋਏ ਭਾਈ ਨਬੀ ਖਾਂ ਤੇ ਗਨੀ ਖਾਂ ਨੇ ਦਸਮੇਸ ਪਿਤਾ ਨੂੰ ਸਿੰਘਾਂ ਸਮੇਤ ਆਪਣੇ ਨਿੱਜੀ ਘਰ 'ਚ ਲਿਆਂਦਾ ਸੀ . ਭਾਈ ਨਬੀ ਖਾਂ ਗਨੀ ਖਾਨ ਗੁਰੂ ਜੀ ਦੇ ਸੱਚੇ ਸੇਵਕ ਸਨ . ਗੁਰੂ ਸਾਹਿਬ ਨੇ ਆਪਣੇ ਘਰ ਦੋ ਦਿਨ ਅਤੇ ਦੋ ਰਾਤਾਂ ਆਰਾਮ ਕੀਤਾ ਅਤੇ ਇਥੋਂ ਗੁਰੂ ਸਾਹਿਬ ਆਲਮਗੀਰ ਵੱਲ ਜਾਣਾ ਚਾਹੁੰਦੇ ਸਨ, ਪਰ ਫੌਜ ਨੇ ਚਾਰੋਂ ਪਾਸੇ ਘੇਰਾ ਪਾ ਲਿਆ ਸੀ . ਫੌਜ ਦੇ ਘੇਰੇ 'ਚੋਂ ਬਾਹਰ ਨਿਕਲਣ ਲਈ ਗੁਰੂ ਸਾਹਿਬ ਨੇ ਨੀਲੇ ਕੱਪੜੇ ਪਹਿਨੇ ਅਤੇ ਬਾਕੀ ਸਿੰਘਾਂ ਸਮੇਤ ਨਬੀ ਖਾਂ, ਗਨੀ ਖਾਨ ਨੂੰ ਨੀਲੇ ਕੱਪੜੇ ਪਹਿਨਣ ਦਾ ਹੁਕਮ ਦਿੱਤਾ . ਸਾਹੀ ਫੌਜ ਦੀ ਘੇਰਾਬੰਦੀ ਤੋਂ ਬਾਹਰ ਨਿਕਲਣ ਦੀ ਯੋਜਨਾ ਉੱਚ ਦਾ ਪੀਰ ਬਣ ਕੇ ਬਣਾਈ ਗਈ ਸੀ ਕਿਉਂਕਿ ਅੱਜ ਵੀ ਬਹਾਵਲਪੁਰ (ਪਾਕਿਸਤਾਨ) ਦੇ ਸਾਰੇ ਸੂਫੀ ਫਕੀਰ ਕੇਸਾਧਾਰੀ ਹਨ ਅਤੇ ਨੀਲੇ ਕੱਪੜੇ ਪਹਿਨਦੇ ਹਨ . ਸਾਰਿਆਂ ਨੇ ਨੀਲੇ ਕੱਪੜੇ ਪਾ ਲਏ ਅਤੇ ਗੁਰੂ ਜੀ ਨੂੰ ਮੰਜੇ 'ਤੇ ਬਿਠਾ ਕੇ ਚਲ ਪਏ . ਰਸਤੇ 'ਚ ਮੁਗਲ ਫੌਜ ਵਲੋਂ ਰੋਕੇ ਜਾਣ 'ਤੇ ਭਾਈ ਨਬੀ ਖਾਨ ਨੇ ਕਿਹਾ ਕਿ ਉਹ ਸਾਡੇ ਉੱਚ ਦੇ ਪੀਰ ਹਨ, ਜੋ ਕਿ ਪਵਿੱਤਰ ਅਸਥਾਨਾਂ ਦੀ ਯਾਤਰਾ ਕਰਦੇ ਹਨ ਅਤੇ ਇਸ ਤਰ੍ਹਾਂ ਮੁਗਲਾਂ ਦੀਆਂ ਅੱਖਾਂ 'ਚ ਧੂੜ ਪਾ ਕੇ ਗੁਰੂ ਜੀ ਨੂੰ ਉਥੋਂ ਕੱਢ ਦਿੱਤਾ ਗਿਆ ਸੀ . ਖਾਲਸਾ ਨੇ ਕਿਹਾ ਕਿ ਭਾਈ ਗਨੀ ਖਾਨ ਅਤੇ ਨਬੀ ਖਾਨ ਨੇ ਉਸ ਸਮੇਂ ਦੇ ਮੁਸਲਮਾਨ ਸਾਸਕਾਂ ਦੇ ਖਿਲਾਫ ਜਾ ਕੇ ਗੁਰੂ ਜੀ ਦਾ ਸਾਥ ਦਿੱਤਾ ਅਤੇ ਸਾਰੀ ਦੁਨੀਆ ਨੂੰ ਇਹ ਸੰਦੇਸ ਦਿੱਤਾ ਕਿ ਗੁਰੂ ਜੀ ਦੀ ਲੜਾਈ ਜੁਲਮ ਨਾਲ ਹੈ ਨਾ ਕਿ ਮੁਸਲਮਾਨਾਂ ਨਾਲ . ਪ੍ਰੋਗਰਾਮ 'ਚ ਵਿਸੇਸ ਤੌਰ 'ਤੇ ਸਾਮਿਲ ਹੋਏ ਵਿਕਾਸ ਨਗਰ ਮਸਜਿਦ ਦੇ ਇਮਾਮ ਮੁਹੰਮਦ ਜੀਸਾਨ ਨੇ ਕਿਹਾ ਕਿ ਹਰ ਧਰਮ ਮਨੁੱਖਤਾ ਅਤੇ ਆਪਸੀ ਪਿਆਰ ਦੀ ਸਿੱਖਿਆ ਦਿੰਦਾ ਹੈ . ਪਵਿੱਤਰ ਕੁਰਾਨ ਬਜੁਰਗਾਂ ਅਤੇ ਬੱਚਿਆਂ 'ਤੇ ਜੁਲਮ ਦੀ ਇਜਾਜਤ ਨਹੀਂ ਦਿੰਦਾ . ਸਵੇਤਾਂਬਰ ਜੈਨ ਸਮਾਜ ਦੇ ਜਨਰਲ ਸਕੱਤਰ ਨਵੀਨ ਜੈਨ, ਉਪ ਪ੍ਰਧਾਨ ਸਤੀਸ ਜੈਨ ਅਤੇ ਸੈਲੇਂਦਰ ਜੈਨ ਨੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਮਹਾਨ ਕੁਰਬਾਨੀ ਨੂੰ ਸਰਧਾਂਜਲੀ ਭੇਟ ਕਰਦਿਆਂ ਸਿੱਖ ਕੌਮ ਵਲੋਂ ਸਹੀਦੀ ਹਫਤੇ ਦੌਰਾਨ ਲੋੜਵੰਦਾਂ ਨੂੰ ਦਿੱਤੀਆਂ ਜਾ ਰਹੀਆਂ ਸੇਵਾਵਾਂ ਅਤੇ ਸਹਿਯੋਗ ਲਈ ਧੰਨਵਾਦ ਕੀਤਾ .

## ਭਾਰਤ ਜੋੜੋ ਯਾਤਰਾ 'ਚ ਯੂਥ ਵਰਕਰ ਵੱਡੀ ਗਿਣਤੀ 'ਚ ਸ਼ਮੂਲੀਅਤ ਕਰਨਗੇ : ਜੀਰਖ

ਮਲੌਦ , (ਪੱਤਰ ਪ੍ਰੇਰਕ)-ਕਾਂਗਰਸ ਪਾਰਟੀ ਵੱਲੋਂ ਰਾਹੁਲ ਗਾਂਧੀ ਦੀ ਅਗਵਾਈ 'ਚ ਸ਼ੁਰੂ ਕੀਤੀ ਗਈ ਭਾਰਤ ਜੋੜੋ ਯਾਤਰਾ ਦੇ ਪੰਜਾਬ ਵਿਖੇ ਪੁੱਜਣ ਨੂੰ ਲੈ ਕੇ ਯੂਥ ਵਰਕਰਾਂ 'ਚ ਭਾਰੀ ਉਤਸ਼ਾਹ ਹੈ ਤੇ ਯੂਥ ਵਰਕਰ ਵੱਡੀ ਗਿਣਤੀ 'ਚ ਇਸ ਯਾਤਰਾ 'ਚ ਸ਼ਮੂਲੀਅਤ ਕਰਨਗੇ ।ਇਹ ਪ੍ਰਗਟਾਵਾ ਯੂਥ ਕਾਂਗਰਸ ਬਲਾਕ ਮਲੌਦ ਦੇ ਪ੍ਰਧਾਨ ਗੁਰਨਾਜ ਜੀਰਖ ਨੇ ਕਿਹਾ ਜ਼ਿਲ੍ਹਾ ਪ੍ਰਧਾਨ ਤੇ ਸਾਬਕਾ ਵਿਧਾਇਕ ਲਖਵੀਰ ਸਿੰਘ ਲੱਖਾ ਦੇ ਦਿਸ਼ਾ ਨਿਰਦੇਸ਼ ਅਨੁਸਾਰ ਯੂਥ ਆਗੂ ਪ੍ਰੋ. ਗੁਰਮੁਖ ਸਿੰਘ ਗੋਮੀ ਤੇ ਸਰਪੰਚ ਪਿੰਦਰੀ ਸਹਾਰਨ ਮਾਜਰਾ ਦੀ ਅਗਵਾਈ ਹੇਠ ਪਿੰਡ ਪੱਧਰ 'ਤੇ ਨੌਜਵਾਨਾਂ ਨਾਲ ਮੀਟਿੰਗ ਕਰਕੇ ਭਾਰਤ ਜੋੜੋ ਯਾਤਰਾ ਤੋਂ ਜਾਣੂ ਕਰਵਾਇਆ ਜਾ ਰਿਹਾ ਹੈ ਤਾਂ ਜੋ ਇਸ ਯਾਤਰਾ 'ਚ ਵੱਡੀ ਗਿਣਤੀ 'ਚ ਬਲਾਕ ਮਲੌਦ ਤੋਂ ਨੌਜਵਾਨਾਂ ਦੀ ਸ਼ਮੂਲੀਅਤ ਕਰਵਾਈ ਜਾ ਸਕੇ ।ਉਨ੍ਹਾਂ ਕਿਹਾ ਮੌਜੂਦਾ 'ਆਪ' ਸਰਕਾਰ ਦੀਆਂ ਨਾਕਾਮੀਆਂ ਤੋਂ ਹਰ ਵਰਗ ਪਰੇਸ਼ਾਨ ਹੈ ਤੇ ਕਾਂਗਰਸ ਪਾਰਟੀ ਦੀ ਸਰਕਾਰ ਨੂੰ ਚੇਤੇ ਕਰ ਰਿਹਾ ਹੈ। ਇਸ ਮੌਕੇ ਹਸਨ ਜੀਰਖ, ਗੁਰਪ੍ਰੀਤ ਸਿੰਘ, ਹਰਜਾਪ ਸਿੰਘ, ਗੁਰਪ੍ਰੀਤ ਸਿੰਘ ਆਦਿ ਹਾਜ਼ਰ ਸਨ।

## ਵਿਧਾਇਕ ਐਡ. ਰਾਏ ਤੇ ਹੈਪੀ ਵਲੋਂ ਸਹੀਦੀ ਸਭਾ ਦੌਰਾਨ ਮਿਲੇ ਸਹਿਯੋਗ ਲਈ ਸੰਗਤ ਦਾ ਧੰਨਵਾਦ

ਫਤਹਿਗੜ੍ਹ ਸਾਹਿਬ, (ਪੱਤਰ ਪ੍ਰੇਰਕ)- ਸਰਬੰਸਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜਾਦਿਆਂ ਬਾਬਾ ਜੋਰਾਵਰ ਸਿੰਘ, ਬਾਬਾ ਫਤਹਿ ਸਿੰਘ ਤੇ ਮਾਤਾ ਗੁਜਰੀ ਜੀ ਦੀ ਲਾਸਾਨੀ ਸਹਾਦਤ ਦੀ ਯਾਦ 'ਚ 26 ਤੋਂ ਤੱਕ ਭਰਨ ਵਾਲੀ ਸਹੀਦੀ ਸਭਾ ਦੇ ਅੰਤਿਮ ਦਿਨ ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ ਤੋਂ ਗੁਰਦੁਆਰਾ ਸ੍ਰੀ ਜੋਤੀ ਸਰੂਪ ਤੱਕ ਸਜਾਏ ਵਿਸਾਲ ਨਗਰ ਕੀਰਤਨ 'ਚ ਹਲਕਾ ਵਿਧਾਇਕ ਫਤਹਿਗੜ੍ਹ ਸਾਹਿਬ ਲਖਵੀਰ ਸਿੰਘ ਰਾਏ ਤੇ ਬਸੀ ਪਠਾਣਾਂ ਦੇ ਵਿਧਾਇਕ ਰੁਪਿੰਦਰ ਸਿੰਘ ਹੈਪੀ ਵਲੋਂ ਸਾਥੀਆਂ ਸਮੇਤ ਸਮੂਲੀਅਤ ਕੀਤੀ ਗਈ . ਇਸ ਮੌਕੇ ਵਿਧਾਇਕ ਐਡ. ਰਾਏ ਨੇ ਕਿਹਾ ਕਿ ਛੋਟੇ ਸਾਹਿਬਜਾਦਿਆਂ ਵਲੋਂ ਨਿੱਕੀ ਉਮਰ 'ਚ ਦਿੱਤੀ ਗਈ ਵੱਡੀ ਕੁਰਬਾਨੀ ਦੀ ਮਿਸਾਲ ਦੁਨੀਆ ਭਰ 'ਚ ਕਿਧਰੇ ਨਹੀਂ ਮਿਲਦੀ

## ਲਾਇਨਜ਼ ਕਲੱਬ ਨੇ ਲਗਾਇਆ ਲੰਗਰ




ਖੰਨਾ , (ਪੱਤਰ ਪ੍ਰੇਰਕ)- ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ ਤੇ ਮਾਤਾ ਗੁਜਰੀ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਲਾਇਨਜ਼ ਕਲੱਬ ਖੰਨਾ ਗ੍ਰੇਰ ਵਲੋਂ ਫੋਕਲ ਪੁਆਇੰਟ ਖੰਨਾ ਵਿਖੇ ਚਾਹ ਬਿਸਕੁਟ ਦਾ ਲੰਗਰ ਲਗਾਇਆ ਗਿਆ ।ਇਸ ਮੌਕੇ ਕਲੱਬ ਪ੍ਰਧਾਨ ਧਰਮਿੰਦਰ ਸਿੰਘ ਰੂਪਰਾਏ, ਸਤਵੰਤ ਸਿੰਘ, ਹਰਸ਼ ਕੁਮਾਰ, ਧਰਮਿੰਦਰ ਕੁਮਾਰ, ਬੰਟੀ, ਬਿਮਲੇਸ਼, ਰਿਸ਼ੀਕੇਸ਼, ਪ੍ਰਗਟ, ਮਨਜੀਤ ਸਿੰਘ, ਦਲਬਾਰਾ ਸਿੰਘ ਵੱਲੋਂ ਸ਼ਰਧਾ ਸਹਿਤ ਸੇਵਾ ਕੀਤੀ ਤੇ ਫੈਕਟਰੀ ਮਜ਼ਦੂਰ, ਟਰੱਕ ਡਰਾਈਵਰ, ਫ਼ਤਹਿਗੜ੍ਹ ਸਾਹਿਬ ਵੱਲ ਜਾਣ ਵਾਲੇ ਸ਼ਰਧਾਲੂਆਂ ਨੂੰ ਸ਼ਰਧਾ ਭਾਵ ਨਾਲ ਲੰਗਰ ਛਕਾਇਆ।

## ਬਸੰਤ ਦੇ ਆਰੇ 'ਤੇ ਸਾਲਾਨਾ ਧਾਰਮਿਕ ਸਮਾਗਮ ਕਰਵਾਇਆ

ਸਾਹਬਾਦ ਮਾਰਕੰਡਾ, (ਪੱਤਰ ਪ੍ਰੇਰਕ)- ਸਰਬੰਸਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੇ ਚਾਰ ਸਾਹਿਬਜਾਦਿਆਂ, ਮਾਤਾ ਗੁਜਰੀ ਜੀ, ਦੀਵਾਨ ਟੋਡਰ ਮੱਲ ਅਤੇ ਭਾਈ ਮੋਤੀ ਰਾਮ ਮਹਿਰਾ ਦੀ ਲਾਸਾਨੀ ਸਹਾਦਤ ਨੂੰ ਸਮਰਪਿਤ ਧਾਰਮਿਕ ਸਮਾਗਮ ਕਰਵਾਇਆ ਗਿਆ . ਜੀ. ਟੀ. ਰੋਡ 'ਤੇ ਸਥਿਤ ਬਸੰਤ ਦੇ ਆਰੇ 'ਤੇ ਹਰ ਸਾਲ ਕਰਵਾਏ ਜਾਂਦੇ ਇਸ ਸਮਾਗਮ ਨੂੰ ਮੁੱਖ ਰੱਖਦਿਆਂ ਸਵੇਰ ਸਮੇਂ ਅਖੰਡ ਪਾਠ ਦੇ ਭੋਗ ਪਾਏ ਗਏ, ਉਪਰੰਤ ਦੀਵਾਨ ਸਜਾਏ ਗਏ, ਜਿਨ੍ਹਾਂ ਦੌਰਾਨ ਸੰਤ ਬਾਬਾ ਸੁੱਚਾ ਸਿੰਘ ਦੀ ਰਹਿਨੁਮਾਈ ਹੇਠ ਭਾਈ ਹਰਨਾਮ ਸਿੰਘ ਨਾਨਕ ਸਰ ਝਰੋਲੀ ਖੁਰਦ ਵਾਲਿਆਂ, ਭਾਈ ਕੁਲਦੀਪ ਸਿੰਘ ਕਥਾਵਾਚਕ, ਭਾਈ ਗੁਰਮੇਲ ਸਿੰਘ ਰਾਗੀ ਨਾਨਕਸਰ ਵਾਲਿਆਂ ਅਤੇ ਭਾਈ ਸੁਖਦੇਵ ਸਿੰਘ ਨਾਨਕਸਰ ਵਾਲਿਆਂ ਨੇ ਸਬਦ ਕੀਰਤਨ ਅਤੇ ਗੁਰਮਤਿ ਵਿਚਾਰਾਂ ਰਾਹੀਂ ਸਰਬੰਸਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੇ ਪਰਿਵਾਰ ਵਲੋਂ ਦਿੱਤੀ ਗਈ ਲਾਸਾਨੀ ਕੁਰਬਾਨੀ 'ਤੇ ਚਾਨਣਾ ਪਾਇਆ ਗਿਆ

## ਵੇਰਕਾ ਨੂੰ ਬਦਨਾਮ ਕਰਨ ਵਾਲੇ ਖ਼ਿਲਾਫ਼ ਹੋਵੇਗੀ ਕਾਨੂੰਨੀ ਕਾਰਵਾਈ : ਨਰਿੰਦਰ ਸ਼ੇਰਗਿੱਲ

ਪਟਿਆਲਾ , (ਪੱਤਰ ਪ੍ਰੇਰਕ)- ਪੰਜਾਬ ਸਰਕਾਰ ਦੇ ਸਹਿਕਾਰੀ ਅਦਾਰੇ ਵੇਰਕਾ ਨੂੰ ਸੋਸ਼ਲ ਮੀਡੀਆ 'ਤੇ ਬਦਨਾਮ ਕਰਨ ਵਾਲੇ ਤਲਾਣੀਆ ਵਾਸੀ ਬਿੱਲੂ ਨਾਮ ਦੇ ਵਿਅਕਤੀ ਵਿਰੁੱਧ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਇਹ ਪ੍ਰਗਟਾਵਾ ਮਿਲਕਫੈੱਡ ਪੰਜਾਬ ਦੇ ਚੇਅਰਮੈਨ ਨਰਿੰਦਰ ਸ਼ੇਰਗਿੱਲ ਨੇ ਕਰਦਿਆਂ ਕਿਹਾ ਕਿ ਫ਼ਤਹਿਗੜ੍ਹ ਸਾਹਿਬ ਸ਼ਹੀਦੀ ਸਭਾ 'ਚ ਸੰਗਤ ਲਈ ਦੁੱਧ ਲਿਆਉਣ ਦੇ ਨਾਮ 'ਤੇ ਬਿੱਲੂ ਅਤੇ ਉਸ ਦੇ ਸਾਥੀਆਂ ਹੰਸ ਰਾਜ, ਰਾਜ ਕੁਮਾਰ ਉਰਫ ਆਸਮ ਅਤੇ ਓਂਕਾਰ ਵੱਲੋਂ ਵੀਡੀਓ ਬਣਾ ਕੇ ਵਾਇਰਲ ਕੀਤੀ ਗਈ ਸੀ। ਮਿਲਕਫੈਡ ਦੇ ਚੇਅਰਮੈਨ ਨਰਿੰਦਰ ਸ਼ੇਰਗਿੱਲ ਨੇ ਕਿਹਾ ਇਸ ਵਾਇਰਲ ਵੀਡੀਓ ਨੂੰ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਗੰਭੀਰਤਾ ਨਾਲ ਲਿਆ ਗਿਆ ਤੇ ਪੂਰੇ ਮਾਮਲੇ ਦੀ ਵੇਰਕਾ ਵੱਲੋਂ ਜਾਂਚ ਕਰਵਾਈ ਗਈ ਤਾਂ ਇਹ ਸਾਹਮਣੇ ਆਇਆ ਕਿ ਵਾਇਰਲ ਵੀਡੀਓ ਵਿਚ ਦਰਸਾਏ ਗਏ ਦੁੱਧ ਦਾ ਵੇਰਕਾ ਮਿਲਕ ਪਲਾਂਟ ਨਾਲ ਕੋਈ ਸਬੰਧ ਨਹੀਂ ਹੈ। ਉਨ੍ਹਾਂ ਅੱਗੇ ਦੱਸਿਆ ਕਿ ਵੇਰਕਾ ਨੂੰ ਬਦਨਾਮ ਕਰਨ ਵਾਲੇ ਖ਼ਿਲਾਫ਼ ਤਾਂ ਕਾਰਵਾਈ ਕੀਤੀ ਜਾਵੇਗੀ ਹੀ ਸਗੋਂ ਇਹ ਵੀ ਪਤਾ ਲਾਇਆ ਜਾਵੇਗਾ ਕਿ ਇਸ ਪਿੱਛੇ ਕੋਈ ਹੋਰ ਵਿਅਕਤੀ ਜਾਂ ਵੇਰਕਾ ਦੇ ਮੁਕਾਬਲੇ ਵਾਲੀ ਕੋਈ ਦੂਜੀ ਧਿਰ ਤਾਂ ਸ਼ਾਮਲ ਨਹੀਂ ਹੈ। ਨਰਿੰਦਰ ਸ਼ੇਰਗਿੱਲ ਨੇ ਕਿਹਾ ਵੀਡੀਓ ਵਾਇਰਲ ਕਰਨ ਵਾਲੇ ਨੇ ਵੇਰਕਾ ਵਿਰੁੱਧ ਗਲਤ ਬਿਆਨ ਦੇ ਕੇ ਜਾਅਲੀ ਦੁੱਧ ਤਿਆਰ ਕਰਨ ਦੇ ਦੋਸ਼ ਲਾਏ ਜਾ ਰਹੇ ਹਨ ਅਤੇ ਨਾਲ ਹੀ ਵੇਰਕਾ ਮਿਲਕ ਪਲਾਂਟ, ਪਟਿਆਲਾ ਤੇ ਮੋਹਾਲੀ ਨੂੰ ਜਾਣਬੁੱਝ ਕੇ ਬਦਨਾਮ ਕੀਤਾ ਗਿਆ, ਕਿਉਂਕਿ ਬਿੱਲੂ ਇਸ ਤੋਂ ਪਹਿਲਾਂ ਮਿਲਕ ਪਲਾਂਟ, ਮੋਹਾਲੀ ਨਾਲ ਜੁੜੀ ਸਭਾ ਦਾ ਸਕੱਤਰ ਸੀ, ਜਿਸ ਨੂੰ ਕਿਸੇ ਵਿੱਤੀ ਮਸਲੇ ਕਰ ਕੇ ਵੇਰਕਾ ਮੋਹਾਲੀ ਡੇਅਰੀ ਵੱਲੋਂ ਸਾਲ 2018 ਵਿਚ ਇਸ ਕੋਲੋਂ ਦੁੱਧ ਲੈਣਾ ਬੰਦ ਕਰ ਦਿੱਤਾ ਗਿਆ ਸੀ। ਇਸ ਲਈ ਇਸ ਵੱਲੋਂ ਇਹ ਵੀਡੀਓ ਵੇਰਕਾ ਮਿਲਕ ਪਲਾਂਟ, ਦਾ ਅਕਸ ਖਰਾਬ ਕਰਨ ਲਈ ਵਾਇਰਲ ਕੀਤੀ। ਇਸ ਸਬੰਧੀ ਵੇਰਕਾ ਮਿਲਕ ਪਲਾਂਟ ਵੱਲੋਂ ਪੁਲਿਸ ਕੋਲ ਵੀ ਸ਼ਿਕਾਇਤ ਕੀਤੀ ਗਈ ਹੈ।

## ਪੁਜਾਰੀ ਵੱਲੋਂ ਮੰਦਰ ਕਮੇਟੀ ਦੇ ਪ੍ਰਧਾਨ 'ਤੇ ਕੁੱਟਮਾਰ ਦੇ ਦੋਸ਼



ਪਾਤੜਾਂ , (ਪੱਤਰ ਪ੍ਰੇਰਕ)-ਸ਼ਹਿਰ ਦੇ ਪਟਿਆਲਾ ਰੋਡ 'ਤੇ ਸਥਿਤ ਪ੍ਰਾਚੀਨ ਸ਼ਿਵ ਮੰਦਰ ਦੀ ਪ੍ਰਬੰਧਕ ਕਮੇਟੀ ਦਾ ਵਿਵਾਦ ਉਲਝ ਗਿਆ ਹੈ। ਕਮੇਟੀ ਦੇ ਇਕ ਧੜੇ ਵੱਲੋਂ ਦੂਜੇ ਧੜੇ 'ਤੇ ਦੋਸ਼ ਲਾਉਂਦਿਆਂ ਜਾਂਚ ਦੀ ਮੰਗ ਕੀਤੀ ਜਾ ਰਹੀ ਹੈ। ਇਸ ਦੌਰਾਨ ਪਿਛਲੇ ਕਰੀਬ ਚਾਰ ਦਹਾਕਿਆਂ ਤੋਂ ਮੰਦਰ ਵਿਚ ਪੁਜਾਰੀ ਵਜੋਂ ਸੇਵਾ ਕਰਦੇ ਆ ਰਹੇ ਮਹੰਤ ਨੇ ਮੰਦਰ ਕਮੇਟੀ ਦੇ ਪ੍ਰਧਾਨ 'ਤੇ ਕੁੱਟਮਾਰ ਅਤੇ ਜਾਨੋਂ ਮਾਰਨ ਦੀਆਂ ਧਮਕੀਆਂ ਦੇਣ ਦੇ ਦੋਸ਼ ਲਗਾਉਂਦਿਆਂ ਇਨਸਾਫ ਦੀ ਮੰਗ ਕੀਤੀ ਹੈ। ਦੂਜੇ ਪਾਸੇ ਕਮੇਟੀ ਦੇ ਪ੍ਰਧਾਨ ਦੇ ਦੋਸ਼ਾਂ ਦਾ ਖੰਡਨ ਕਰਦੇ ਹੋਏ ਮੰਦਰ ਦੇ ਪੁਜਾਰੀ ਦੇ ਵਿਰੋਧੀਆਂ ਦੇ ਹੱਥਾਂ 'ਚ ਖੇਡਣ ਦੇ ਦੋਸ਼ ਲਾਉਂਦਿਆਂ ਅਦਾਲਤ ਵੱਲੋਂ ਫੈਸਲਾ ਉਨ੍ਹਾਂ ਦੇ ਹੱਕ 'ਚ ਕੀਤੇ ਜਾਣ ਦਾ ਦਾਅਵਾ ਕੀਤਾ ਹੈ। ਮੰਦਰ ਦੇ ਪੁਜਾਰੀ ਵਜੋਂ ਸੇਵਾਵਾਂ ਨਿਭਾਉਂਦੇ ਆ ਰਹੇ ਮਹੰਤ ਓਮ ਪ੍ਰਕਾਸ਼ ਨੇ ਸ਼ਹਿਰ ਦੇ ਕਈ ਪ੍ਰਮੁੱਖ ਵਿਅਕਤੀਆਂ ਦੀ ਹਾਜ਼ਰੀ 'ਚ ਕੀਤੀ ਗਈ ਪ੍ਰੈੱਸ ਕਾਨਫਰੰਸ ਦੌਰਾਨ ਦੱਸਿਆ ਕਿ ਉਹ 1986 ਤੋਂ ਮੰਦਰ 'ਚ ਸੇਵਾ ਕਰਦਾ ਆ ਰਿਹਾ ਹੈ ਅਤੇ 1991 ਬਾਬਾ ਮੋਨੀ ਜੀ ਮਹਾਰਾਜ ਨੇ ਉਨ੍ਹਾਂ ਨੂੰ ਬਕਾਇਦਾ ਮੰਦਰ ਦਾ ਮਹੰਤ ਥਾਪਿਆ ਸੀ। ਉਨ੍ਹਾਂ ਦੋਸ਼ ਲਾਇਆ ਕਿ ਕਮੇਟੀ ਦਾ ਪ੍ਰਧਾਨ ਭਗਵਤ ਦਿਆਲ ਨਿੱਕਾ ਪਿਛਲੇ ਕਾਫ਼ੀ ਸਮੇਂ ਤੋਂ ਉਨ੍ਹਾਂ ਨੂੰ ਤੰਗ ਪਰੇਸ਼ਾਨ ਕਰਦਾ ਰਿਹਾ ਹੈ। ਕੁਝ ਦਿਨ ਪਹਿਲਾਂ ਉਸ ਨੇ ਉਸ ਦੀ ਕੁੱਟਮਾਰ ਕਰਦਿਆਂ ਜਾਨੋਂ ਮਾਰਨ ਦੀਆਂ ਧਮਕੀਆਂ ਦਿੱਤੀਆਂ ਸਨ, ਜਿਸ ਸਬੰਧੀ ਉਨ੍ਹਾਂ ਪੁਲਿਸ ਉੱਚ ਅਧਿਕਾਰੀਆਂ ਨੂੰ ਦਰਖ਼ਾਸਤ ਦੇ ਕੇ ਇਨਸਾਫ਼ ਦੀ ਮੰਗ ਕੀਤੀ ਹੈ। ਇਸ ਦੌਰਾਨ ਉਨ੍ਹਾਂ ਪ੍ਰਧਾਨ ਸਮੇਤ ਤਿੰਨ ਹੋਰ ਆਗੂਆਂ ਨੂੰ ਕਮੇਟੀ ਤੋਂ ਬਰਖ਼ਾਸਤ ਕਰ ਕੇ ਨਵੇਂ 11 ਮੈਂਬਰੀ ਕਮੇਟੀ 'ਚ ਲੈਣ ਦਾ ਐਲਾਨ ਕੀਤਾ। ਆਪਣੇ ਕਈ ਸਮਰਥਕਾਂ ਨਾਲ਼ ਮੰਦਰ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਹੋਣ ਦਾ ਦਾਅਵਾ ਕਰਦਿਆਂ ਪਰਸ਼ੋਤਮ ਸਿੰਗਲਾ ਨੇ ਕਿਹਾ ਕਿ ਮੌਜੂਦਾ ਪ੍ਰਧਾਨ ਭਗਵਤ ਦਿਆਲ ਨਿੱਕਾ ਪਿਛਲੇ ਕਈ ਸਾਲਾਂ ਤੋਂ ਮੰਦਰ ਕਮੇਟੀ 'ਤੇ ਆਪਣਾ ਕਬਜ਼ਾ ਜਮਾਈ ਬੈਠਾ ਹੈ। ਉਹ ਸ਼ਰਾਬ ਦਾ ਕਾਰੋਬਾਰ ਕਰਦਾ ਹੈ ਜਦੋਂਕਿ ਅਜਿਹਾ ਕੰਮ ਕਰਨ ਵਾਲਾ ਕੋਈ ਵੀ ਵਿਅਕਤੀ ਸਨਾਤਨ ਧਰਮ ਦੇ ਮੰਦਰ ਕਮੇਟੀ ਦੇ ਅਹੁਦੇਦਾਰ ਨਹੀਂ ਹੋ ਸਕਦਾ। ਉਨ੍ਹਾਂ ਦੋਸ਼ ਲਾਇਆ ਕਿ ਪ੍ਰਧਾਨ ਨੇ ਮੰਦਰ ਕਮੇਟੀ ਵਲੋਂ ਕਾਫੀ ਸਮਾਂ ਪਹਿਲਾਂ ਬਣਾਈ ਗਈ ਏ.ਸੀ ਮਾਰਕੀਟ ਦੇ ਹਿਸਾਬ 'ਚ ਵੱਡਾ ਘਪਲਾ ਕੀਤਾ ਗਿਆ ਹੈ। ਇਸ ਸਬੰਧੀ ਵਾਰ ਵਾਰ ਮੰਗ ਕਰਨ ਦੇ ਬਾਵਜੂਦ ਮੈਂਬਰਾਂ ਨੂੰ ਕੋਈ ਹਿਸਾਬ ਕਿਤਾਬ ਨਹੀਂ ਦਿੱਤਾ ਜਾ ਰਿਹਾ। ਪ੍ਰਧਾਨ ਭਗਵਤ ਦਿਆਲ ਨਿੱਕਾ ਵੱਲੋਂ ਦੋਸ਼ਾਂ ਦਾ ਖੰਡਨ : ਇਸ ਦੌਰਾਨ ਮੰਦਰ ਕਮੇਟੀ ਦੇ ਪ੍ਰਧਾਨ ਭਗਵਤ ਦਿਆਲ ਨਿੱਕਾ ਨੇ ਮਹੰਤ ਓਮ ਪ੍ਰਕਾਸ਼ ਵੱਲੋਂ ਕੁੱਟਮਾਰ ਦੇ ਲਗਾਏ ਗਏ ਦੋਸ਼ਾਂ ਦਾ ਖੰਡਨ ਕਰਦਿਆਂ ਕਿਹਾ ਕਿ ਪਰਸ਼ੋਤਮ ਸਿੰਗਲਾ ਨੂੰ ਮੰਦਰ ਕਮੇਟੀ ਵਿੱਚੋਂ ਕੱਢਿਆ ਹੋਇਆ ਹੈ। ਉਨ੍ਹਾਂ ਕਿਹਾ ਕਿ ਮੰਦਰ ਦਾ ਮਹੰਤ ਓਮ ਪ੍ਰਕਾਸ਼ ਵਿਰੋਧਆਂ ਦੇ ਹੱਥਾਂ ਵਿਚ ਖੇਡ ਰਿਹਾ ਹੈ। ਮਹੰਤ ਨੇ ਮੰਦਰ ਦੀ ਮਾਲਕੀ ਸਬੰਧੀ ਅਦਾਲਤ ਵਿਚ ਕੇਸ ਦਾਇਰ ਕੀਤਾ ਸੀ, ਜਿਸ ਦਾ ਫੈਸਲਾ ਉਸ ਦੇ ਖਿਲਾਫ਼ ਹੋ ਚੁੱਕਾ ਹੈ। ਗਬਨ ਦੇ ਲਗਾਏ ਗਏ ਦੋਸ਼ਾਂ ਸਬੰਧੀ ਉਨ੍ਹਾ ਕਿ ਧਰਮ ਦਾ ਪੈਸਾ ਖਾਣਾ ਮਹਾਪਾਪ ਹੈ ਅਤੇ ਏ.ਸੀ ਮਾਰਕੀਟ ਵਾਲਾ ਸਾਰਾ ਹਿਸਾਬ ਕਿਤਾਬ ਹੋ ਚੁੱਕਾ ਹੈ।

## ਵਿਦਿਆਰਥੀ ਚੰਗਾ ਸਾਹਿਤ ਪੜ੍ਹਨ ਵੱਲ ਧਿਆਨ ਦੇਣ : ਡਾ. ਆਸ਼ਟ




ਪਟਿਆਲਾ , (ਪੱਤਰ ਪ੍ਰੇਰਕ)- ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਜਖੇਪਲ ਦੇ ਪ੍ਰਿੰਸੀਪਲ ਬਲਜੀਤ ਸਿੰਘ ਦੀ ਅਗਵਾਈ ਹੇਠ ਪ੍ਰੋਗਰਾਮ ਕਰਵਾਇਆ ਗਿਆ। ਪਿੰਡ ਵਾਸੀਆਂ ਨੂੰ ਜਾਗਰੂਕ ਕਰਨ ਲਈ ਪਿੰਡ 'ਚ 'ਬੇਟੀ ਬਚਾਓ,ਬੇਟੀ ਪੜ੍ਹਾਓ' ਨਾਅਰੇ ਹੇਠ ਰੈਲੀ ਕੱਢੀ ਗਈ। ਇਸ ਸਮਾਗਮ ਦੌਰਾਨ ਮੁੱਖ ਮਹਿਮਾਨ ਵਜੋਂ ਪੰਜਾਬੀ ਯੂਨੀਵਰਸਿਟੀ ਵਿਖੇ ਕਾਰਜਸ਼ੀਲ ਸ਼੍ਰੋਮਣੀ ਪੰਜਾਬੀ ਬਾਲ ਸਾਹਿਤ ਲੇਖਕ ਅਤੇ ਸਾਹਿਤ ਅਕਾਦਮੀ ਬਾਲ ਸਾਹਿਤ ਪੁਰਸਕਾਰ ਵਿਜੇਤਾ ਡਾ. ਦਰਸ਼ਨ ਸਿੰਘ 'ਆਸ਼ਟ' ਨੇ ਸ਼ਿਰਕਤ ਕੀਤੀ। ਉਨ੍ਹਾਂ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਚੰਗੇ ਨਾਗਰਿਕ ਬਣਨ ਦਾ ਸੁਨੇਹਾ ਦਿੱਤਾ। ਡਾ. 'ਆਸ਼ਟ' ਨੇ ਵਿਦਿਆਰਥੀਆਂ ਨੂੰ ਚੰਗਾ ਸਾਹਿਤ ਪੜ੍ਹਨ ਵੱਲ ਧਿਆਨ ਦੇਣ ਲਈ ਵੀ ਪ੍ਰੇਰਿਆ। ਇਸ ਮੌਕੇ ਸਕੂਲ ਪ੍ਰਿੰਸੀਪਲ ਤੇ ਸਟਾਫ ਵਲੋਂ ਉਨ੍ਹਾਂ ਨੂੰ ਸਨਮਾਨਿਤ ਕੀਤਾ ਗਿਆ। ਸਟੇਜ ਸਕੱਤਰ ਦੀ ਭੂਮਿਕਾ ਕ੍ਰਿਸ਼ਨ ਗੋਪਾਲ ਨੇ ਨਿਭਾਈ। ਇਸ ਦੌਰਾਨ ਰੁਪਿੰਦਰ ਸਿੰਘ ਡਰਾਇੰਗ ਅਧਿਆਪਕ ਨੇ ਵਿਦਿਆਰਥੀਆਂ ਨੂੰ ਡਰਾਇੰਗ ਦੀਆਂ ਕਲਾ ਕ੍ਰਿਤਾਂ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਜਗਵਿੰਦਰ ਸਿੰਘ, ਅਰਵਿੰਦਰ ਸਿੰਘ, ਹਰਿੰਦਰ ਸਿੰਘ ਤੇ ਹਰਪ੍ਰੀਤ ਸਿੰਘ ਸਮੇਤ ਹੋਰਨਾਂ ਅਧਿਆਪਕ ਅਤੇ ਵੱਡੀ ਗਿਣਤੀ 'ਚ ਵਿਦਿਆਰਥੀ ਹਾਜ਼ਰ ਸਨ।

## ਕਾਰਵਾਈ ਕਰਨ ਆਈ ਨਿਗਮ ਟੀਮ, ਫੋਨ ਵੱਜਣ 'ਤੇ ਖਾਲੀ ਪਰਤੀ

ਪਟਿਆਲਾ , (ਪੱਤਰ ਪ੍ਰੇਰਕ)-ਸ੍ਰੀ ਕਾਲੀ ਮਾਤਾ ਮੰਦਰ ਦੇ ਪਿਛਲੇ ਗੇਟ ਦੇ ਬਾਹਰ ਵੱਡਾ ਸ਼ੈੱਡ ਪਾਉਣ 'ਤੇ ਵਿਵਾਦ ਹੋ ਗਿਆ ਹੈ। ਇਸ ਨਾਜਾਇਜ਼ ਸ਼ੈੱਡ ਨੂੰ ਹਟਾਉਣ ਲਈ ਨਿਗਮ ਟੀਮ ਪੁੱਜੀ ਤਾਂ ਲੰਗਰ ਕਮੇਟੀ ਵਾਲਿਆਂ ਕਾਰਵਾਈ ਦਾ ਵਿਰੋਧ ਕੀਤਾ ਗਿਆ ਹੈ। ਮੰਦਰ ਦੀ ਲੰਗਰ ਕਮੇਟੀ ਅਨੁਸਾਰ ਇਹ ਸ਼ੈੱਡ ਸੁਰੱਖਿਆ ਮੁਲਾਜ਼ਮਾਂ ਲਈ ਬਣਵਾਇਆ ਗਿਆ ਹੈ। ਇਸੇ ਦੌਰਾਨ ਨਿਗਮ ਟੀਮ ਦੇ ਇੰਸਪੈਕਟਰ ਨੂੰ ਫੋਨ ਆਉਣ 'ਤੇ ਕਾਰਵਾਈ ਨੂੰ ਰੋਕ ਦਿੱਤਾ ਗਿਆ ਤੇ ਆਸਪਾਸ ਬਣੀਆਂ ਦੁਕਾਨਾਂ ਦਾ ਸਾਮਾਨ ਚੁੱਕ ਲਿਆ ਗਿਆ। ਮੁਲਾਜ਼ਮਾਂ ਲਈ ਇਥੇ ਪਹਿਲਾਂ ਹੀ ਇਕ ਸ਼ੈੱਡ ਮੌਜੂਦ ਹੋਣ 'ਤੇ ਇਕ ਹੋਰ ਵੱਡਾ ਸ਼ੈੱਡ ਪਾਉਣ 'ਤੇ ਕੁਝ ਲੋਕਾਂ ਵਲੋਂ ਇਤਰਾਜ਼ ਪ੍ਰਗਟਾਇਆ ਜਾ ਰਿਹਾ ਹੈ। ਜਾਣਕਾਰੀ ਅਨੁਸਾਰ ਸ਼੍ਰੀ ਕਾਲੀ ਮਾਤਾ ਮੰਦਰ ਦੀ ਪਿਛਲੇ ਗੇਟ ਕੋਲ ਪੁਲਿਸ ਮੁਲਾਜ਼ਮ ਤਾਇਨਾਤ ਰਹਿੰਦੇ ਹਨ। ਜਿਨ੍ਹਾਂ ਲਈ ਪਿਛਲੇ ਦਿਨੀਂ ਇਕ ਸ਼ੈੱਡ ਬਣਾਇਆ ਗਿਆ, ਜਿਸ ਦੀ ਨਿਗਮ ਨੂੰ ਕੋਈ ਜਾਣਕਾਰੀ ਨਹੀਂ ਦਿੱਤੀ ਗਈ। ਇਸ ਤੋਂ ਅਗਲੇ ਦਿਨ ਹੀ ਗੇਟ ਦੇ ਦੂਸਰੇ ਪਾਸੇ ਵੀ ਇਕ ਵੱਡਾ ਸ਼ੈੱਡ ਤਿਆਰ ਕਰ ਦਿੱਤਾ ਗਿਆ। ਮੁਲਾਜ਼ਮਾਂ ਦੀ ਗਿਣਤੀ ਅਨੁਸਾਰ ਸ਼ੈੱਡ ਵੱਡਾ ਹੋਣ ਕਰ ਕੇ ਕਬਜ਼ਾ ਹੋਣ ਦੀ ਸੰਭਾਵਨਾ ਵੀ ਜਤਾਈ ਜਾਂਦੀ ਰਹੀ ਹੈ। ਇਸ ਸਬੰਧੀ ਨਿਗਮ ਕਮਿਸ਼ਨਰ ਕੋਲ ਸ਼ਿਕਾਇਤ ਪੁੱਜੀ ਤਾਂ ਨਿਗਮ ਦੀ ਪੂਰੇ ਟੀਮ ਕਾਰਵਾਈ ਲਈ ਮੌਕੇ 'ਤੇ ਪੁੱਜ ਹੀ ਗਿਆ ਸੀ ਕਿ ਮੰਦਰ ਦੇ ਲੰਗਰ ਕਮੇਟੀ ਮੈਂਬਰ ਮੌਕੇ 'ਤੇ ਪੁੱਜੇ ਤੇ ਹੰਗਾਮਾ ਸ਼ੁਰੂ ਕਰ ਦਿੱਤਾ। ਰੌਲਾ ਪਾਉਣ ਵਾਲਿਆਂ 'ਚੋਂ ਨਿਗਮ ਟੀਮ ਨੂੰ 'ਉਪਰੋਂ' ਫੋਨ ਆਉਣ ਦਾ ਕਹਿ ਕੇ ਕਾਰਵਾਈ ਰੋਕਣ ਲਈ ਆਖ ਦਿੱਤਾ। ਇਸ 'ਤੇ ਕਾਰਵਾਈ ਲਈ ਪੂਰੇ ਰੋਹ ਵਿਚ ਆਈ ਨਿਗਮ ਟੀਮ ਵੀ ਸ਼ਾਂਤ ਹੋ ਕੇ ਪਰਤ ਗਈ। ਸ਼ੈੱਡ ਬਣਵਾਉਣ ਵਾਲਿਆਂ ਨੂੰ ਦਫਤਰ ਸੱਦਿਆ : ਨਿਗਮ ਟੀਮ ਦੀ ਅਗਵਾਈ ਕਰ ਰਹੇ ਇੰਸਪੈਕਟਰ ਮਨੀਸ਼ ਪੁਰੀ ਨੇ ਦੱਸਿਆ ਕਿ ਨਾਜਾਇਜ਼ ਕਬਜ਼ਿਆਂ ਖਿਲਾਫ ਅਭਿਆਨ ਚੱਲ ਰਿਹਾ ਹੈ, ਜਿਸ ਤਹਿਤ ਰੋਜ਼ਾਨਾ ਸ਼ਹਿਰ ਵਿਚ ਕਾਰਵਾਈ ਕੀਤੀ ਜਾ ਰਹੀ ਹੈ। ਸ਼ੇਰਾਂਵਾਲਾ ਗੇਟ ਕੋਲ ਸ਼ੈੱਡ ਬਨਣ ਦੀ ਸ਼ਿਕਾਇਤ ਦਫਤਰ ਪੁੱਜੀ ਸੀ, ਜਿਸ 'ਤੇ ਅੱਜ ਕਾਰਵਾਈ ਕਰਨ ਆਏ ਸਨ ਪਰ ਮੰਦਰ ਦੀ ਲੰਗਰ ਕਮੇਟੀ ਵੱਲੋਂ ਵਿਰੋਧ ਕਰਨ 'ਤੇ ਉਨਾਂ ਨੂੰ ਨਿਗਮ ਕਮਿਸ਼ਨਰ ਨਾਲ ਮੁਲਾਕਾਤ ਕਰ ਕੇ ਇਸ ਬਾਰੇ ਮਨਜ਼ੂਰੀ ਲੈਣ ਲਈ ਕਿਹਾ ਹੈ। ਦੂਸਰੇ ਪਾਸੇ ਮੰਦਰ ਦੀ ਸਲਾਹਕਾਰ ਕਮੇਟੀ ਦੇ ਮੈਂਬਰ ਸੰਦੀਪ ਬੰਧੂ ਦਾ ਕਹਿਣਾ ਹੈ ਕਿ ਸ਼ੈੱਡ ਸੁਰੱਖਿਆ ਮੁਲਾਜ਼ਮ ਲਈ ਬਣੇ ਹਨ। ਇਸ ਜਗ੍ਹਾ 'ਤੇ ਨਾ ਤਾਂ ਨਾਜਾਇਜ਼ ਕਬਜ਼ਾ ਹੋਇਆ ਤੇ ਨਾ ਹੀ ਹੋਣ ਦਿੱਤਾ ਜਾਵੇਗਾ। 'ਆਪ' ਸਰਕਾਰ ਨਾਜਾਇਜ਼ ਕਬਜ਼ਿਆਂ 'ਤੇ ਕਾਰਵਾਈ ਕਰਨ ਲਈ ਵਚਨਬੱਧ ਹੈ।



ਗਈ। ਨਿਗਮ ਟੀਮ ਵੱਲੋਂ ਹਾਲੇ ਸ਼ੈੱਡ ਦੇ ਅੰਦਰ ਬਣੀ ਛੋਟੀ ਕੰਧ ਨੂੰ ਤੋੜਿਆ

## ਨੈਸ਼ਨਲ ਹਾਈ ਸਕੂਲ 'ਚ ਕਰਵਾਇਆ ਸਮਾਗਮ




ਪਟਿਆਲਾ , (ਪੱਤਰ ਪ੍ਰੇਰਕ)- ਇੱਥੋਂ ਦੇ ਪੁਰਾਣਾ ਲਾਲ ਬਾਗ ਸਥਿਤ ਨੈਸ਼ਨਲ ਹਾਈ ਸਕੂਲ ਵਿਖੇ ਪ੍ਰਿੰਸੀਪਲ ਪੂਨਮਦੀਪ ਹੋਠੀ ਦੀ ਅਗਵਾਈ ਹੇਠ ਸਾਲਾਨਾ ਸਮਾਗਮ ਕਰਵਾਇਆ ਗਿਆ। ਸਮਾਗਮ ਮੌਕੇ ਸਕੂਲ ਦੇ ਪੁਰਾਣੇ ਵਿਦਿਆਰਥੀ ਡਾ. ਬਿਮਲਜੋਤ ਆਨੰਦ ਤੇ ਉਨ੍ਹਾਂ ਦੀ ਪਤਨੀ ਡਾ. ਜਨਮੀਤ ਕੌਰ ਨੇ ਮੁੱਖ ਮਹਿਮਾਨ ਦੇ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਉਨ੍ਹਾਂ ਵੱਲੋਂ ਹੋਣਹਾਰ ਵਿਦਿਆਰਥੀਆਂ ਦਾ ਸਨਮਾਨ ਕੀਤਾ ਤੇ ਨਕਦ ਇਨਾਮ ਵੀ ਦਿੱਤਾ। ਸਮਾਗਮ ਮੌਕੇ ਡਾ. ਬਿਮਲਜੋਤ ਸਿੰਘ ਨੇ ਦੱਸਿਆ ਉਹ ਐਲਕੇਜ਼ੀ ਤੋਂ ਦਸਵੀਂ ਜਮਾਤ ਤੱਕ ਸਕੂਲ ਦੇ ਵਿਦਿਆਰਥੀ ਰਹੇ ਹਨ। ਇਸ ਦੌਰਾਨ ਉਨ੍ਹਾਂ ਨੇ ਆਪਣੇ ਅਧਿਆਪਕ ਰਵਿੰਦਰ ਕੌਰ ਤੇ ਮਨਜੀਤ ਕੌਰ ਨੂੰ ਯਾਦ ਕੀਤਾ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੂੰ ਆਪਣੇ ਬਚਪਨ ਤੋਂ ਹੀ ਪੜ੍ਹਾਈ ਤੇ ਖੇਡਾਂ ਦੇ ਵਿਚ ਆਪਣੀ ਨੀਂਹ ਮਜ਼ਬੂਤ ਕਰਨੀ ਚਾਹੀਦੀ ਹੈ ਤੇ ਆਪਣਾ ਇਕ ਟੀਚਾ ਵੀ ਨਿਰਧਾਰਿਤ ਕਰਨਾ ਚਾਹੀਦਾ ਹੈ ਤਾਂ ਹੀ ਅਸੀਂ ਉਸ ਤੱਕ ਪਹੁੰਚ ਸਕਦੇ ਹਾਂ। ਉਨ੍ਹਾਂ ਕਿਹਾ ਕਿ ਉਹ ਆਪਣੇ ਸਕੂਲੀ ਸਮੇਂ ਦੌਰਾਨ ਪੜ੍ਹਾਈ ਦਾ ਇਕ ਟਾਇਮ ਟੇਬਲ ਨਿਰਧਾਰਿਤ ਕੀਤਾ ਗਿਆ ਸੀ ਉਸ ਸਮੇਂ ਦੌਰਾਨ ਉਨ੍ਹਾਂ ਦਾ ਧਿਆਨ ਪੜ੍ਹਾਈ ਵੱਲ ਹੀ ਹੁੰਦਾ ਸੀ।

## ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਕਿਸਾਨਾਂ, ਮਜਦੂਰਾਂ, ਮਿੱਲਰਾਂ ਤੇ ਆੜ੍ਹਤੀਆਂ ਨਾਲ ਕੀਤੇ ਵਾਅਦੇ 'ਤੇ ਖਰੀ ਉਤਰੀ



ਚੰਡੀਗੜ੍ਹ, (ਪੱਤਰ ਪ੍ਰੇਰਕ)- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਨੇ ਸਾਰੇ ਝੋਨੇ ਦਾ ਖਰੀਦ ਸੀਜਨ ਸੁਰੂ ਹੋਣ ਤੋਂ ਪਹਿਲਾਂ ਕਿਸਾਨਾਂ, ਮਜਦੂਰਾਂ, ਮਿਲਰਾਂ ਅਤੇ ਆੜ੍ਹਤੀਆਂ ਨਾਲ ਨਿਰਵਿਘਨ ਖਰੀਦ ਨੂੰ ਯਕੀਨੀ ਬਣਾਉਣ ਦਾ ਵਾਅਦਾ ਕੀਤਾ ਸੀ।ਸਰਕਾਰ ਆਪਣੀ ਵਚਨਬੱਧਤਾ 'ਤੇ ਪੂਰੀ ਤਰ੍ਹਾਂ ਖਰੀ ਉਤਰੀ ਹੈ, ਜੋ ਕਿ ਇਸ ਤੱਥ ਤੋਂ ਸਾਬਤ ਹੁੰਦਾ ਹੈ ਕਿ ਮੌਜੂਦਾ ਸੀਜਨ ਦੌਰਾਨ 184.45 ਲੱਖ ਮੀਟਰਕ ਟਨ ਦੇ ਟੀਚੇ ਵਿੱਚੋਂ 182.11 ਲੱਖ ਮੀਟ੍ਰਿਕ ਟਨ (ਐਲਐਮਟੀ) ਝੋਨੇ ਦੀ ਖਰੀਦ ਕੀਤੀ ਗਈ। ਇਹ ਖਰੀਦ ਭਾਰਤ ਸਰਕਾਰ ਦੁਆਰਾ ਨਿਰਧਾਰਿਤ 2060 ਰੁਪਏ ਪ੍ਰਤੀ ਕੁਇੰਟਲ ਦੇ ਘੱਟੋ-ਘੱਟ ਸਮਰਥਨ ਮੁੱਲ (ਐਮ.ਐਸ.ਪੀ.) 'ਤੇ ਕੀਤੀ ਗਈ।ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਮੰਤਰੀ ਸ੍ਰੀ ਲਾਲ ਚੰਦ ਕਟਾਰੂਚੱਕ ਦੇ ਦਿਸਾ-ਨਿਰਦੇਸਾਂ ਤਹਿਤ ਇਸ ਵਾਰ ਮੰਡੀਆਂ ਵਿੱਚ ਕਿਸਾਨਾਂ ਨੂੰ ਕਿਸੇ ਕਿਸਮ ਦੀ ਕੋਈ ਦਿੱਕਤ ਨਹੀਂ ਆਉਣ ਦਿੱਤੀ ਗਈ ਅਤੇ ਖਰੀਦ ਦੇ ਨਾਲ-ਨਾਲ ਚੁਕਾਈ ਵੀ ਸਮੇਂ ਸਿਰ ਕੀਤੀ ਗਈ। ਖਰੀਦ ਦੇ 4 ਘੰਟਿਆਂ ਦੇ ਅੰਦਰ ਹੀ ਕਿਸਾਨਾਂ ਦੇ ਬੈਂਕ ਖਾਤਿਆਂ ਵਿੱਚ ਅਦਾਇਗੀਆਂ ਕਰ ਦਿੱਤੀਆਂ ਗਈਆਂ ਸੂਬਾ ਸਰਕਾਰ ਨੇ ਕਿਸਾਨਾਂ ਦੀ ਸਹੂਲਤ ਲਈ 583 ਜਨਤਕ ਥਾਵਾਂ ਅਤੇ 37 ਚੌਲ ਮਿੱਲਾਂ ਨੂੰ ਅੰਤਰਿਮ ਖਰੀਦ ਕੇਂਦਰ ਘੋਸ਼ਿਤ ਕਰਨ ਤੋਂ ਇਲਾਵਾ ਮੰਡੀਆਂ ਵਿੱਚ 1806 ਰਵਾਇਤੀ ਖਰੀਦ ਕੇਂਦਰ ਸਥਾਪਤ ਕੀਤੇ ਸਨ ਅਤੇ ਫਿਰ ਅਲਾਟਮੈਂਟ ਕੀਤੀ ਗਈ। ਐਫਸੀਆਈ ਸਮੇਤ ਸਰਕਾਰੀ ਖਰੀਦ ਏਜੰਸੀਆਂ ਨੇ ਸੂਬੇ ਦੀਆਂ ਏਜੰਸੀਆਂ ਵੱਲੋਂ ਖਰੀਦੇ ਗਏ ਝੋਨੇ ਲਈ ਲਗਭਗ 8 ਲੱਖ ਕਿਸਾਨਾਂ ਦੇ ਖਾਤਿਆਂ ਵਿੱਚ 37,514 ਕਰੋੜ ਰੁਪਏ ਦੀ ਰਾਸ਼ੀ ਜਮ੍ਹਾਂ ਕੀਤੀ ਗਈ।ਵਿਭਾਗ ਅਤੇ ਮੰਡੀ ਬੋਰਡ ਨੇ ਨਿਰਵਿਘਨ ਖਰੀਦ ਨੂੰ ਯਕੀਨੀ ਬਣਾਉਣ ਲਈ ਅਹਿਮ ਭੂਮਿਕਾ ਨਿਭਾਈ। ਇਸ ਤੋਂ ਇਲਾਵਾ ਅੰਤਰਰਾਜੀ ਬੈਰੀਅਰਾਂ 'ਤੇ ਨਾਕੇ ਲਗਾ ਕੇ ਦੂਜੇ ਰਾਜਾਂ ਤੋਂ ਆ ਰਹੇ ਗੈਰ-ਕਾਨੂੰਨੀ ਝੋਨੇ ਨੂੰ ਪ੍ਰਭਾਵਸਾਲੀ ਢੰਗ ਨਾਲ ਰੋਕਣ ਲਈ ਪੰਜਾਬ ਪੁਲਿਸ ਦਾ ਯੋਗਦਾਨ ਵੀ ਸਲਾਘਾਯੋਗ ਹੈ।ਸੂਬਾ ਸਰਕਾਰ ਦੀ ਕਸਟਮ ਮਿਲਿੰਗ ਨੀਤੀ ਦੀ ਭਾਰਤ ਸਰਕਾਰ ਨੇ ਵੀ ਸ਼ਲਾਘਾ ਕੀਤੀ ਹੈ ਜਿਸ ਨੇ ਪੰਜਾਬ ਸਰਕਾਰ ਨੂੰ ਆਪਣਾ ਤਜਰਬਾ ਦੂਜੇ ਰਾਜਾਂ ਨਾਲ ਸਾਂਝਾ ਕਰਨ ਲਈ ਕਿਹਾ ਹੈ

## ਸਿੱਖਿਆ ਵਿਭਾਗ ਨੇ ਪੰਜਾਬ ਦੇ 56 ਸਕੂਲਾਂ ਦੇ ਬਦਲੇ ਨਾਂ



ਚੰਡੀਗੜ੍ਹ , (ਸੁਰਿੰਦਰ ਸਿੰਘ)- ਸਿੱਖਿਆ ਵਿਭਾਗ ਨੇ ਪੰਜਾਬ ਦੇ 56 ਸਕੂਲਾਂ ਦੇ ਨਾਮ ਬਦਲੇ ਜੋ ਪਹਿਲਾਂ ਜਾਤੀ ਅਧਾਰਿਤ ਨਾਵਾਂ 'ਤੇ ਚੱਲ ਰਹੇ ਸਨ। ਮਜੇਦਾਰ ਗੱਲ ਹੈ ਕਿ ਲੁਧਿਆਨਾ ਜਿਲੇ ਦੇ ਪਿੰਡ ਭਾਦਲਾ ਅਤੇ ਸ੍ਰੀ ਮੁਕਤਸਰ ਸਾਹਿਬ ਜਿਲ੍ਹੇ ਦੀ ਦੋਦਾ ਪੰਚਾਇਤ ਨੇ ਸਕੂਲ ਦਾ ਨਾਮ ਬਦਲਣ 'ਤੇ ਅਸਿਮਤੀ ਪ੍ਰਗਟ ਕੀਤੀ ਹੈ। ਪਿਛਲੇ ਕਾਫੀ ਸਮੇਂ ਤੋ ਸਕੂਲਾਂ ਦੇ ਜਾਤੀ ਅਧਾਰਿਤ ਨਾਮ ਬਦਲਣ ਦੀ ਮੰਗ ਕੀਤੀ ਜਾ ਰਹੀ ਸੀ।

## ਹਰਿਆਣਾ ਸਰਕਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਨਵੀਂ ਕਮੇਟੀ ਬਾਰੇ ਕਰੇ ਵਿਚਾਰ-ਜਥੇ. ਝੀਂਡਾ

ਕਰਨਾਲ, (ਪੱਤਰ ਪ੍ਰੇਰਕ)-ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਜਥੇਦਾਰ ਜਗਦੀਸ ਸਿੰਘ ਝੀਂਡਾ ਨੇ ਕਿਹਾ ਕਿ ਹਰਿਆਣਾ ਸਰਕਾਰ ਵਲੋਂ ਬਣਾਈ ਗਈ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਸੂਬੇ ਦੇ ਸਿੱਖਾਂ ਨੂੰ ਮਨਜੂਰ ਨਹੀਂ ਹੈ, ਲਿਹਾਜਾ ਨਵੀਂ ਕਮੇਟੀ ਬਾਰੇ ਟੇਬਲ 'ਤੇ ਬੈਠ ਕੇ ਵਿਚਾਰ ਕਰੇ ਜਾਂ ਤੱਕ ਹਰਿਆਣਾ ਦੇ 15 ਲੱਖ ਸਿੱਖਾਂ ਦੀ ਮੈਂਡੇਟ ਕਰੇ, ਨਹੀਂ ਤਾਂ ਆਗਾਮੀ 1 ਜਨਵਰੀ ਨੂੰ ਇਹ ਮਾਮਲਾ ਸਿੱਖਾਂ ਦੀ ਸਿਰਮੌਰ ਸੰਸਥਾ ਸ੍ਰੀ ਅਕਾਲ ਤਖਤ ਸਾਹਿਬ ਅੱਗੇ ਰੱਖਿਆ ਜਾਵੇਗਾ, ਉਪਰੰਤ ਸ੍ਰੀ ਅਕਾਲ ਤਖਤ ਸਾਹਿਬ ਤੋਂ ਜਸ ਹੁਕਮ ਜਾਰੀ ਹੋਵੇਗਾ, ਉਹ ਹਰਿਆਣਾ ਦੇ ਸਿੱਖਾਂ ਨੂੰ ਮਨਜੂਰ ਹੋਵੇਗਾ . ਜਥੇ. ਝੀਂਡਾ ਡੇਰਾ ਕਾਰ ਸੇਵਾ ਕਲੰਦਰੀ ਗੇਟ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰ ਰਹੇ ਸਨ . ਉਨ੍ਹਾਂ ਕਿਹਾ ਕਿ ਉਹ ਉਕਤ ਕਮੇਟੀ ਦੇ ਮੈਂਬਰ ਜਰੂਰ ਸਨ, ਪਰ ਉਨ੍ਹਾਂ ਨੇ ਬੀਤੀ 16 ਦਸੰਬਰ ਨੂੰ ਅਸਤੀਫਾ ਦੇ ਦਿੱਤਾ ਹੈ, ਜੋ ਉਨ੍ਹਾਂ ਨੇ ਉਸੇ ਹੀ ਦਿਨ ਗਵਰਨਰ ਹਰਿਆਣਾ ਅਤੇ ਕੁਰੂਕਸੇਤਰ ਦੇ ਡੀ. ਸੀ. ਜਿੱਥੇ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਮੁੱਖ ਦਫਤਰ ਸਥਿਤ ਹੈ, ਵਿਖੇ ਭੇਜ ਦਿੱਤਾ ਸੀ . ਉਨ੍ਹਾਂ ਕਿਹਾ ਕਿ ਜਦੋਂ ਉਕਤ ਕਮੇਟੀ ਦਾ ਹਰਿਆਣਾ ਸਰਕਾਰ ਨੇ ਗਠਨ ਕੀਤਾ ਸੀ ਤਾਂ ਉਸ ਤੋਂ ਬਾਅਦ ਹੀ ਇਸ ਕਮੇਟੀ ਦਾ ਹਰਿਆਣਾ ਦੇ ਸਿੱਖਾਂ ਨੇ ਵਿਰੋਧ ਕਰਨਾ ਸੁਰੂ ਕਰ ਦਿੱਤਾ ਸੀ ਅਤੇ ਇਸ ਦੇ ਨਾਲ ਹੀ ਉਨ੍ਹਾਂ ਦਾ ਵਿਰੋਧ ਸੁਰੂ ਹੋ ਗਿਆ ਸੀ . ਉਨ੍ਹਾਂ ਦੱਸਿਆ ਕਿ ਬੀਤੀ 16 ਦਸੰਬਰ ਨੂੰ ਸੰਗਤ ਨੇ ਯਮੁਨਾਨਗਰ ਵਿਖੇ ਇਕੱਠ ਬੁਲਾਇਆ ਸੀ ਅਤੇ ਪੁੱਛਿਆ ਸੀ ਕਿ ਤੁਸੀਂ ਸਰਕਾਰ ਨਾਲ ਹੋ ਜਾਂ ਸੰਗਤ ਨਾਲ ਤਾਂ ਉਨ੍ਹਾਂ ਕਿਹਾ ਕਿ ਸੀ ਕਿ ਹਾਲੇ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਵੋਟਾਂ ਲਈ ਸਰਕਾਰ ਦੀ ਲੋੜ ਹੈ ਤਾਂ ਸੰਗਤ ਨੇ ਕਿਹਾ ਸੀ ਕਿ ਵੋਟਾਂ ਸੰਗਤ ਬਣਵਾ ਲਵੇਗੀ, ਪਰ ਤੁਸੀਂ ਆਪਣਾ ਸਟੈਂਡ ਦੱਸੋ ਤਾਂ ਮੈਂ ਸੰਗਤ ਨਾਲ ਹੋਣ ਦਾ ਫੈਸਲਾ ਕੀਤਾ ਸੀ,

## ਮਾਤਾ ਗੁਜਰੀ ਜੀ ਅਤੇ ਸਾਹਿਬਜਾਦਿਆਂ ਦੀ ਸਹਾਦਤ ਨੂੰ ਸਮਰਪਿਤ ਲੰਗਰ ਲਗਾਇਆ

ਸਾਹਬਾਦ ਮਾਰਕੰਡਾ, (ਪੱਤਰ ਪ੍ਰੇਰਕ)- ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੇ ਮਾਤਾ ਗੁਜਰੀ ਜੀ ਅਤੇ ਸਾਹਿਬਜਦਿਆਂ ਦੀ ਸਹਾਦਤ ਨੂੰ ਮੁੱਖ ਰੱਖਦਿਆਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਲਾਡਵਾ ਰੋਡ 'ਤੇ ਸਥਿਤ ਗੰਭੀਰ ਪੈਲੇਸ ਨੇੜੇ ਚਾਹ-ਪਕੌੜਿਆਂ ਦਾ ਲੰਗਰ ਲਗਾਇਆ ਗਿਆ . ਇਸ ਮੌਕੇ ਸਭ ਤੋਂ ਪਹਿਲਾਂ ਪ੍ਰਬੰਧਕਾਂ ਨੇ ਸਹੀਦਾਂ ਅੱਗੇ ਨਤਮਸਤਕ ਹੁੰਦਿਆਂ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ . ਕੜਾਕੇ ਦੀ ਠੰਢ ਦੇ ਬਾਵਜੂਦ ਵੱਡੀ ਗਿਣਤੀ ਰਾਹਗੀਰਾਂ ਨੇ ਲੰਗਰ ਛਕਿਆ . ਇਸ ਮੌਕੇ ਹਰਪ੍ਰੀਤ ਸਿੰਘ ਸੋਨੂੰ ਚੀਮਾ, ਜਸਮੇਰ ਸਿੰਘ ਲਾਡੀ ਚੀਮਾ, ਕੁਲਦੀਪ ਸਿੰਘ ਚੀਮਾ, ਪ੍ਰਿੰਸ ਚੀਮਾ, ਨੀਰਜ ਕੁਮਾਰ, ਮਨਵੀਰ ਸਿੰਘ, ਸੇਰ ਸਿੰਘ ਸੈਣੀ ਤੇ ਹਰਮਨ ਸਿੰਘ ਆਦਿ ਵਲੋਂ ਸੇਵਾ ਨਿਭਾਈ ਗਈ .

## ਪਟਿਆਲਾ-ਰਾਜਪੁਰਾ ਰੋਡ ਵਿਚਕਾਰ ਬਣੇ ਕੱਟ ਹਾਦਸਿਆਂ ਨੂੰ ਦੇ ਰਹੇ ਸੱਦਾ



ਪਟਿਆਲਾ, (ਅਨਹਦ ਸਿੰਘ)-ਅਰਬਨ ਅਸਟੇਟ ਫ਼ੇਜ਼-1 ਨੇੜੇ ਪਟਿਆਲਾ-ਰਾਜਪੁਰਾ ਰੋਡ 'ਤੇ ਬਣੇ ਕੱਟ ਹਾਦਸਿਆਂ ਨੂੰ ਸੱਦਾ ਦੇ ਰਹੇ ਹਨ। ਇਨ੍ਹਾਂ ਕੱਟਾਂ ਕਰ ਕੇ ਜ਼ਿਆਦਾਤਰ ਵੱਡੇ-ਵੱਡੇ ਵਾਹਨ ਉੱਥੋਂ ਲੰਘਣ ਦੀ ਕੋਸ਼ਿਸ਼ ਕਰਦੇ ਹਨ। ਇਸ ਕਾਰਨ ਜਿਥੇ ਟਰੈਫ਼ਿਕ ਦੀ ਸਮੱਸਿਆ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਉਥੇ ਹੀ ਨਜ਼ਦੀਕ ਰਹਿਣ ਵਾਲੇ ਲੋਕਾਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ।ਅਰਬਨ ਅਸਟੇਟ ਵਾਸੀਆਂ ਨੇ ਜ਼ਿਲ੍ਹਾ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਇਨ੍ਹਾਂ ਕੱਟਾਂ ਨੂੰ ਬੰਦ ਕਰਵਾਇਆ ਜਾਵੇ ਤਾਂ ਜੋ ਉਨ੍ਹਾਂ ਨੂੰ ਪਰੇਸ਼ਾਨੀ ਨਾ ਹੋ ਸਕੇ। ਇਸ ਸਬੰਧੀ ਜਾਣਕਾਰੀ ਦਿੰਦਿਆ ਮਾਨਵ ਸੇਵਾ ਮੰਚ ਦੇ ਪ੍ਰਧਾਨ ਵਰਿੰਦਰ ਸੂਦ ਨੇ ਦਸਿਆ ਕਿ ਅਰਬਨ ਅਸਟੇਟ-1 ਪਟਿਆਲਾ- ਰਾਜਪੁਰਾ ਰੋਡ ਪੁਲ ਦੇ ਨਜ਼ਦੀਕ ਇਕ ਸਾਇਡ ਪਟਿਆਲਾ ਸ਼ਹਿਰ ਵੱਲ ਲੰਘ ਜਾਂਦੀ ਹੈ ਤੇ ਦੂਸਰੀ ਸਾਇਡ ਅਰਬਨ ਅਸਟੇਟ ਦੇ ਭਾਈ ਰਾਮ ਕਿਸ਼ਨ ਸਕੂਲ ਵੱਲ ਸੰਗਰੂਰ ਰੋਡ 'ਤੇ ਲੰਘ ਜਾਂਦੀ ਹੈ। ਇਸ ਵਿਚਕਾਰ ਹੀ ਕੁੱਝ ਸ਼ਰਾਰਤੀ ਅਨਸਰਾਂ ਵੱਲੋਂ ਡਿਵਾਇਡਰ ਤੋੜ ਕੇ ਲਾਂਘੇ ਲਈ ਕੱਟ ਬਣਾ ਦਿੱਤਾ ਗਿਆ ਹੈ। ਮੌਜੂਦਾ ਸਮੇਂ ਹਲਾਤ ਇਹ ਹਨ ਕਿ ਇਥੇ ਬਹੁਤ ਤੇਜ਼ ਰਫ਼ਤਾਰ ਨਾਲ ਕਾਰਾਂ, ਟਰੱਕ ਤੇ ਹੋਰ ਵਾਹਨ ਲੰਘਦੇ ਹਨ। ਉਨ੍ਹਾਂ ਦਸਿਆ ਕਿ ਮੌਸਮ ਦੇ ਬਦਲਣ ਹੁਣ ਸਵੇਰ ਤੇ ਰਾਤ ਸਮੇਂ ਧੁੰਦ ਵੀ ਜ਼ਿਆਦਾ ਪੈਣ ਲੱਗ ਪਈ ਹੈ, ਜਿਸ ਕਾਰਨ ਵਾਹਨਾਂ 'ਤੇ ਰਿਫ਼ਲੈਕਟਰ ਨਾ ਲੱਗੇ ਹੋਣ ਕਰ ਕੇ ਅੰਦਾਜ਼ਾ ਲਾਉਣਾ ਵੀ ਮੁਸ਼ਕਲ ਹੋ ਜਾਂਦਾ ਹੈ। ਅਜਿਹੇ 'ਚ ਜੇਕਰ ਕੋਈ ਵਾਹਨ ਇਨ੍ਹਾਂ ਕੱਟਾਂ ਦੇ ਉਪਰੋਂ ਲੰਘੇਗਾ ਤਾਂ ਪਿੱਛੋਂ ਦੀ ਆ ਰਹੇ ਵਾਹਨਾਂ ਨਾਲ ਟੱਕਰਾ ਸਕਦਾ ਹੈ। ਇਸ ਕਾਰਨ ਕੋਈ ਵੀ ਜਾਨੀ ਜਾਂ ਮਾਲੀ ਨੁਕਸਾਨ ਹੋ ਸਕਦਾ ਹੈ। ਉਨ੍ਹਾਂ ਦੀ ਜ਼ਿਲ੍ਹਾ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਇਨ੍ਹਾਂ ਨਾਜਾਇਜ਼ ਕੱਟਾਂ ਨੂੰ ਬੰਦ ਕਰਵਾਇਆ ਜਾਵੇ ਤਾਂ ਜੋ ਕੋਈ ਵੀ ਅਣਸੁੱਖਾਵੀਂ ਘਟਨਾ ਨਾ ਵਾਪਰੀ ਜਾ ਸਕੇ। ਇਸ ਸਬੰਧੀ ਜਾਣਕਾਰੀ ਦਿੰਦਿਆਂ ਨੈਸ਼ਨਲ ਹਾਈ-ਵੇ ਅਥਾਰਿਟੀ ਦੇ ਐਸਡੀਓ ਵਿਸ਼ਾਲ ਸ਼ਰਮਾ ਨਾਲ ਰਾਬਤਾ ਕਾਇਮ ਕਰਨ 'ਤੇ ਉਨ੍ਹਾਂ ਕਿਹਾ ਕਿ ਜਿਸ ਸੜਕ 'ਤੇ ਇਹ ਕੱਟ ਬਣਾਏ ਗਏ ਹਨ ਉਹ ਉਨ੍ਹਾਂ ਦੀ ਅਥਾਰਿਟੀ ਅਧੀਨ ਨਹੀਂ ਹੈ। ਇਸ ਸਬੰਧੀ ਕਾਰਵਾਈ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਕੀਤੀ ਜਾਵੇਗੀ।

## ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਬਾਬੂ ਭਗਵਾਨ ਦਾਸ ਅਰੋੜਾ ਦੀ ਯਾਦ ਵਿੱਚ ਕਰਵਾਈਆਂ ਜਾਣ ਵਾਲੀਆਂ 'ਖੇਡਾਂ ਹਲਕਾ ਸੁਨਾਮ ਦੀਆਂ' ਦਾ ਪੋਸਟਰ ਰਿਲੀਜ



ਚੰਡੀਗੜ੍ਹ, (ਪੱਤਰ ਪ੍ਰੇਰਕ)- ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਮਾਨ ਵੱਲੋਂ ਪੰਜਾਬ ਦੇ ਸੂਚਨਾ ਤੇ ਲੋਕ ਸੰਪਰਕ ਮੰਤਰੀ ਸ੍ਰੀ ਅਮਨ ਅਰੋੜਾ ਦੇ ਸਵਰਗੀ ਪਿਤਾ ਅਤੇ ਸਾਬਕਾ ਮੰਤਰੀ ਬਾਬੂ ਭਗਵਾਨ ਦਾਸ ਅਰੋੜਾ ਦੀ ਯਾਦ ਵਿੱਚ ਕਰਵਾਈਆਂ ਜਾ ਰਹੀਆਂ 'ਖੇਡਾਂ ਹਲਕਾ ਸੁਨਾਮ ਦੀਆਂ' ਦਾ ਪੋਸਟਰ ਰਿਲੀਜ ਕੀਤਾ ਗਿਆ ਹੈ। ਇੱਥੇ ਮੁੱਖ ਮੰਤਰੀ ਦੀ ਰਿਹਾਇਸ਼ ਵਿਖੇ ਪੋਸਟਰ ਰਿਲੀਜ ਹੋਣ ਉਪਰੰਤ ਸ੍ਰੀ ਅਮਨ ਅਰੋੜਾ ਨੇ ਦੱਸਿਆ ਕਿ ਬਾਬੂ ਭਗਵਾਨ ਦਾਸ ਅਰੋੜਾ ਮੈਮੋਰੀਅਲ ਫਾਊਂਡੇਸਨ ਵੱਲੋਂ ਸਪਾਂਸਰ 'ਖੇਡਾਂ ਹਲਕਾ ਸੁਨਾਮ ਦੀਆਂ' ਟੂਰਨਾਮੈਂਟ ਸਹੀਦ ਭਾਈ ਮਤੀ ਦਾਸ ਸੀਨੀਅਰ ਸੈਕੰਡਰੀ ਸਕੂਲ, ਲੌਂਗੋਵਾਲ ਵਿਖੇ 4 ਫਰਵਰੀ ਤੋਂ 5 ਫਰਵਰੀ, 2023 ਤੱਕ ਕਰਵਾਇਆ ਜਾਵੇਗਾ। ਜਿਕਰਯੋਗ ਹੈ ਕਿ ਬਾਬੂ ਭਗਵਾਨ ਦਾਸ ਅਰੋੜਾ ਮੈਮੋਰੀਅਲ ਫਾਊਂਡੇਸਨ ਪਿਛਲੇ ਇਕ ਦਹਾਕੇ ਤੋਂ ਹਲਕੇ ਵਿੱਚ ਮੈਡੀਕਲ ਕੈਂਪ ਲਗਾਉਣ ਦੇ ਨਾਲ ਨਾਲ ਲੋਕਾਂ ਦੀ ਭਲਾਈ ਲਈ ਸਮਾਜ ਸੇਵਾ ਦੇ ਹੋਰ ਕਾਰਜ ਵੀ ਕਰ ਰਹੀ ਹੈ। 'ਖੇਡਾਂ ਹਲਕਾ ਸੁਨਾਮ ਦੀਆਂ' ਬਾਰੇ ਹੋਰ ਜਾਣਕਾਰੀ ਦਿੰਦਿਆਂ ਕੈਬਨਿਟ ਮੰਤਰੀ ਨੇ ਦੱਸਿਆ ਕਿ ਮੁੱਖ ਮੰਤਰੀ ਸ. ਭਗਵੰਤ ਮਾਨ, ਜੋ ਕਿ ਖੇਡ ਪ੍ਰੇਮੀ ਹੋਣ ਦੇ ਨਾਲ ਨਾਲ ਵਾਲੀਬਾਲ ਸੂਟਿੰਗ ਦੇ ਖੁਦ ਵੀ ਚੰਗੇ ਖਿਡਾਰੀ ਹਨ, ਦੀ ਖੇਡਾਂ ਨੂੰ ਜਮੀਨੀ ਪੱਧਰ ਉਤੇ ਉਤਸਾਹਿਤ ਕਰਨ ਦੀ ਵਚਨਬੱਧਤਾ ਤਹਿਤ ਖੇਡ ਸੱਭਿਆਚਾਰ ਨੂੰ ਹੋਰ ਪ੍ਰਫੁੱਲਤ ਕਰਨ ਲਈ ਇਸ ਟੂਰਨਾਮੈਂਟ ਵਿੱਚ ਵਾਲੀਬਾਲ ਸੂਟਿੰਗ, ਵਾਲੀਬਾਲ ਸਮੈਸ਼ਿੰਗ ਅਤੇ ਰੱਸਾਕਸ਼ੀ ਦੇ ਮੁਕਾਬਲੇ ਕਰਵਾਏ ਜਾਣਗੇ। ਦੱਸਣਯੋਗ ਹੈ ਕਿ ਮਾਨ ਸਰਕਾਰ ਵੱਲੋਂ ਹਾਲ ਹੀ ਵਿੱਚ "ਖੇਡਾਂ ਵਤਨ ਪੰਜਾਬ ਦੀਆਂ" ਕਰਵਾਈਆਂ ਗਈਆਂ ਸਨ, ਜੋ ਤਿੰਨ ਮਹੀਨੇ ਚੱਲੀਆਂ ਸਨ, ਤਾਂ ਜੋ ਨੌਜਵਾਨਾਂ ਵਿੱਚ ਛੁਪੇ ਖੇਡ ਹੁਨਰ ਨੂੰ ਪਛਾਣ ਅਤੇ ਤਰਾਸ ਕੇ ਕੌਮਾਂਤਰੀ ਪੱਧਰ ਦੇ ਖਿਡਾਰੀ ਪੈਦਾ ਕੀਤੇ ਜਾ ਸਕਣ। ਕੈਬਨਿਟ ਮੰਤਰੀ ਨੇ ਦੱਸਿਆ ਕਿ ਇਸ ਟੂਰਨਾਮੈਂਟ ਵਿੱਚ ਪਹਿਲੇ ਤਿੰਨ ਸਥਾਨਾਂ ਉਤੇ ਆਉਣ ਵਾਲੀਆਂ ਟੀਮਾਂ ਨੂੰ ਨਕਦ ਇਨਾਮ ਅਤੇ ਟਰਾਫੀਆਂ ਨਾਲ ਸਨਮਾਨਿਤ ਕੀਤਾ ਜਾਵੇਗਾ। ਸ੍ਰੀ ਅਮਨ ਅਰੋੜਾ ਨੇ ਦੱਸਿਆ ਕਿ ਇਸ ਟੂਰਨਾਮੈਂਟ ਵਿੱਚ ਪਦਮ ਸ੍ਰੀ ਹੈਵੀਵੇਟ ਇੰਟਰਨੈਸਨਲ ਮੁੱਕੇਬਾਜ ਕੌਰ ਸਿੰਘ (ਏਸੀਅਨ ਖੇਡਾਂ ਦੇ ਸੋਨ ਤਗਮਾ ਜੇਤੂ) ਅਤੇ ਪਦਮ ਸ੍ਰੀ ਅਥਲੀਟ ਸੁਨੀਤਾ ਰਾਣੀ (ਏਸੀਅਨ ਖੇਡਾਂ ਵਿੱਚੋਂ ਸੋਨ ਤਗਮਾ ਜੇਤੂ) ਦਾ ਵਿਸੇਸ ਸਨਮਾਨ ਕੀਤਾ ਜਾਵੇਗਾ।

## ਪ੍ਰਕਾਸ਼ ਪੁਰਬ ਸ਼ਰਧਾ ਨਾਲ ਮਨਾਇਆ



ਰਾਜਪੁਰਾ , (ਪੱਤਰ ਪ੍ਰੇਰਕ)- ਦਸਮੇਸ਼ ਪਿਤਾ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਪੁਰਬ ਰਾਜਪੁਰਾ ਇਲਾਕੇ ਦੇ ਗੁਰਦੁਆਰਾ ਨੌਵੀਂ ਪਾਤਸ਼ਾਹੀ ਮਹਿੰਦਰ ਗੰਜ, ਗੁਰਦੁਆਰਾ ਸਿੰਘ ਸਭਾ ਗੁਲਾਬ ਨਗਰ, ਗੁਰਦੁਆਰਾ ਆਹਲੂਵਾਲੀਆ ਪੁਰਾਣਾ ਰਾਜਪੁਰਾ, ਗੁਰਦੁਆਰਾ ਜੋਤ ਸਰੂਪ ਫੋਕਲ ਪੁਆਇੰਟ, ਗੁਰਦੁਆਰਾ ਸਿੰਘ ਸਭਾ ਪਚਰੰਗਾ ਚੌਕ, ਗੁਰਦੁਆਰਾ ਡਾਲੀਮਾ ਵਿਹਾਰ, ਗੁਰਦੁਆਰਾ ਸਾਹਿਬ ਪਿੰਡ ਖੰਡੋਲੀ, ਗੁਰਦੁਆਰਾ ਸ਼ਹੀਦ ਭਾਈ ਸੁੱਖਾ ਸਿੰਘ ਨੀਲਪੁਰ ਤੇ ਪਿੰਡ ਅਮੀਰਪੁਰ ਸਮੇਤ ਹੋਰਨਾਂ ਗੁਰਦੁਆਰਾ ਸਾਹਿਬਾਨ'ਚ ਬਹੁਤ ਸ਼ਰਧਾ ਨਾਲ ਮਨਾਇਆ ਗਿਆ। ਇਸ ਦੌਰਾਨ ਵੀਰਵਾਰ ਨੂੰ ਸ੍ਰੀ ਅਖੰਡ ਪਾਠ ਜੀ ਦੇ ਭੋਗ ਪੁਆਏ ਗਏ ਤੇ ਉਪਰੰਤ ਕੀਰਤਨ ਦਰਬਾਰ ਸਜਾਏ ਗਏ। ਗੁਰਦੁਆਰਾ ਨੌਵੀਂ ਪਾਤਸ਼ਾਹੀ ਮਹਿੰਦਰਗੰਜ ਵਿਖੇ ਪ੍ਰਧਾਨ ਗਿਆਨੀ ਭੁਪਿੰਦਰ ਸਿੰਘ ਗੋਲੂ ਦੀ ਦੇਖ-ਰੇਖ 'ਚ ਦੀਵਾਨ ਸਜਾਏ ਗਏ ਤੇ ਭਾਈ ਹਰਨੇਕ ਸਿੰਘ, ਭਾਈ ਸ਼ੇਰ ਸਿੰਘ ਦੇ ਰਾਗੀ ਜਥੇ ਅਤੇ ਮਾਤਾ ਗੁਜਰੀ ਇਸਤਰੀ ਕੀਰਤਨੀ ਜਥੇ ਨੇ ਕੀਰਤਨ ਕੀਤਾ ਤੇ ਸੰਗਤਾਂ ਨੂੰ ਗੁਰੂ ਜੀ ਦੇ ਜੀਵਨ ਸਬੰਧੀ ਕਥਾ ਕੀਰਤਨ ਨਾਲ ਨਿਹਾਲ ਕੀਤਾ। ਇਸ ਦੌਰਾਨ ਗੁਰੂ ਜੀ ਵਲੋਂ ਦਰਸਾਏ ਮਾਰਗ 'ਤੇ ਚੱਲਣ ਲਈ ਪ੍ਰੇਰਿਆ ਗਿਆ। ਇਸ ਦੌਰਾਨ ਗੁਰਦੁਆਰਾ ਸਾਹਿਬਾਨ ਅੰਦਰ ਗੁਰੂ ਕੇ ਲੰਗਰ ਅਤੁੱਟ ਵਰਤਾਏ ਗਏ। ਇਸ ਮੌਕੇ ਮੰਗਤ ਸਿੰਘ, ਅਵਤਾਰ ਸਿੰਘ, ਰਘਬੀਰ ਸਿੰਘ, ਇੰਦਰਜੀਤ ਸਿੰਘ, ਜੋਗਿੰਦਰ ਸਿੰਘ, ਚੰਦ ਸਿੰਘ, ਬੀਬੀ ਲਖਵਿੰਦਰ ਕੌਰ, ਬੀਬੀ ਗੁਰਿੰਦਰ ਕੌਰ ਤੇ ਬੀਬੀ ਸੁਰਿੰਦਰ ਕੌਰ ਸਮੇਤ ਹੋਰਨਾਂ ਨੇ ਲੰਗਰ ਦੀ ਸੇਵਾ ਨਿਭਾਈ।

## ਨਵਜੋਤ ਸਿੱਧੂ ਨੂੰ ਮਿਲਣ ਲਈ ਜੇਲ੍ਹ ਪਹੁੰਚੇ ਕਾਂਗਰਸ ਤੋਂ ਕੱਢੇ ਗਏ ਸਾਬਕਾ ਵਿਧਾਇਕ ਸੁਰਜੀਤ ਧੀਮਾਨ, ਬੀਬੀ ਭੱਠਲ ਦੇ ਪੁੱਤਰ ਰਾਹੁਲ ਭੱਠਲ ਤੇ ਸਾਬਕਾ ਵਿਧਾਇਕ ਨੱਥੂ ਰਾਮ ਨੇ ਵੀ ਕੀਤੀ ਮੁਲਾਕਾਤ



ਪਟਿਆਲਾ, (ਅਨਹਦ ਸਿੰਘ)- ਇੱਥੋਂ ਦੀ ਕੇਂਦਰੀ ਜੇਲ੍ਹ ਵਿੱਚ ਬੰਦ ਪੰਜਾਬ ਪ੍ਰਦੇਸ ਕਾਂਗਰਸ ਦੇ ਸਾਬਕਾ ਪ੍ਰਧਾਨ ਨਵਜੋਤ ਸਿੰਘ ਸਿੱਧੂ ਦੀ ਰਿਹਾਈ ਦੀ ਚਰਚਾ ਜੋਰ ਫੜ ਗਈ ਹੈ। ਸਾਇਦ ਇਹੀ ਕਾਰਨ ਹੈ ਕਿ ਸਿੱਧੂ ਨੂੰ ਮਿਲਣ ਦਾ ਸਿਲਸਿਲਾ ਵੀ ਤੇਜ ਹੋ ਗਿਆ ਹੈ। ਜਾਣਕਾਰੀ ਮੁਤਾਬਕ ਕਾਂਗਰਸ 'ਚੋਂ ਕੱਢੇ ਗਏ ਸਾਬਕਾ ਵਿਧਾਇਕ ਸੁਰਜੀਤ ਧੀਮਾਨ ਵੀਰਵਾਰ ਨੂੰ ਨਵਜੋਤ ਸਿੰਘ ਸਿੱਧੂ ਨੂੰ ਮਿਲਣ ਪਹੁੰਚੇ। ਇਸ ਦੌਰਾਨ ਸੁਰਜੀਤ ਧੀਮਾਨ ਦੇ ਨਾਲ ਰਾਜਿੰਦਰ ਕੌਰ ਭੱਠਲ ਦਾ ਬੇਟਾ ਰਾਹੁਲ ਭੱਠਲ ਅਤੇ ਸਾਬਕਾ ਵਿਧਾਇਕ ਨੱਥੂ ਰਾਮ ਵੀ ਉਨ੍ਹਾਂ ਨੂੰ ਮਿਲਣ ਪਹੁੰਚੇ। ਉਨ੍ਹਾਂ ਨੇ ਕਰੀਬ ਅੱਧਾ ਘੰਟਾ ਜੇਲ੍ਹ ਵਿੱਚ ਸਿੱਧੂ ਨਾਲ ਮੁਲਾਕਾਤ ਕੀਤੀ। ਸਿੱਧੂ ਨਾਲ ਇਨ੍ਹਾਂ ਆਗੂਆਂ ਦੀ ਮੁਲਾਕਾਤ ਤੋਂ ਬਾਅਦ ਇਹ ਚਰਚਾ ਹੋਰ ਤੇਜ ਹੋ ਗਈ ਹੈ ਕਿ ਜਿਹੜੇ ਕਾਂਗਰਸੀ ਆਗੂ ਪਿਛਲੇ ਸਮੇਂ 'ਚ ਪਾਰਟੀ 'ਚੋਂ ਬਾਹਰ ਹੋ ਗਏ ਸਨ, ਉਹ ਹੁਣ ਆਪਣੀ ਬੇੜੀ ਨੂੰ ਕਿਨਾਰੇ ਲਾਉਣ ਲਈ ਸਿੱਧੂ ਵੱਲ ਦੇਖ ਰਹੇ ਹਨ।

ਜਿਕਰਯੋਗ ਹੈ ਕਿ ਰੋਡ ਰੇਜ ਦੇ ਇੱਕ ਮਾਮਲੇ ਵਿੱਚ ਨਵਜੋਤ ਸਿੰਘ ਸਿੱਧੂ ਇੱਥੋਂ ਦੀ ਕੇਂਦਰੀ ਜੇਲ੍ਹ ਵਿੱਚ ਇੱਕ ਸਾਲ ਦੀ ਸਜਾ ਕੱਟ ਰਹੇ ਹਨ। ਹੁਣ ਚਰਚਾ ਹੈ ਕਿ ਜੇਲ 'ਚ ਉਨ੍ਹਾਂ ਦੇ ਚੰਗੇ ਵਤੀਰੇ ਕਾਰਨ ਸਿੱਧੂ ਦੀ ਰਿਹਾਈ 26 ਜਨਵਰੀ ਨੂੰ ਤੈਅ ਹੈ। ਦਰਅਸਲ ਸਿੱਧੂ ਨੂੰ ਇਹ ਸਜਾ 20 ਮਈ ਨੂੰ ਦਿੱਤੀ ਗਈ ਸੀ। ਅਜਿਹੇ 'ਚ ਸਿੱਧੂ ਦੇ ਤੈਅ ਸਮੇਂ ਤੋਂ ਕਰੀਬ ਚਾਰ ਮਹੀਨੇ ਪਹਿਲਾਂ ਹੀ ਜੇਲ 'ਚੋਂ ਰਿਹਾਅ ਹੋਣ ਦੀ ਸੰਭਾਵਨਾ ਜਤਾਈ ਜਾ ਰਹੀ ਹੈ। ਸਿੱਧੂ ਦੀ ਰਿਹਾਈ ਨੂੰ ਕਾਂਗਰਸ ਪਾਰਟੀ ਦੇ ਅੰਦਰੂਨੀ ਸਮੀਕਰਨਾਂ 'ਚ ਬਦਲਾਅ ਦੀ ਸੰਭਾਵਨਾ ਨਾਲ ਜੋੜਿਆ ਜਾ ਰਿਹਾ ਹੈ। ਪਿਛਲੇ ਦਿਨੀਂ ਪੰਜਾਬ ਕਾਂਗਰਸ ਦੇ ਕਈ ਆਗੂ ਕੇਂਦਰੀ ਜੇਲ੍ਹ ਵਿੱਚ ਸਿੱਧੂ ਨੂੰ ਮਿਲਣ ਲਈ ਆ ਚੁੱਕੇ ਹਨ। ਇਨ੍ਹਾਂ ਵਿਚ ਮਨੀਸ ਤਿਵਾੜੀ, ਮਨਪ੍ਰੀਤ ਬਾਦਲ ਅਤੇ ਪ੍ਰਤਾਪ ਸਿੰਘ ਬਾਜਵਾ ਦੇ ਨਾਂ ਪ੍ਰਮੁੱਖ ਤੌਰ 'ਤੇ ਸਾਮਲ ਹਨ, ਹਾਲਾਂਕਿ ਇਹ ਆਗੂ ਕਿਸੇ ਸਮੇਂ ਸਿੱਧੂ ਦਾ ਵਿਰੋਧ ਕਰਦੇ ਰਹੇ ਹਨ। ਇਸ ਦੇ ਨਾਲ ਹੀ ਪਾਰਟੀ ਮਾਹਿਰਾਂ ਦਾ ਇਹ ਵੀ ਕਹਿਣਾ ਹੈ ਕਿ ਇਨ੍ਹੀਂ ਦਿਨੀਂ ਸਿੱਧੂ ਨੂੰ ਮਿਲਣ ਵਾਲੇ ਪਾਰਟੀ ਦੇ ਜਿਆਦਾਤਰ ਆਗੂ ਉਹ ਹਨ, ਜਿਨ੍ਹਾਂ ਨੂੰ ਪਾਰਟੀ ਨੇ ਲਾਂਭੇ ਕਰ ਦਿੱਤਾ ਹੈ। ਸਿੱਧੂ ਦੀ ਵਾਪਸੀ ਤੋਂ ਬਾਅਦ ਉਕਤ ਆਗੂ ਵੀ ਉਨ੍ਹਾਂ ਦੀ ਪਾਰਟੀ 'ਚ ਵਾਪਸੀ ਦੀ ਉਡੀਕ ਕਰ ਰਹੇ ਹਨ।

## ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਦੇ ਲੰਗਰ ਹਾਲ ਦਾ ਹੋਵੇਗਾ ਨਵੀਨੀਕਰਨ



ਪਟਿਆਲਾ , (ਪੱਤਰ ਪ੍ਰੇਰਕ)-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਚਰਨਛੋਹ ਅਸਥਾਨ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਦੇ ਲੰਗਰ ਦਾ 2.50 ਕਰੋੜ ਰੁਪਏ ਦੀ ਲਾਗਤ ਨਾਲ ਨਵੀਨੀਕਰਨ ਕੀਤਾ ਜਾਵੇਗਾ। ਨਵੇਂ ਲੰਗਰ ਹਾਲ 'ਤੇ ਲੈਂਟਰ ਪਾਉਣ ਦੀ ਸ਼ੁਰੂਆਤ ਸਿੰਘ ਸਾਹਿਬ ਗਿਆਨੀ ਫੂਲਾ ਸਿੰਘ ਵਲੋਂ ਕੀਤੀ ਅਰਦਾਸ ਉਰਪੰਤ ਹੋਈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਇਹ ਕਾਰ ਸੇਵਾ ਬਾਬਾ ਅਮਰੀਕ ਸਿੰਘ ਕਾਰ ਸੇਵਾ ਵਾਲਿਆਂ ਨੂੰ ਸੌਂਪੀ ਗਈ ਹੈ, ਜਿਨ੍ਹਾਂ ਵਲੋਂ ਨਵੇਂ ਲੰਗਰ ਹਾਲ ਤਿਆਰ ਕਰਵਾਏ ਜਾ ਰਹੇ ਹਨ। ਲੰਗਰ ਹਾਲ ਦੇ ਕੀਤੇ ਜਾ ਰਹੇ ਨਵੀਨੀਕਰਨ ਬਾਰੇ ਜਾਣਕਾਰੀ ਦਿੰਦਿਆਂ ਬਾਬਾ ਇੰਦਰ ਸਿੰਘ ਕਾਰ ਸੇਵਾ ਵਾਲਿਆਂ ਨੇ ਦੱਸਿਆ ਕਿ ਇਸ ਲੰਗਰ ਹਾਲ 'ਤੇ 2.50 ਕਰੋੜ ਰੁਪਏ ਦੀ ਲਾਗਤ ਆਵੇਗੀ, ਜੋ ਤਿਆਰ ਕਰ ਕੇ ਜਲਦ ਹੀ ਸੰਗਤਾਂ ਨੂੰ ਸਮਰਪਿਤ ਕੀਤਾ ਜਾਵੇਗਾ। ਇਸ ਮੌਕੇ ਮੈਨੇਜਰ ਜਰਨੈਲ ਸਿੰਘ ਮੁਕਤਸਰੀ ਨੇ ਦੱਸਿਆ ਕਿ ਗੁਰਦੁਆਰਾ ਸਾਹਿਬ ਵਿਖੇ ਨਤਮਸਤਕ ਹੋਣ ਵਾਲੀ ਸੰਗਤਾਂ ਦੀ ਵਧਦੀ ਆਮਦ ਦੇ ਚੱਲਦਿਆਂ ਸੰਗਤਾਂ ਦੀ ਮੰਗ ਸੀ ਕਿ ਲੰਗਰ ਹਾਲ ਦਾ ਨਵੀਨੀਕਰਨ ਕੀਤਾ ਜਾਵੇ। ਇਸ ਮੰਗ ਨੂੰ ਪ੍ਰਵਾਨ ਕਰਦਿਆਂ ਸ਼੍ਰੋਮਣੀ ਕਮੇਟੀ ਵਲੋਂ ਬਾਬਾ ਅਮਰੀਕ ਸਿੰਘ ਕਾਰ ਸੇਵਾ ਵਾਲਿਆਂ ਨੂੰ ਜ਼ਿੰਮੇਵਾਰੀ ਦਿੱਤੀ ਗਈ ਹੈ। ਉਨ੍ਹਾਂ ਦੱਸਿਆ ਕਿ ਨਵਾਂ ਲੰਗਰ ਹਾਲ ਬਹੁ-ਮੰਜ਼ਿਲਾ ਹੋਵੇਗਾ, ਜਿਸ ਨੂੰ ਜਲਦ ਤਿਆਰ ਕਰਕੇ ਸੰਗਤਾਂ ਨੂੰ ਸਮਰਪਿਤ ਕੀਤਾ ਜਾਵੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਐਡੀਸ਼ਨਲ ਮੈਨੇਜਰ ਕਰਨੈਲ ਸਿੰਘ ਵਿਰਕ, ਹਰਵਿੰਦਰ ਸਿੰਘ ਕਾਹਲਵਾਂ, ਗੁਰਤੇਜ ਸਿੰਘ ਤੋਂ ਇਲਾਵਾ ਸਮੂਹ ਸਟਾਫ ਮੈਂਬਰ ਅਤੇ ਸੰਗਤਾਂ ਆਦਿ ਹਾਜ਼ਰ ਸਨ।

# ਬਲਾਕ ਕਾਂਗਰਸ ਪ੍ਰਧਾਨ ਸਣੇ 3 ਕੌਂਸਲਰਾਂ ਦੇ ਪਤੀਆਂ ਖ਼ਿਲਾਫ਼ ਮਾਮਲਾ ਦਰਜ, ਜੇਲ੍ਹ ਭੇਜੇ

ਸਮਾਣਾ , (ਪੱਤਰ ਪ੍ਰੇਰਕ)-ਸਥਾਨਕ ਨਗਰ ਕੌਂਸਲ ਪਾਰਕ ਵਿਚ ਰਾਤੋਂ ਰਾਤ ਬਣਾਏ ਗਏ ਬਿਜਲੀ ਸ਼ਿਕਾਇਤ ਕੇਂਦਰ ਦੇ ਸਰਕਾਰੀ ਕੰਮ ਵਿਚ ਵਿਘਨ ਪਾਉਣ ਤੇ ਉਸਾਰੀ ਕਰਵਾ ਰਹੇ ਪਾਵਰਕਾਮ ਦੇ ਜੇਈ ਅਤੇ ਹੋਰ ਮੁਲਾਜ਼ਮਾਂ ਸਮੇਤ ਮਜ਼ਦੂਰਾਂ ਨੂੰ ਧਮਕੀਆਂ ਦੇਣ ਦੇ ਦੋਸ਼ਾਂ ਤਹਿਤ ਸਮਾਣਾ ਪੁਲਿਸ ਨੇ ਬਲਾਕ ਕਾਂਗਰਸ ਦੇ ਪ੍ਰਧਾਨ ਮੰਗਤ ਮਵੀ, ਪਰਮਜੀਤ ਸਿੰਘ ਬੱਬੂ, ਜਸਵਿੰਦਰ ਸਿੰਘ ਬੱਬੂ ਤੇ ਕੁਲਵਿੰਦਰ ਸਿੰਘ (ਚਾਰੇ ਇਸਤਰੀ ਕੌਂਸਲਰਾਂ ਦੇ ਪਤੀ) ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਇਨ੍ਹਾਂ ਨੂੰ ਸਥਾਨਕ ਅਦਾਲਤ 'ਚ ਪੇਸ਼ ਕੀਤਾ ਪੁਲਿਸ ਨੇ ਅਦਾਲਤ ਵਿਚ ਇਕ ਦਿਨ ਦੇ ਰਿਮਾਂਡ ਦੀ ਮੰਗ ਕੀਤੀ ਪਰ ਉਨ੍ਹਾਂ ਦੇ ਵਕੀਲ ਸ਼ੈਲੇਂਦਰ ਗੋਇਲ ਤੇ ਸੰਦੀਪ ਜਿੰਦਲ ਵੱਲੋਂ ਪੇਸ਼ ਤੱਥਾਂ ਦੇ ਅਧਾਰ 'ਤੇ ਅਦਾਲਤ ਨੇ ਸਾਰਿਆਂ ਨੂੰ ਨਿਆਇਕ ਹਿਰਾਸਤ ਵਿਚ ਭੇਜ ਦਿੱਤਾ ਹੈ।ਇੱਥੇ ਦੱਸਣਾ ਬਣਦਾ ਹੈ ਕਿ ਜਿਸ ਜਗ੍ਹਾ 'ਤੇ ਪਾਵਰਕਾਮ ਨੇ ਰਾਤੋਂ ਰਾਤ ਇਸ ਸ਼ਿਕਾਇਤ ਕੇਂਦਰ ਦੀ ਉਸਾਰੀ ਕੀਤੀ ਹੈ, ਉਹ ਜਗ੍ਹਾ ਨਗਰ ਕੌਂਸਲ ਦੀ ਹੈ। ਨਗਰ ਕੌਂਸਲ ਦੇ ਪ੍ਰਧਾਨ ਅਸ਼ਵਨੀ ਗੁਪਤਾ ਤੇ ਕਾਰਜ ਸਾਧਕ ਅਧਿਕਾਰੀ ਬਰਜਿੰਦਰ ਸਿੰਘ ਨੇ ਇਹ ਜਗ੍ਹਾ ਪਾਵਰਕਾਮ ਨੂੰ ਦੇਣ ਸਬੰਧੀ ਕੋਈ ਮਤਾ ਨਹੀਂ ਪਾਇਆ। ਨਗਰ ਕੌਂਸਲ ਪ੍ਰਧਾਨ ਗੁਪਤਾ ਨੇ ਇਸ ਉਸਾਰੀ ਨੂੰ ਨਾਜਾਇਜ਼ ਉਸਾਰੀ ਦੇ ਨਾਲ-ਨਾਲ ਜਬਰੀ ਕਬਜ਼ਾ ਦੱਸਿਆ ਹੈ।




**ਜਲਦੀ ਦੇਵਾਂਗੇ ਧਰਨਾ : ਰਜਿੰਦਰ ਸਿੰਘ**

ਸਾਬਕਾ ਕਾਂਗਰਸੀ ਵਿਧਾਇਕ ਰਜਿੰਦਰ ਸਿੰਘ ਨੇ ਕਿਹਾ ਕਿ ਮਾਮਲਾ ਕਾਂਗਰਸ ਹਾਈ ਕਮਾਂਡ ਦੇ ਧਿਆਨ ਵਿਚ ਲਿਆ ਦਿੱਤਾ ਹੈ।ਇਨਸਾਫ਼ ਲਈ ਉਹ ਜਲਦੀ ਧਰਨਾ ਦੇਣਗੇ।

## ਖ਼ੁਦ 'ਤੇ ਪੈਟਰੋਲ ਛਿੜਕ ਕੇ ਖ਼ੁਦਕੁਸ਼ੀ ਕਰਨ ਦੇ ਮਾਮਲੇ 'ਚ, ਪੀੜਤ ਪਰਿਵਾਰ ਨੇ ਰੋਡ ਕੀਤਾ ਜਾਮ, ਕਾਰਵਾਈ ਦੀ ਕੀਤੀ ਮੰਗ



ਪਟਿਆਲਾ , (ਪੱਤਰ ਪ੍ਰੇਰਕ)- ਪਟਿਆਲਾ ਰਾਜਪੁਰਾ ਰੋਡ ਸਥਿਤ ਪੁਰਾਣੀ ਚੁੰਗੀ 'ਤੇ ਗੁਰਮੁੱਖ ਧਾਲੀਵਾਲ ਵਲੋਂ ਖੁੱਦ 'ਤੇ ਪੈਟਰੋਲ ਛਿੜਕ ਕੇ ਖੁਦਕੁਸ਼ੀ ਦੇ ਮਾਮਲੇ ਚ ਕਾਰਵਾਈ ਲਈ ਭੜਕੇ ਪਰਿਵਾਰ ਤੇ ਸਮਰਥਕਾਂ ਨੇ ਰੋਡ ਜਾਮ ਕਰਕੇ ਧਰਨਾ ਲੱਗਾ ਲਿਆ ਹੈ।ਪਰਿਵਾਰ ਦੀ ਮੰਗ ਹੈ ਕਿ ਇੰਸਪੈਕਟਰ ਜੀਐਸ ਸਿਕੰਦ ਦੇ ਖਿਲਾਫ ਪਰਚਾ ਦਰਜ ਕਰਨ ਦੀ ਮੰਗ ਕੀਤੀ ਜਾ ਰਹੀ ਹੈ।ਲੰਘੇ ਦਿਨੀਂ ਪਰਿਵਾਰ ਨੂੰ ਪੁਲਿਸ ਪ੍ਰਸ਼ਾਸਨ ਨੇ ਭਰੋਸਾ ਦਿੱਤਾ ਸੀ ਕਿ ਪੋਸਟਮਾਰਟਮ ਤੋਂ ਬਾਅਦ ਕਾਰਵਾਈ ਕੀਤੀ ਜਾਵੇਗੀ ਪਰ ਹਾਲੇ ਤੱਕ ਕਾਰਵਾਈ ਨਾ ਕੀਤੇ ਜਾਣ ਦੇ ਰੋਸ ਵਜੋਂ ਇਹ ਧਰਨਾ ਲਗਾਇਆ ਗਿਆ ਹੈ। ਧਰਨਾਕਾਰੀਆ ਵਲੋਂ ਆਉਣ ਜਾਣ ਦੇ ਦੋਵੇਂ ਰਸਤੇ ਬੰਦ ਕਰ ਦਿੱਤੇ ਗਏ ਹਨ। ਧਰਨਾਕਾਰੀਆ ਨੂੰ ਕਾਬੂ ਕਰਨ ਵਾਸਤੇ ਪੁਲਿਸ ਨੂੰ ਵੀ ਤਾਇਨਾਤ ਕਰ ਦਿੱਤਾ ਗਿਆ ਹੈ।

# ਦੋ ਕਰੋੜ ਦੀ ਫਿਰੌਤੀ ਮੰਗਣ ਵਾਲੇ ਆਏ ਪੁਲਿਸ ਅੜਿੱਕੇ

ਖਰੜ , (ਪੱਤਰ ਪ੍ਰੇਰਕ)- ਥਾਣਾ ਸਿਟੀ ਪੁਲਿਸ ਖਰੜ ਵੱਲੋਂ ਪ੍ਰਾਪਰਟੀ ਦਾ ਕਾਰੋਬਾਰ ਕਰਨ ਵਾਲੇ ਪ੍ਰਾਪਰਟੀ ਬਿਲਡਰ ਤੋਂ ਦੋ ਕਰੋੜ ਰੁਪਏ ਦੀ ਫਿਰੌਤੀ ਮੰਗਣ ਦੇ ਕਥਿਤ ਮਾਮਲੇ 'ਚ ਛੇ ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਨੂੰ ਅੱਜ ਖਰੜ ਦੀ ਅਦਾਲਤ 'ਚ ਪੇਸ਼ ਕੀਤਾ ਗਿਆ ਜਿੱਥੇ ਮਾਨਯੋਗ ਅਦਾਲਤ ਨੇ ਤਿੰਨ ਦਿਨਾਂ ਦੇ ਰਿਮਾਂਡ 'ਤੇ ਭੇਜ ਦਿੱਤਾ ਪੁਲਿਸ ਥਾਣਾ ਸਿਟੀ ਖਰੜ ਦੇ ਐੱਸਐੱਚਓ ਹਰਜਿੰਦਰ ਸਿੰਘ ਨੇ ਦੱਸਿਆ ਕਿ ਨੀਤਿਨ ਨਾਗਪਾਲ ਨੇ ਮਿਤੀ 27 ਦਸੰਬਰ 2022 ਨੂੰ ਪੁਲਿਸ ਕੋਲ ਲਿਖਤੀ ਰਿਪੋਰਟ ਦਰਜ ਕਰਵਾਈ ਕਿ ਉਹ ਸੁਖਮਨੀ ਇਨਕਲੇਵ ਛੱਜੂਮਾਜਰਾ ਵਿਖੇ ਪ੍ਰਾਜੈਕਟ ਬਣਾ ਰਿਹਾ ਤੇ ਉਹ ਆਪਣੇ ਪ੍ਰਾਜੈਕਟ 'ਤੇ ਹਾਜ਼ਰ ਸੀ ਤਾਂ ਇੱਕ ਕਾਲੇ ਰੰਗ ਦੀ ਮਾਰਸੀਡੀਜ਼ ਕਾਰ ਬਿਨਾਂ ਨੰਬਰ 'ਚੋਂ 6 ਨਾਮਾਲੂਮ ਵਿਅਕਤੀ ਬਾਹਰ ਨਿਕਲੇ ਕੇ ਉਸ ਕੋਲ ਆਏ ਤੇ ਜਿਨ੍ਹਾਂ ਨੇ ਕਿਹਾ ਕਿ ਤੇਰਾ ਨਾਂ ਨੀਤਿਨ ਨਾਗਪਾਲ ਹੈ ਤੂੰ ਦਿੱਲੀ ਤੋਂ ਆਇਆ ਹੈ।ਤੈਨੂੰ ਪੰਜਾਬ 'ਚ ਰੂਲਰੈਗੂਲੇਸ਼ਨ ਨਹੀ ਪਤਾ। ਜੇਕਰ ਤੂੰ ਪੰਜਾਬ 'ਚ ਕੰਮ ਕਰਨਾ ਹੈ ਤਾਂ ਤੈਨੂੰ 2 ਕਰੋੜ ਰੁਪਏ ਦੀ ਫਿਰੌਤੀ ਦੇਣੀ ਪਵੇਗੀ। ਇਸ ਸਬੰਧੀ ਥਾਣਾ ਮੁਖੀ ਨੇ ਅੱਗੇ ਦਸਿਆ ਕਿ ਇਸ ਤੋਂ ਪਹਿਲਾਂ ਵੀ 12 ਦਸੰਬਰ ਨੂੰ ਜਦੋਂ ਸਿਕਾਇਤਕਰਤਾ ਦਾ ਪਾਰਟਨਰ ਨਵੀਨ ਕੁਮਾਰ ਦਫ਼ਤਰ ਸੁਖਮਨੀ ਇਨਕਲੇਵ 'ਚ ਆਇਆ ਤਾਂ ਉੱਥੇ ਪਹਿਲਾਂ ਹੀ ਦਫਤਰ 'ਚ 6 ਨਾਮਾਲੂਮ ਵਿਅਕਤੀ ਬੈਠੇ ਸਨ। ਜਦੋਂ ਉਸ ਨੇ ਪੁੱਛਿਆ ਤਾਂ ਉਨ੍ਹਾਂ 'ਚੋਂ ਇੱਕ ਨੇ ਆਪਣਾ ਨਾਂ ਗੋਲਾ ਰਾਏ ਕੋਟੀਆਂ ਦੱਸਿਆ ਤੇ ਕਿਹਾ ਕਿ ਨੀਤਿਨ ਨਾਗਪਾਲ ਕਿੱਥੇ ਹਨ। ਅਸੀ ਉਸ ਕੋਲੋ ਦੋ ਕਰੋੜ ਦੀ ਫਿਰੌਤੀ ਮੰਗੀ ਸੀ। ਜਿਸ 'ਤੇ ਪੁਲਿਸ ਨੇ ਕਾਰਵਾਈ ਕਰਦੇ ਹੋਏ ਗੋਲਾ ਰਾਏ ਕੋਟੀਆਂ ਤੇ 5 ਹੋਰ ਨਾਮਾਲੂਮ ਵਿਅਕਤੀਆਂ ਖ਼ਿਲਾਫ ਆਰਮਜ਼ ਐਕਟ ਸਮੇਤ ਵੱਖ-ਵੱਖ ਥਰਾਵਾਂ ਤਹਿਤ ਮਾਮਲਾ ਦਰਜ ਕਰਕੇ ਗੋਲਾ ਰਾਏ ਕੋਟੀਆਂ ਨੂੰ ਗ੍ਰਿਫ਼ਤਾਰ ਕਰ ਲਿਆ। ਥਾਣਾ ਮੁੱਖੀ ਨੇ ਦੱਸਿਆ ਕਿ ਪੁੱਛ-ਗਿੱਛ ਦੌਰਾਨ ਪਤਾ ਲੱਗਾ ਕਿ ਉਸ ਦਾ ਅਸਲ ਨਾਂ ਕੁਲਜਿੰਦਰ ਸਿੰਘ ਉਰਫ ਗੋਲਾ ਰਾਏ ਕੋਟੀਆਂ ਹੈ ਤੇ ਉਸ ਤੋਂ ਬਾਅਦ ਪੁਲਿਸ ਵੱਲੋਂ ਇਸ ਦੀ ਸ਼ਨਾਖਤ ਤੇ ਬਾਕੀ ਕਥਿਤ ਮੁਲਜ਼ਮ ਜਸਵਿੰਦਰ ਸਿੰਘ ਉਰਫ ਜੱਸ ਉਰਫ ਛੋਟਾ ਗੋਲਾ, ਹਰਵਿੰਦਰ ਸਿੰਘ ਉਰਫ ਪਿੰਦਰੀ, ਗੌਤਮ ਉਰਫ ਲੱਲਾ, ਅੰਮ੍ਰਿ ਸਿੰਘ, ਮਾਨਵ ਕਰਵਲ ਉਰਫ ਮਨੀ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਮੁਲਜ਼ਮਾਂ ਕੋਲੋਂ ਪੁੱਛਗਿੱਛ ਕੀਤੀ ਜਾ ਰਹੀ ਹੈ ਤੇ ਹੋਰ ਵੀ ਲੁੱਟ ਖੋਹ/ਫਿਰੌਤੀ ਦੇ ਮਾਮਲੇ ਸਾਹਮਣੇ ਆ ਸਕਦੇ ਹਨ। ਕਥਿਤ ਮੁਲਜ਼ਮ ਗੋਲਾ ਰਾਏ ਕੋਟੀਆਂ ਨੇ ਛਾਤੀ 'ਚ ਦਰਦ ਹੋਣ ਸਬੰਧੀ ਦੱਸਿਆ ਤਾਂ ਉਸ ਨੂੰ ਇਲਾਜ ਲਈ ਸਿਵਲ ਹਸਪਤਾਲ ਖਰੜ ਵਿਖੇ ਲਿਜਾਇਆ ਗਿਆ।



## ਜ਼ੀਰਕਪੁਰ ਦਾ ਡੀਐੱਸਪੀ, ਰੀਡਰ ਤੇ ਦੋ ਹੋਰ 50 ਲੱਖ ਦੇ ਰਿਸ਼ਵਤ ਮਾਮਲੇ 'ਚ ਗ੍ਰਿਫ਼ਤਾਰ

ਚੰਡੀਗੜ੍ਹ , (ਸੁਰਿੰਦਰ ਸਿੰਘ)-ਕਰੀਬ ਦੋ ਸਾਲ ਪੁਰਾਣੇ 50 ਲੱਖ ਦੇ ਰਿਸ਼ਵਤ ਮਾਮਲੇ 'ਚ ਸੀਬੀਆਈ ਨੇ ਡੀਐੱਸਪੀ ਸਮੇਤ ਚਾਰ ਜਣਿਆਂ ਨੂੰ ਗ੍ਰਿਫ਼ਤਾਰ ਕੀਤਾ ਹੈ। ਇਨ੍ਹਾਂ 'ਚ ਪੰਜਾਬ ਪੁਲਿਸ ਦੇ ਡੀਐੱਸਪੀ ਅਮਰੋਜ ਸਿੰਘ, ਉਨ੍ਹਾਂ ਦੇ ਰੀਡਰ ਅਮਨਦੀਪ , ਦੋ ਪ੍ਰਾਈਵੇਟ ਵਿਅਕਤੀ, ਜਿਨ੍ਹਾਂ 'ਚ ਇਕ ਪ੍ਰਦੀਪ ਤੇ ਇਕ ਹੋਰ ਸ਼ਾਮਲ ਹਨ। ਇਨ੍ਹਾਂ ਚਾਰਾਂ ਨੂੰ ਵੀਰਵਾਰ ਨੂੰ ਸੀਬੀਆਈ ਨੇ ਵਿਅਕਤੀਆਂ ਨੂੰ 10 ਲੱਖ ਰੁਪਏ ਦੀ ਰਿਸ਼ਵਤ ਲੈਂਦੇ ਰੰਗੇ ਹੱਥੀਂ ਫੜਿਆ। ਮੁਲਜ਼ਮਾਂ ਦੀ ਪਛਾਣ ਪਟਿਆਲਾ ਚੌਕ ਨਰਵਾਣਾ ਰੋਡ ਜੀਂਦ ਦੇ ਰਹਿਣ ਵਾਲੇ ਅਨਿਲ ਮੋਰ ਤੇ ਕੈਥਲ ਅਰਜੁਨ ਨਗਰ ਚੀਕਾ ਰੋਡ ਵਾਸੀ ਦਿਲਬਾਗ ਸਿੰਘ ਵਜੋਂ ਹੋਈ। ਸੀਬੀਆਈ ਦੀ ਟੀਮ ਨੇ ਦੋਵਾਂ ਮੁਲਜ਼ਮਾਂ ਨੂੰ ਪੁਲਿਸ ਰਿਮਾਂਡ 'ਤੇ ਲਿਆ ਹੈ। ਉਸ ਜ਼ਿਲ੍ਹਾ ਕੋਰਟ ਚੰਡੀਗੜ੍ਹ 'ਚ ਪੇਸ਼ ਕਰ ਕੇ ਦੋਵਾਂ ਪ੍ਰਾਈਵੇਟ ਵਿਅਕਤੀਆਂ ਨੂੰ ਨਿਆਂਇਕ ਹਿਰਾਸਤ 'ਚ ਭੇਜ ਦਿੱਤਾ ਜਦਕਿ ਡੀਐੱਸਪੀ ਅਮਰੋਜ ਸਿੰਘ ਤੇ ਰੀਡਰ ਅਮਨ ਨੂੰ ਤਿੰਨ ਦਿਨਾਂ ਦੇ ਪੁਲਿਸ ਰਿਮਾਂਡ 'ਤੇ ਲਿਆ ਗਿਆ ਹੈ। ਇਹ ਮਾਮਲਾ ਉਸ ਸਮੇਂ ਖੁੱਲ੍ਹਿਆ ਸੀ ਜਦੋਂ ਡੀਐੱਸਪੀ ਅਮਰੋਜ ਜ਼ੀਰਕਪੁਰ 'ਚ ਡੀਐੱਸਪੀ ਸਨ ਤੇ ਅਮਨਦੀਪ ਉਨ੍ਹਾਂ ਦਾ ਰੀਡਰ ਹੁੰਦਾ ਸੀ। ਉਦੋਂ ਸੀਬੀਆਈ ਨੇ ਅੰਬਾਲਾ ਸਥਿਤ ਐੱਮਐੱਸ ਫੋਂਟੈਸੀ ਗੇਮਿੰਗ ਟੈਕਨਾਲੋਜੀ (ਓਪੀਸੀ) ਪ੍ਰਾਈਵੇਟ ਲਿਮਟਿਡ ਦੇ ਡਾਇਰੈਕਟਰ ਮੋਹਿਤ ਸ਼ਰਮਾ ਦੀ ਸ਼ਿਕਾਇਤ 'ਤੇ ਦੋ ਪ੍ਰਾਈਵੇਟ ਸਮੇਂ ਸੀਬੀਆਈ ਦੇ ਸੀਨੀਅਰ ਸਰਕਾਰੀ ਵਕੀਲ ਪੀਕੇ ਡੋਗਰਾ ਨੇ ਅਦਾਲਤ 'ਚ ਬਹਿਸ ਦੌਰਾਨ ਕਿਹਾ ਕਿ ਮਾਮਲੇ 'ਚ ਪੰਜਾਬ ਪੁਲਿਸ ਦੇ ਡੀਐੱਸਪੀ ਜ਼ੀਰਕਪੁਰ ਅਮਰੋਜ ਸਿੰਘ ਤੇ ਉਨ੍ਹਾਂ ਦੇ ਰੀਡਰ ਦੇ ਨਾਂ ਦਾ ਜ਼ਿਕਰ ਵੀ ਹੈ, ਇਸ ਲਈ ਰਿਮਾਂਡ ਦੀ ਜ਼ਰੂਰਤ ਹੈ। ਇਸ ਤੋਂ ਬਾਅਦ ਦੋਵਾਂ ਦਾ ਸੀਬੀਆਈ ਅਦਾਲਤ ਨੇ ਰਿਮਾਂਡ ਦਿੱਤਾ ਸੀ।ਸੀਬੀਆਈ ਨੂੰ ਮੋਹਿਤ ਸ਼ਰਮਾ ਤੋਂ ਸ਼ਿਕਾਇਤ ਮਿਲੀ ਸੀ, ਜਿਸ ਵਿਚ ਉਨ੍ਹਾਂ ਲਿਖਿਆ ਸੀ ਕਿ ਅਨਿਲ ਮੋਰ ਤੇ ਸਾਥੀਆਂ ਵੱਲੋਂ ਉਸ ਤੋਂ 50 ਲੱਖ ਨਕਦੀ ਤੇ ਕੰਪਨੀ 'ਚ 33 ਫ਼ੀਸਦੀ ਸ਼ੇਅਰ ਦੀ ਡਿਮਾਂਡ ਕੀਤੀ ਜਾ ਰਹੀ ਸੀ।



## ਲੋੜਵੰਦਾਂ ਦੀਆਂ ਅੱਖਾਂ ਦੇ ਆਪ੍ਰੇਸ਼ਨ ਕਰਵਾਏ




ਪਟਿਆਲਾ , (ਪੱਤਰ ਪ੍ਰੇਰਕ)- ਡੈਡੀਕੇਟਿਡ ਬ੍ਰਦਰਜ਼ ਗਰੁੱਪ (ਡੀਬੀਜੀ) ਪੰਜਾਬ ਪਟਿਆਲਾ ਦੇ ਸੰਸਥਾਪਕ ਤੇ ਆਜੀਵਨ ਪ੍ਰਧਾਨ ਡਾ. ਰਾਕੇਸ਼ ਵਰਮੀ ਦੀ ਸਰਪ੍ਰਸਤੀ ਹੇਠ ਤਾਜ ਮੁਹੰਮਦ ਦੀ ਅਗਵਾਈ ਹੇਠ ਰਮੇਸ਼ ਸਭਰਵਾਲ ਦੀ ਬਰਸੀ ਮੌਕੇ ਮੋਤੀਆਬਿੰਦ ਦੇ 11 ਰੋਗੀਆਂ ਦੀਆਂ ਅੱਖਾਂ 'ਚ ਲੈਂਜ ਪਾ ਕੇ ਆਪ੍ਰੇਸ਼ਨ ਕੀਤੇ ਗਏ। ਓਮਾ ਸਭਰਵਾਲ ਨੇ ਆਪਣੇ ਪਤੀ ਰਮੇਸ਼ ਸਭਰਵਾਲ ਦੀ ਯਾਦ 'ਚ ਲੋੜਵੰਦ ਰੋਗੀਆਂ ਦੀਆਂ ਅੱਖਾਂ ਦੇ ਆਪ੍ਰੇਸ਼ਨ ਕਰਵਾ ਕੇ ਬਹੁਤ ਪੁੰਨ ਦਾ ਨੇਕ ਕੰਮ ਕੀਤਾ। ਤਾਜ ਮੁਹੰਮਦ ਨੇ ਕਿਹਾ ਵੱਖ-ਵੱਖ ਪਿੰਡਾਂ ਦੇ ਲੋੜਵੰਦ ਲੋਕ ਅੱਖਾਂ ਦੇ ਮੁਫਤ ਆਪ੍ਰੇਸ਼ਨ ਕਰਵਾਉਣ ਲਈ ਡੀਬੀਜੀ ਕੋਲ ਆਉਂਦੇ ਹਨ ਜਿਨ੍ਹਾਂ ਦੇ ਸਫਲ ਆਪ੍ਰੇਸ਼ਨ ਹਸਪਤਾਲ 'ਚ ਕਰਵਾ ਕੇ ਉਨ੍ਹਾਂ ਨੂੰ ਮੁਫਤ ਦਵਾਈਆਂ ਤੇ ਕਾਲੀਆਂ ਐਨਕਾਂ ਵੀ ਦਿੱਤੀਆਂ ਜਾਂਦੀਆਂ ਹਨ। ਡਾ. ਰਾਕੇਸ਼ ਵਰਮੀ ਨੇ ਦੱਸਿਆ ਕਿ ਡੀਬੀਜੀ ਦੀ ਸਮਰਪਿਤ ਟੀਮ ਰੋਗੀਆਂ ਨੂੰ ਪਿੰਡਾਂ ਤੋਂ ਲੈ ਕੇ ਆਉਂਦੀ ਹੈ ਅਤੇ ਆਪ੍ਰੇਸ਼ਨ ਕਰਵਾ ਕੇ ਰੋਗੀਆਂ ਦੇ ਪਿੰਡਾਂ 'ਚ ਛੱਡ ਕੇ ਵੀ ਆਉਂਦੀ ਹੈ। ਇਸ ਮੌਕੇ ਬਲਜਿੰਦਰ ਸਿੰਘ, ਚਮਨ ਲਾਲ ਦੱਤ, ਫਕੀਰ ਚੰਦ ਮਿੱਤਲ ਤੇ ਤਾਜ ਮੁਹੰਮਦ ਆਦਿ ਹਾਜ਼ਰ ਸਨ।

# ਵਿਧਾਇਕ ਨੇ ਬਿਨਾਂ ਜ਼ਰੂਰਤ ਤੋਂ ਲੱਗੇ ਬਿਜਲੀ ਦੇ ਖੰਭਿਆਂ ਨੂੰ ਹਟਾਉਣ ਲਈ ਪਾਵਰਕੌਮ ਵਿਭਾਗ ਨੂੰ ਲਿਖਿਆ ਪੱਤਰ

ਡੇਰਾਬੱਸੀ , (ਪੱਤਰ ਪ੍ਰੇਰਕ)-ਡੇਰਾਬੱਸੀ ਬਰਵਾਲਾ ਮਾਰਗ ਤੇ ਸੜਕ ਦੇ ਆਸੇ-ਪਾਸੇ ਕਿਨਾਰਿਆਂ 'ਤੇ ਸੈਂਕੜਿਆਂ ਦੀ ਗਿਣਤੀ 'ਚ ਲਾਏ ਬਿਜਲੀ ਦੇ ਖੰਭਿਆਂ ਵਿਰੁੱਧ ਗੰਭੀਰ ਨੋਟਿਸ ਲੈਂਦਿਆਂ ਹਲਕਾ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਪਾਵਰਕਾਮ ਵਿਭਾਗ ਦੇ ਅਧਿਕਾਰੀਆਂ ਤੇ ਠੇਕੇਦਾਰ ਨੂੰ ਸਖ਼ਤ ਹਦਾਇਤਾਂ ਜਾਰੀ ਕੀਤੀਆਂ ਹਨ । ਇਸ ਤੋਂ ਇਲਾਵਾ ਉਨ੍ਹਾਂ ਬਿਜਲੀ ਵਿਭਾਗ ਨੂੰ ਪੱਤਰ ਲਿਖ ਕੇ ਬਿਨਾਂ ਵਿਉਂਤਬੰਦੀ ਤੇ ਬਿਨਾਂ ਜ਼ਰੂਰਤ ਤੋਂ ਸੂਬੇ ਭਰ 'ਚ ਲਾਏ ਜਾ ਰਹੇ ਖੰਡਿਆਂ 'ਤੇ ਪਾਬੰਦੀ ਲਗਾਉਣ ਲਈ ਸੁਝਾਅ ਭੇਜੇ ਹਨ। ਵਿਧਾਇਕ ਰੰਧਾਵਾ ਨੇ ਕਿਹਾ ਕਿ ਨਿੱਜੀ ਸਨਅਤਾਂ ਤੇ ਸੁਸਾਇਟੀਆ ਲਈ ਪਾਈਆਂ ਵੱਖੋ ਵੱਖਰੀਆਂ ਲਾਈਨਾਂ ਲਈ ਖੜ੍ਹੇ ਕੀਤੇ ਖੰਭਿਆਂ ਕਾਰਨ ਜਿੱਥੇ ਸਰਕਾਰੀ ਜਗ੍ਹਾ ਦੀ ਦੁਰਵਰਤੋਂ ਕੀਤੀ ਜਾਂਦੀ ਹੈ, ਉੱਥੇ ਹੀ ਇਹ ਖੰਭੇ ਰਾਹਗੀਰਾਂ ਲਈ ਹਾਦਸਿਆਂ ਦਾ ਕਾਰਨ ਬਣਦੇ ਹਨ। ਪਾਵਰਕਾਮ ਵਿਭਾਗ ਨੂੰ ਲਿਖੇ ਪੱਤਰ 'ਚ ਉਨ੍ਹਾਂ ਕਿਹਾ ਕਿ ਅਧਿਕਾਰੀਆਂ ਤੇ ਠੇਕੇਦਾਰਾਂ ਨੂੰ ਆਦੇਸ਼ ਜਾਰੀ ਕੀਤੇ ਜਾਣ ਕਿ ਵੱਖ-ਵੱਖ ਫਾਰਮਾਂ ਤੇ ਸੁਸਾਇਟੀਆਂ ਲਈ ਪਾਈਆਂ ਕੇਬਲਾਂ ਨੂੰ ਇਕ ਖੰਭੇ 'ਤੇ ਸ਼ਿਫਟ ਕਰ ਕੇ ਖ਼ਾਲੀ ਬਚਦੇ ਖੰਭਿਆਂ ਨੂੰ ਸਰਕਾਰੀ ਪ੍ਰਾਪਰਟੀ ਦੇ ਤੌਰ 'ਤੇ ਜਮ੍ਹਾਂ ਕੀਤਾ ਜਾਵੇ। ਇਸ ਨਾਲ ਜਿੱਥੇ ਖੰਭਿਆਂ ਦੀ ਗਿਣਤੀ 'ਚ ਕਮੀ ਆਵੇਗੀ, ਉੱਥੇ ਹੀ ਅਗਲੇ ਕਈ ਸਾਲਾਂ ਤੱਕ ਬਿਜਲੀ ਵਿਭਾਗ ਨੂੰ ਨਵੇਂ ਖੰਭੇ ਖਰੀਦਣ ਦੀ ਜ਼ਰੂਰਤ ਨਹੀਂ ਪਵੇਗੀ, ਜਿਸ ਨਾਲ ਕਰੋੜਾਂ ਰੁਪਏ ਦਾ ਬੱਚਤ ਹੋਵੇਗੀ। ਇਸ ਤੋਂ ਇਲਾਵਾ ਵਿਧਾਇਕ ਕੁਲਜੀਤ ਰੰਧਾਵਾ ਨੇ ਡੇਰਾਬੱਸੀ ਹਲਕੇ ਦੇ ਪਾਵਰਕੌਮ ਅਧਿਕਾਰੀਆਂ ਤੇ ਠੇਕੇਦਾਰਾਂ ਨੂੰ ਬਿਨਾਂ ਜ਼ਰੂਰਤ ਨਵੇਂ ਖੰਭੇ ਖੜ੍ਹੇ ਕਰਨ ਤੋਂ ਗੁਰੇਜ਼ ਕਰਨ ਦੀ ਸਲਾਹ ਦਿੱਤੀ ਹੈ ਤੇ ਨਵੀਂ ਪਾਈਆਂ ਜਾਣ ਵਾਲੀਆਂ ਤਾਰਾਂ ਨੂੰ ਪੁਰਾਣੇ ਖੰਭਿਆਂ 'ਤੇ ਹੀ ਲਿਜਾਣ ਦੀ ਹਦਾਇਤ ਜਾਰੀ ਕੀਤੀ ਹੈ।



## ਧਰਮ ਦੀ ਰੱਖਿਆ ਲਈ ਸਾਹਿਬਜਾਦਿਆਂ ਦੀ ਸਹਾਦਤ ਸਿੱਖ ਕੌਮ ਲਈ ਪ੍ਰੇਰਨਾ ਸਰੋਤ-ਭੁੱਟਾ

ਫਤਹਿਗੜ੍ਹ ਸਾਹਿਬ, (ਪੱਤਰ ਪ੍ਰੇਰਕ)- ਫਤਹਿਗੜ੍ਹ ਸਾਹਿਬ ਦੀ ਧਰਤੀ 'ਤੇ ਹੱਕ, ਸੱਚ, ਇਨਸਾਫ ਤੇ ਧਰਮ ਦੀ ਰੱਖਿਆ ਲਈ ਸਾਹਿਬਜਾਦਿਆਂ ਦੀ ਲਾਸਾਨੀ ਸਹਾਦਤ 'ਤੇ ਡੁੱਲ੍ਹਿਆ ਪਵਿੱਤਰ ਖੂਨ ਸਿੱਖ ਕੌਮ ਲਈ ਪ੍ਰੇਰਨਾ ਸਰੋਤ ਹੈ . ਇਹ ਪ੍ਰਗਟਾਵਾ ਜਿਲ੍ਹਾ ਪ੍ਰੀਸਦ ਫਤਹਿਗੜ੍ਹ ਸਾਹਿਬ ਦੇ ਸਾਬਕਾ ਚੇਅਰਮੈਨ ਬਲਜੀਤ ਸਿੰਘ ਭੁੱਟਾ ਅਤੇ ਦਰਬਾਰਾ ਸਿੰਘ ਰੰਧਾਵਾ ਨੇ ਅੱਜ ਛੋਟੇ ਸਾਹਿਬਜਾਦੇ ਬਾਬਾ ਜੋਰਾਵਰ ਸਿੰਘ ਜੀ, ਬਾਬਾ ਫਤਹਿ ਸਿੰਘ ਜੀ ਅਤੇ ਮਾਤਾ ਗੁਜਰੀ ਜੀ ਦੀ ਲਾਸਾਨੀ ਸਹਾਦਤ ਦੀ ਯਾਦ 'ਚ ਸਜਾਏ ਨਗਰ ਕੀਰਤਨ 'ਚ ਸਮੂਲੀਅਤ ਕਰਨ ਮੌਕੇ ਕੀਤਾ . ਇਸ ਮੌਕੇ 'ਤੇ ਦਰਬਾਰਾ ਸਿੰਘ ਰੰਧਾਵਾ, ਮਾ. ਨਰਿੰਦਰ ਸਿੰਘ ਮਕਾਰੋਂਪੁਰ, ਹਰਦੇਵ ਸਿੰਘ, ਗੁਲਜਾਰ ਸਿੰਘ ਰਜਿੰਦਰਗੜ੍ਹ ਅਤੇ ਜਸਵੰਤ ਸਿੰਘ ਛਲੇੜੀ ਵੀ ਹਾਜਰ ਸਨ .

# ਰਾਸ਼ਟਰ ਪੱਧਰੀ ਆਨਲਾਈਨ ਪੋਸਟਰ ਮੇਕਿੰਗ ਮੁਕਾਬਲੇ ਕਰਵਾਏ

ਯਮੁਨਾਨਗਰ, (ਪੱਤਰ ਪ੍ਰੇਰਕ)-ਸਥਾਨਕ ਗੁਰੂ ਨਾਨਕ ਖਾਲਸਾ ਕਾਲਜ ਦੇ ਉਦਯੋਗਿਕ ਮਾਈਕ੍ਰੋਬਾਇਓਲੋਜੀ, ਭੂਗੋਲ ਤੇ ਆਈ. ਪੀ. ਆਰ. ਸੈੱਲ ਵਲੋਂ ਮਾਈਕ੍ਰੋ ਬਾਇਓਲੋਜਿਸਟਸ ਸੁਸਾਇਟੀ ਇੰਡੀਆ ਦੇ ਸਹਿਯੋਗ ਨਾਲ 'ਬੌਧਿਕ ਸੰਪਤੀ ਦੇ ਅਧਿਕਾਰਾਂ' ਵਿਸੇ 'ਤੇ ਆਨਲਾਈਨ ਰਾਸਟਰ ਪੱਧਰੀ ਪੋਸਟਰ ਮੇਕਿੰਗ ਮੁਕਾਬਲਾ ਕਰਵਾਇਆ ਗਿਆ . ਇਸ ਮੁਕਾਬਲੇ 'ਚ ਤਾਮਿਲਨਾਡੂ, ਪੱਛਮੀ ਬੰਗਾਲ, ਮਹਾਂਰਾਸਟਰ, ਰਾਜਸਥਾਨ, ਗੁਜਰਾਤ, ਮੱਧ ਪ੍ਰਦੇਸ, ਉੱਤਰਾਖੰਡ, ਹਰਿਆਣਾ, ਉੱਤਰ ਪ੍ਰਦੇਸ, ਤੇਲੰਗਾਨਾ, ਪੰਜਾਬ, ਛਤੀਸਗੜ੍ਹ, ਕਲਕੱਤਾ, ਆਂਧਰਾ ਪ੍ਰਦੇਸ, ਕਰਨਾਟਕ, ਦਿੱਲੀ ਅਤੇ ਚੰਡੀਗੜ੍ਹ ਆਦਿ 16 ਰਾਜਾਂ/ਕੇਂਦਰ ਸਾਸਤ ਪ੍ਰਦੇਸਾਂ ਦੇ ਕੁੱਲ 124 ਵਿਦਿਆਰਥੀਆਂ ਨੇ ਭਾਗ ਲਿਆ . ਇਸ ਸਬੰਧੀ ਜਾਣਕਾਰੀ ਦਿੰਦਿਆਂ ਕੋਆਰਡੀਨੇਟਰ ਡਾ. ਨੀਨਾ ਪੁਰੀ ਨੇ ਦੱਸਿਆ ਕਿ ਇਸ ਮੁਕਾਬਲੇ ਦੌਰਾਨ ਪਹਿਲਾ ਇਨਾਮ ਟੀ. ਆਰ. ਕੇ. ਤਲਰੇਜਾ ਕਾਲਜ ਕਲਿਆਣ (ਮਹਾਂਰਾਸਟਰ) ਦੀ ਸ਼ਿਫਾ ਫਾਰੂਕ ਸਿੱਦੀਕੀ ਨੇ ਜਿੱਤਿਆ, ਜਦਕਿ ਦੂਜਾ ਇਨਾਮ ਆਸੂਤੋਸ ਕਾਲਜ ਕਲਕੱਤਾ (ਪੱਛਮੀ ਬੰਗਾਲ) ਦੀ ਪ੍ਰਿਅੰਕਾ ਗੌਂਡ ਅਤੇ ਤੀਜਾ ਇਨਾਮ ਮਾਤਾ ਗੁਜਰੀ ਕਾਲਜ ਜੱਬਲਪੁਰ (ਮੱਧ ਪ੍ਰਦੇਸ) ਦੀ ਅਕਸਰਾ ਸਿੰਘ ਨੇ ਪ੍ਰਾਪਤ ਕੀਤਾ . ਇਸ ਮੌਕੇ ਮਾਈਕ੍ਰੋ ਬਾਇਓਲੋਜਿਸਟਸ ਸੁਸਾਇਟੀ ਇੰਡੀਆ ਦੇ ਪ੍ਰਧਾਨ ਡਾ. ਏ. ਐਮ. ਦੇਸਮੁੱਖ, ਕੋ-ਕੋਆਰਡੀਨੇਟਰ ਡਾ. ਅਸ਼ੋਕ ਖੁਰਾਣਾ ਅਤੇ ਕਨਵੀਨਰ ਇਤੇਂਦਰ ਸਿੰਘ ਨੇ ਇਸ ਮੁਕਾਬਲੇ ਨੂੰ ਸਫਲ ਬਣਾਉਣ ਲਈ ਅਹਿਮ ਭੂਮਿਕਾ ਨਿਭਾਈ . ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਡਾ. ਹਰਿੰਦਰ ਸਿੰਘ ਕੰਗ ਨੇ ਜੇਤੂਆਂ ਅਤੇ ਭਾਗੀਦਾਰਾਂ ਨੂੰ ਆਪਣੀਆਂ ਕਾਢਾਂ ਅਤੇ ਸਿਰਜਣਾਤਮਕਤਾ ਨੂੰ ਸੁਰੱਖਿਅਤ ਰੱਖਣ ਸੰਬੰਧੀ ਪ੍ਰੇਰਿਤ ਕੀਤਾ।

## ਛੋਟੇ ਸਾਹਿਬਜਾਦਿਆਂ ਦੀ ਸਹੀਦੀ ਦੀ ਯਾਦ ਨੂੰ ਸਮਰਪਿਤ ਲੰਗਰ ਲਗਾਇਆ

ਪਿਹੋਵਾ, (ਪੱਤਰ ਪ੍ਰੇਰਕ)-ਦਸਵੀਂ ਪਾਤਸਾਹੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜਾਦਿਆਂ ਦੀ ਸਹੀਦੀ ਦੀ ਯਾਦ ਨੂੰ ਸਮਰਪਿਤ ਚਾਹ ਅਤੇ ਬ੍ਰੈਡ ਪਕੌੜਿਆਂ ਦਾ ਲੰਗਰ ਕੁਰੂਕਸੇਤਰ ਰੋਡ 'ਤੇ ਲਗਾਇਆ ਗਿਆ . ਲੰਗਰ ਦੀ ਸੁਰੂਆਤ ਗੁਰੂ ਸਾਹਿਬ ਨੂੰ ਮੱਥਾ ਟੇਕ ਕੇ ਕੀਤੀ ਗਈ . ਮਾਰਕੀਟ ਦੇ ਮੈਂਬਰਾਂ ਨੇ ਸਰਬੱਤ ਦੇ ਭਲੇ ਅਤੇ ਮਨੁੱਖਤਾ ਦੀ ਭਲਾਈ ਲਈ ਅਰਦਾਸ ਕੀਤੀ . ਮੁਖਤਿਆਰ ਸਿੰਘ ਨੇ ਦੱਸਿਆ ਕਿ ਦਸਵੀਂ ਪਾਤਸਾਹੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੇ ਸਾਹਿਬਜਾਦਿਆਂ ਦੀ ਯਾਦ ਵਿਚ ਅੱਜ ਚਾਹ ਅਤੇ ਬ੍ਰੈਡ ਪਕੌੜਿਆਂ ਦਾ ਲੰਗਰ ਲਗਾਇਆ ਗਿਆ ਹੈ . ਉਨ੍ਹਾਂ ਕਿਹਾ ਕਿ ਸਾਹਿਬਜਾਦਿਆਂ ਦੀ ਕੁਰਬਾਨੀ ਨੌਜਵਾਨਾਂ ਲਈ ਮਿਸਾਲ ਹੈ . ਸਾਨੂੰ ਆਪਣੀ ਆਉਣ ਵਾਲੀ ਪੀੜ੍ਹੀ ਨੂੰ ਇਹ ਗਿਆਨ ਦੇਣਾ ਚਾਹੀਦਾ ਹੈ,

## ਪਟਿਆਲਾ ਪੁਲਿਸ ਨੇ 10 ਕਿਲੋ ਅਫੀਮ ਸਮੇਤ ਦੋ ਵਿਅਕਤੀ ਕੀਤੇ ਕਾਬੂ, ਕਾਰ ਦੀ ਸੀਟ ਥੱਲੇ ਬੈਗ 'ਚ ਰੱਖੀ ਸੀ ਅਫੀਮ



ਪਟਿਆਲਾ , (ਪੱਤਰ ਪ੍ਰੇਰਕ)-ਨਾਭਾ ਸਦਰ ਪੁਲਸ ਨੇ ਕਾਰ ਸਵਾਰ ਦੋ ਵਿਅਕਤੀਆਂ ਨੂੰ 19 ਕਿਲੋ ਅਫੀਮ ਸਮੇਤ ਕਾਬੂ ਕੀਤਾ ਹੈ। ਮੁਲਜਮਾਂ ਦੀ ਪਛਾਣ ਰਣਬੀਰ ਸਿੰਘ ਤੇ ਕੁਲਦੀਪ ਸਿੰਘ ਵਾਸੀ ਕੱਕਹੇੜੀ ਵਾਸੀ ਹਰਿਆਣਾ ਵਜੋਂ ਹੋਈ ਹੈ। ਇੰਸਪੈਕਟਰ ਗੁਰਪ੍ਰੀਤ ਭਿੰਡਰ ਦੀ ਆਗਵਾਈ ਵਾਲੀ ਟੀਮ ਨੇ ਰੋਹਟੀ ਪੁੱਲ ਕੋਲ ਨਾਕਾਬੰਦੀ ਕੀਤੀ ਹੋਈ ਸੀ, ਇਸੇ ਦੌਰਾਨ ਇਕ ਕਾਰ ਨੂੰ ਰੋਕ ਕੇ ਤਲਾਸੀ ਲਈ ਤਾਂ ਡਰਾਈਵਰ ਸੀਟ ਹੇਠਾਂ ਪਏ ਬੈਗ ਵਿੱਚੋਂ 10 ਕਿਲੋ ਅਫੀਮ ਬਰਾਮਦ ਹੋਈ ਹੈ। ਮੁਲਜਮਾਂ ਖਿਲਾਫ ਹਰਿਆਣਾ ਵਿਚ ਪਹਿਲਾਂ ਵੀ 4 ਮਾਮਲੇ ਦਰਜ ਹਨ।

# ਮਾਨ ਸਰਕਾਰ ਵੱਲੋਂ ਜੀ.ਐਸ.ਟੀ ਤੋਂ ਮਾਲੀਏ ਵਿੱਚ ਮਹੀਨਾ-ਦਰ-ਮਹੀਨਾ ਸਾਨਦਾਰ ਪ੍ਰਦਰਸਨ - ਹਰਪਾਲ ਸਿੰਘ ਚੀਮਾ

ਚੰਡੀਗੜ੍ਹ , (ਸੁਰਿੰਦਰ ਸਿੰਘ)- ਪੰਜਾਬ ਦੇ ਵਿੱਤ, ਯੋਜਨਾ, ਆਬਕਾਰੀ ਅਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੇ ਪਹਿਲੇ ਅੱਠ ਮਹੀਨਿਆਂ ਦੌਰਾਨ ਕਰ ਵਿਭਾਗ ਨੇ ਪਿਛਲੇ ਸਾਲ ਦੇ ਮੁਕਾਬਲੇ ਮਹੀਨਾ-ਦਰ-ਮਹੀਨਾ ਆਪਣੀ ਕਾਰਗੁਜਾਰੀ ਵਿੱਚ ਸੁਧਾਰ ਕੀਤਾ ਹੈ। ਉਨ੍ਹਾਂ ਕਿਹਾ ਕਿ ਇਸ ਸਾਲ ਅਪ੍ਰੈਲ ਤੋਂ ਨਵੰਬਰ ਦੇ ਮਹੀਨਿਆਂ ਦੌਰਾਨ ਵਸਤੂਆਂ ਤੇ ਸੇਵਾਵਾਂ ਕਰ (ਜੀ.ਐਸ.ਟੀ.) ਤੋਂ ਮਾਲੀਆ ਵਿੱਤੀ ਸਾਲ 2021-22 ਦੀ ਇਸੇ ਮਿਆਦ ਦੇ ਮੁਕਾਬਲੇ 24.5 ਫੀਸਦੀ ਵਧਿਆ ਹੈ। ਇੱਥੇ ਜਾਰੀ ਪ੍ਰੈਸ ਬਿਆਨ ਵਿੱਚ ਇਹ ਪ੍ਰਗਟਾਵਾ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਦੱਸਿਆ ਕਿ ਵਿੱਤੀ ਸਾਲ 2021-22 ਦੇ ਪਹਿਲੇ ਅੱਠ ਮਹੀਨਿਆਂ ਦੌਰਾਨ ਜੀ.ਐਸ.ਟੀ. ਤੋਂ ਕੁੱਲ ਮਾਲੀਆ 9612.6 ਕਰੋੜ ਰੁਪਏ ਸੀ, ਜਦੋਂ ਕਿ ਇਸ ਸਾਲ ਅਪ੍ਰੈਲ ਤੋਂ ਨਵੰਬਰ ਮਹੀਨੇ ਤੱਕ ਕੁੱਲ ਜੀ.ਐਸ.ਟੀ. ਕੁਲੈਕਸਨ 11967.76 ਕਰੋੜ ਰੁਪਏ ਰਿਹਾ ਜਿਸ ਨਾਲ 2355.6 ਕਰੋੜ ਰੁਪਏ ਦਾ ਵਾਧਾ ਦਰਜ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਸੇ ਦੌਰਾਨ ਵਿਭਾਗ ਵੱਲੋਂ ਆਮ ਨਿਰੀਖਣਾਂ ਰਾਹੀਂ ਇਮਾਨਦਾਰ ਕਰਦਾਤਿਆਂ ਨੂੰ ਪ੍ਰੇਸਾਨ ਕਰਨ ਦੀ ਬਜਾਏ ਤਕਨਾਲੋਜੀ ਦੀ ਵਰਤੋਂ 'ਤੇ ਜੋਰ ਦਿੱਤਾ ਗਿਆ ਹੈ। ਵਿੱਤ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਐਨ.ਆਈ.ਸੀ ਦੁਆਰਾ ਬਣਾਏ ਗਏ ਨਵੀਨਤਮ ਡੇਟਾ ਵਿਸਲੇਸਣ ਟੂਲ, ਜੀ.ਐਸ.ਟੀ ਪ੍ਰਾਈਮ ਦੀਆਂ ਸੇਵਾਵਾਂ ਦੀ ਵਰਤੋਂ ਕਰਨ ਦਾ ਵੀ ਫੈਸਲਾ ਕੀਤਾ ਹੈ। ਉਨ੍ਹਾਂ ਕਿਹਾ ਕਿ ਜੀਐਸਟੀ ਪ੍ਰਾਈਮ ਵੱਖ-ਵੱਖ ਮਾਪਦੰਡਾਂ 'ਤੇ ਵਿਸੇਸ ਡੇਟਾ ਵਿਸਲੇਸਣ ਰਿਪੋਰਟਾਂ ਬਣਾਉਣ ਵਿੱਚ ਮਦਦ ਕਰੇਗਾ ਅਤੇ ਇਨ੍ਹਾਂ ਰਿਪੋਰਟਾਂ ਦੇ ਅਨੁਸਾਰ ਲੋੜੀਂਦੀ ਕਾਰਵਾਈ ਕੀਤੀ ਜਾਵੇਗੀ।ਉਨ੍ਹਾਂ ਕਿਹਾ ਕਿ ਵਿਭਾਗ ਨੇ ਕਰਦਾਤਿਆਂ ਦੇ ਮਾਰਗਦਰਸਨ ਅਤੇ ਸਹੂਲਤ ਦੇਣ ਲਈ ਬਹੁਤ ਸਾਰੀਆਂ ਗਤੀਵਿਧੀਆਂ ਵੀ ਕੀਤੀਆਂ ਹਨ ਤਾਂ ਜੋ ਉਹ ਆਪਣਾ ਕਾਰੋਬਾਰ ਵਧੀਆ ਤਰੀਕੇ ਨਾਲ ਕਰ ਸਕਣ। ਵਿੱਤ ਮੰਤਰੀ ਚੀਮਾ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਜੀ.ਐਸ.ਟੀ.ਐਨ ਪਲੇਟਫਾਰਮ 'ਤੇ ਉਪਲਬਧ ਡਾਟਾ ਦੀ ਨਿਗਰਾਨੀ ਲਈ ਸਟੇਟ ਜੀ.ਐਸ.ਟੀ ਕਮਿਸਨਰੇਟ ਵਿੱਚ ਇੱਕ ਨਵਾਂ ਟੈਕਸ ਇੰਟੈਲੀਜੈਂਸ ਯੂਨਿਟ (ਟੀ.ਆਈ.ਯੂ.) ਵੀ ਸਥਾਪਤ ਕਰਨ ਦਾ ਫੈਸਲਾ ਵੀ ਇਸੇ ਲਈ ਕੀਤਾ ਹੈ ਕਿਉਂਕਿ ਰਜਿਸਟਰਡ ਕਰਦਾਤਿਆਂ ਦੀਆਂ ਸਾਰੀਆਂ ਸੇਵਾਵਾਂ ਅਤੇ ਰਿਟਰਨ ਜੀ.ਐਸ.ਟੀ.ਐਨ ਪਲੇਟਫਾਰਮ 'ਤੇ ਡਿਜੀਟਲ ਮੋਡ ਵਿੱਚ ਉਪਲਬਧ ਹਨ ਅਤੇ ਇਹ ਬਹੁਤ ਸਾਰਾ ਡਾਟਾ ਤਿਆਰ ਕਰ ਰਿਹਾ ਹੈ। ਨਵੇਂ ਸਾਲ 2023 ਦੌਰਾਨ ਇਮਾਨਦਾਰ ਕਰਦਾਤਿਆਂ ਦੀ ਸਹੂਲਤ ਲਈ ਕਰ ਵਿਭਾਗ ਵੱਲੋਂ ਹੋਰ ਦੋਸਤਾਨਾ ਪਹਿਲਕਦਮੀਆਂ ਨੂੰ ਅਪਣਾਉਣ ਦਾ ਵਾਦਾ ਕਰਦਿਆਂ, ਸ. ਹਰਪਾਲ ਚੀਮਾ ਨੇ ਕਿਹਾ ਕਿ ਕਰ ਵਿਭਾਗ ਵੱਲੋਂ ਪਹਿਲਾਂ ਤੋਂ ਹੀ ਜੀ.ਐਸ.ਟੀ ਸਬੰਧੀ ਕਰਦਾਤਿਆਂ ਦੇ ਸਵਾਲਾਂ ਅਤੇ ਮੁੱਦਿਆਂ ਨੂੰ ਹੱਲ ਕਰਨ ਲਈ ਦੋਭਾਸੀ ਵਟਸਐਪ ਚੈਟਬੋਟ-ਕਮ-ਹੈਲਪਲਾਈਨ ਨੰਬਰ 9160500033 ਲਾਂਚ ਕੀਤਾ ਜਾ ਚੁੱਕਾ ਹੈ। ਉਨ੍ਹਾਂ ਕਿਹਾ ਕਿ ਕੋਈ ਵੀ ਵਿਅਕਤੀ ਜੀਐਸਟੀ ਦੇ ਵੱਖ-ਵੱਖ ਪਹਿਲੂਆਂ ਬਾਰੇ ਜਾਣਕਾਰੀ ਲੈਣ ਲਈ ਪੰਜਾਬੀ ਜਾਂ ਅੰਗਰੇਜੀ ਵਿੱਚ ਇਸ ਨੰਬਰ 'ਤੇ ਵਟਸਐਪ ਕਰ ਸਕਦਾ ਹੈ। ਉਨ੍ਹਾਂ ਕਿਹਾ ਕਿ ਫੀਡਬੈਕ ਤੰਤਰ ਨੂੰ ਮਜਬੂਤ ਕਰਨ ਦੇ ਨਾਲ-ਨਾਲ ਕਰਦਾਤਿਆਂ ਨੂੰ ਬੇਹਤਰ ਸੇਵਾਵਾਂ ਮੁਹੱਈਆ ਕਰਨ ਦੀ ਨੀਤੀ ਤਹਿਤ ਅਜਿਹੀਆਂ ਹੋਰ ਕਈ ਪਹਿਲਕਦਮੀਆਂ ਸੁਰੂ ਕੀਤੀਆਂ ਜਾਣਗੀਆਂ।



## ਵਿਜੀਲੈਂਸ ਵੱਲੋਂ ਬਠਿੰਡਾ 'ਚ 50,000 ਰੁਪਏ ਰਿਸਵਤ ਲੈਣ ਦੇ ਦੋਸ਼ ਹੇਠ ਸਬ ਇੰਸਪੈਕਟਰ ਗ੍ਰਿਫ਼ਤਾਰ




ਚੰਡੀਗੜ੍ਹ , (ਸੁਰਿੰਦਰ ਸਿੰਘ)- ਪੰਜਾਬ ਵਿਜੀਲੈਂਸ ਬਿਊਰੋ ਨੇ ਭ੍ਰਿਸਟਾਚਾਰ ਵਿਰੁੱਧ ਚਲਾਈ ਮੁਹਿੰਮ ਦੌਰਾਨ ਅੱਜ ਥਾਣਾ ਮੌੜ, ਜਿਲ੍ਹਾ ਬਠਿੰਡਾ ਵਿਖੇ ਤਾਇਨਾਤ ਸਬ-ਇੰਸਪੈਕਟਰ (ਐਸਆਈ) ਬਲਜੀਤਪਾਲ ਸਿੰਘ ਨੂੰ 50,000 ਰੁਪਏ ਰਿਸਵਤ ਲੈਣ ਦੇ ਦੋਸ਼ ਹੇਠ ਗ੍ਰਿਫ਼ਤਾਰ ਕੀਤਾ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਾਜਮ ਨੂੰ ਸ਼ਿਕਾਇਤਕਰਤਾ ਰਾਕੇਸ ਕੁਮਾਰ ਵਾਸੀ ਪ੍ਰਤਾਪ ਨਗਰ, ਬਠਿੰਡਾ ਸਹਿਰ ਦੀ ਸ਼ਿਕਾਇਤ ਤੋਂ ਬਾਅਦ ਗ੍ਰਿਫ਼ਤਾਰ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੋਸ ਲਾਇਆ ਕਿ ਉਕਤ ਪੁਲਿਸ ਮੁਲਾਜਮ ਨੇ ਉਸ ਨੂੰ ਇੱਕ ਪੁਲਿਸ ਸ਼ਿਕਾਇਤ ਦੀ ਜਾਂਚ ਦੇ ਮਾਮਲੇ ਵਿੱਚ ਨਾਮਜਦ ਕਰਨ ਦੀ ਧਮਕੀ ਦੇ ਕੇ 50,000 ਰੁਪਏ ਰਿਸਵਤ ਦੀ ਮੰਗ ਕੀਤੀ ਹੈ।ਸ਼ਿਕਾਇਤਕਰਤਾ ਨੇ ਅੱਗੇ ਦੱਸਿਆ ਕਿ ਪੁਲਿਸ ਮੁਲਾਜਮ ਨੇ ਸਵੇਰੇ ਉਸ ਤੋਂ 20 ਹਜਾਰ ਰੁਪਏ ਲੈ ਲਏ ਅਤੇ ਹੋਰ ਪੈਸਿਆਂ ਦੀ ਮੰਗ ਕਰ ਰਿਹਾ ਹੈ। ਰਾਕੇਸ਼ ਕੁਮਾਰ ਨੇ ਰਿਸਵਤ ਦੀ ਇਹ ਰਕਮ ਦੇਣ ਵੇਲੇ ਸਬੂਤ ਵਜੋਂ ਸਾਰੀ ਗੱਲਬਾਤ ਨੂੰ ਰਿਕਾਰਡ ਕਰ ਲਿਆ।ਉਕਤ ਪੁਲਿਸ ਮੁਲਾਜਮ ਨੇ ਸ਼ਿਕਾਇਤਕਰਤਾ ਨੂੰ ਧਮਕੀ ਦੇ ਕੇ ਕਿਹਾ ਕਿ ਉਸ ਦਾ ਤਬਾਦਲਾ ਕਿਸੇ ਹੋਰ ਥਾਣੇ ਵਿੱਚ ਹੋ ਚੁੱਕਾ ਹੈ ਪਰ ਜਾਣ ਤੋਂ ਪਹਿਲਾਂ ਉਸ ਵੱਲੋਂ ਰਿਸਵਤ ਦੀ ਰਕਮ ਨਾ ਦੇਣ ਦੀ ਸੂਰਤ ਵਿੱਚ ਸ਼ਿਕਾਇਤਕਰਤਾ ਅਤੇ ਉਸਦੇ ਰਿਸਤੇਦਾਰਾਂ ਨੂੰ ਪੁਲਿਸ ਕੇਸ ਵਿੱਚ ਨਾਮਜ਼ਦ ਕਰਕੇ ਜਾਵਾਂਗਾ।ਬੁਲਾਰੇ ਨੇ ਅੱਗੇ ਕਿਹਾ ਕਿ ਬਿਊਰੋ ਨੇ ਦੋਸਾਂ ਦੀ ਪੜਤਾਲ ਉਪਰੰਤ ਦੋਸ਼ੀ ਨੂੰ ਫੜ੍ਹਨ ਲਈ ਜਾਲ ਵਿਛਾਇਆ। ਉਕਤ ਦੋਸੀ ਪੁਲਿਸ ਮੁਲਾਜਮ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਰਿਸਵਤ ਦੀ ਦੂਜੀ ਕਿਸਤ ਵਜੋਂ 30,000 ਰੁਪਏ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ ਗਿਆ।

ਬਿਊਰੋ ਦੀ ਟੀਮ ਨੇ ਪੁਲਿਸ ਕਰਮਚਾਰੀ ਦੇ ਕਬਜੇ 'ਚੋਂ 50 ਹਜਾਰ ਰੁਪਏ ਬਰਾਮਦ ਕਰ ਲਏ ਜੋ ਉਸ ਨੇ ਰਿਸਵਤ ਵਜੋਂ ਦੋ ਵਾਰ ਲਏ ਸਨ। ਇਸ ਸਬੰਧੀ ਉਕਤ ਪੁਲਿਸ ਮੁਲਾਜ਼ਮ ਖਿਲਾਫ ਭ੍ਰਿਸਟਾਚਾਰ ਰੋਕਥਾਮ ਕਾਨੂੰਨ ਤਹਿਤ ਵਿਜੀਲੈਂਸ ਦੇ ਥਾਣਾ ਬਠਿੰਡਾ ਵਿਖੇ ਮਾਮਲਾ ਦਰਜ ਕਰ ਲਿਆ ਹੈ ਅਤੇ ਅਗਲੇਰੀ ਜਾਂਚ ਜਾਰੀ ਹੈ।

## ਪੰਜਾਬ ਸਟੇਟ ਬੈਂਚ ਪ੍ਰੈਸ ਚੈਂਪੀਅਨਸ਼ਿਪ 'ਚ ਦ੍ਰੋਣਾਚਾਰੀਆ ਜਿੰਮ ਦੇ ਖਿਡਾਰੀ ਛਾਏ

ਯਮੁਨਾਨਗਰ, (ਪੱਤਰ ਪ੍ਰੇਰਕ)-ਬੀਤੇ ਦਿਨੀਂ ਪੰਜਾਬ ਦੇ ਜਿਲ੍ਹਾ ਕਪੂਰਥਲਾ ਦੇ ਸਹਿਰ ਭੁਲੱਥ ਵਿਖੇ ਪੰਜਾਬ ਸਟੇਟ ਬੈਂਚ ਪ੍ਰੈੱਸ ਚੈਂਪੀਅਨਸ਼ਿਪ ਕਰਵਾਈ ਗਈ, ਜਿਸ 'ਚ ਪੰਜਾਬ ਦੇ ਖਿਡਾਰੀਆਂ ਸਮੇਤ ਸੂਬਾ ਹਰਿਆਣਾ ਦੇ ਖਿਡਾਰੀਆਂ ਵਲੋਂ ਵੀ ਭਾਗ ਲਿਆ ਗਿਆ . ਇਸ ਮੌਕੇ ਫਰਵਰੀ 2023 ਨੂੰ ਹੋਣ ਜਾ ਰਹੀ ਨੈਸਨਲ ਪਾਵਰ ਲਿਫਟਿੰਗ ਚੈਂਪੀਅਨਸ਼ਿਪ ਵਾਸਤੇ ਖਿਡਾਰੀਆਂ ਦੀ ਚੋਣ ਵੀ ਕੀਤੀ ਗਈ . ਇਸ ਚੈਂਪੀਅਨਸ਼ਿਪ ਦੌਰਾਨ ਯਮੁਨਾਨਗਰ ਦੀ ਦ੍ਰੋਣਾਚਾਰੀਆ ਜਿੰਮ ਦੇ ਖਿਡਾਰੀਆਂ ਨੇ ਸਾਨਦਾਰ ਪ੍ਰਦਰਸਨ ਕਰਕੇ ਜਿੰਮ ਦਾ ਨਾਂਅ ਰੌਸਨ ਕੀਤਾ . ਇਸ ਚੈਂਪੀਅਨਸ਼ਿਪ 'ਚ ਕਰੀਬ 180 ਖਿਡਾਰੀਆਂ ਵਲੋਂ ਭਾਗ ਲਿਆ ਗਿਆ, ਜਿਨ੍ਹਾਂ 'ਚੋਂ ਦ੍ਰੋਣਾਚਾਰੀਆ ਜਿੰਮ ਦੇ ਗੁਰਪ੍ਰੀਤ ਸਿੰਘ ਖੰਨਾ ਸਮੇਤ ਹੋਰਨਾਂ ਖਿਡਾਰੀਆਂ ਵਲੋਂ ਤਗਮੇ ਜਿੱਤੇ ਗਏ . ਇਸ ਮੌਕੇ ਨੈਸਨਲ ਪਾਵਰ ਲਿਫਟਿੰਗ ਚੈਂਪੀਅਨਸ਼ਿਪ ਲਈ ਚੁਣੀ ਗਈ ਟੀਮ 'ਚ ਦ੍ਰੋਣਾਚਾਰੀਆ ਜਿੰਮ ਦੇ ਤਿੰਨ ਖਿਡਾਰੀਆਂ ਨੂੰ ਥਾਂ ਮਿਲੀ . ਇਸ ਮੌਕੇ ਗੁਰਪ੍ਰੀਤ ਸਿੰਘ ਖੰਨਾ ਨੇ ਸੋਨੇ ਦਾ ਤਗਮਾ ਅਤੇ ਵਰਿੰਦਰ ਕੁਮਾਰ ਨੇ ਚਾਂਦੀ ਦਾ ਤਗਮਾ ਜਿੱਤਿਆ . ਇਸ ਮੌਕੇ ਗੁਰਪ੍ਰੀਤ ਸਿੰਘ ਖੰਨਾ ਨੇ ਆਸ ਪ੍ਰਗਟਾਈ ਕਿ ਉਨ੍ਹਾਂ ਦੇ ਸਾਥੀ ਨਾਗਪੁਰ ਵਿਖੇ ਹੋਣ ਵਾਲੀ ਨੈਸਨਲ ਪਾਵਰ ਲਿਫਟਿੰਗ ਚੈਂਪੀਅਨਸ਼ਿਪ 'ਚ ਸਾਨਦਾਰ ਪ੍ਰਦਰਸਨ ਕਰਕੇ ਸੂਬੇ ਦਾ ਨਾਂਅ ਰੌਸਨ ਕਰਨਗੇ .

# ਨਵੇਂ ਵਰ੍ਹੇ 'ਤੇ ਪੰਜਾਬ ਸਰਕਾਰ ਹੁਸ਼ਿਆਰਪੁਰੀਆਂ ਨੂੰ ਦੇਵੇਗੀ ਇਹ ਤੋਹਫਾ

ਚੰਡੀਗੜ੍ਹ , (ਸੁਰਿੰਦਰ ਸਿੰਘ)- ਪੰਜਾਬ ਦੇ ਸ਼ਹਿਰਾਂ ਨੂੰ ਸਾਫ-ਸੁਥਰਾ ਰੱਖਣ ਦੇ ਟੀਚੇ ਨੂੰ ਧਿਆਨ ਵਿਚ ਰੱਖਦਿਆਂ ਦੋਆਬੇ ਦੇ ਪ੍ਰਮੁੱਖ ਸ਼ਹਿਰ ਹੁਸ਼ਿਆਰਪੁਰ ਨੂੰ ਨਵੇਂ ਸਾਲ ਵਿਚ ਅਤਿ-ਆਧੁਨਿਕ ਵੈਕਿਊਮ ਕਲੀਨਿੰਗ ਮਸ਼ੀਨ ਮਿਲੇਗੀ। ਕੈਬਨਿਟ ਮੰਤਰੀ ਬ੍ਰਹਮ ਸ਼ੰਕਰ ਜ਼ਿੰਪਾ ਨੇ ਦੱਸਿਆ ਕਿ ਸੂਬੇ ਨੂੰ ਸਾਫ਼-ਸੁਥਰਾ ਤੇ ਸੁੰਦਰ ਬਣਾਉਣ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਸੁਪਨੇ ਨੂੰ ਸਾਕਾਰ ਕਰਨ ਦੀ ਦਿਸ਼ਾ ਵਿਚ ਹੁਸ਼ਿਆਰਪੁਰੀਆਂ ਨੇ ਇਕ ਕਦਮ ਅੱਗੇ ਵਧਾਇਆ ਹੈ। ਉਨ੍ਹਾਂ ਕਿਹਾ ਕਿ ਟਰੱਕ ਸਮੇਤ ਇਸ ਮਸ਼ੀਨ ਦੀ ਖਰੀਦ ਕਰੀਬ 55-60 ਲੱਖ ਰੁਪਏ ਹੋਵੇਗੀ। ਬੱਸ ਸਟੈਂਡ ਚੌਕ ਹੁਸ਼ਿਆਰਪੁਰ ਤੋਂ ਵੈਕਿਊਮ ਕਲੀਨਿੰਗ ਮਸ਼ੀਨ ਦੇ ਟਰਾਇਲ ਦੀ ਸ਼ੁਰੂਆਤ ਕਰਦਿਆਂ ਜ਼ਿੰਪਾ ਨੇ ਦੱਸਿਆ ਕਿ ਇਹ ਮਸ਼ੀਨ ਜਲਦ ਹੀ ਹੁਸ਼ਿਆਰਪੁਰ ਦੀ ਸਫ਼ਾਈ ਲਈ ਉਪਲੱਬਧ ਹੋਵੇਗੀ। ਇਸ ਮਸ਼ੀਨ ਦੀ ਖਰੀਦ ਤੋਂ ਬਾਅਦ ਹੁਸ਼ਿਆਰਪੁਰ ਪੰਜਾਬ ਦੇ ਉਨ੍ਹਾਂ ਚੁਨਿੰਦੇ ਸ਼ਹਿਰਾਂ ਵਿਚ ਸ਼ਾਮਲ ਹੋ ਜਾਵੇਗਾ ਜਿੱਥੋਂ ਦੀ ਸਾਫ-ਸਫਾਈ ਅਜਿਹੀ ਅਤਿ ਆਧੁਨਿਕ ਮਸ਼ੀਨਾਂ ਨਾਲ ਹੋ ਰਹੀ ਹੈ।



## ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਸਜੇ ਜਲੌਅ, ਵੱਡੀ ਗਿਣਤੀ 'ਚ ਸੰਗਤਾਂ ਹੋਈਆਂ ਨਤਮਸਤਕ



ਅੰਮ੍ਰਿਤਸਰ, (ਰਵੀ ਠਾਕੁਰ)- ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖਤ ਸਾਹਿਬ ਤੇ ਗੁਰਦੁਆਰਾ ਬਾਬਾ ਅਟੱਲ ਰਾਏ ਸਾਹਿਬ ਵਿਖੇ ਸੁੰਦਰ ਜਲੌਅ ਸਜਾਏ ਗਏ। ਦੇਸ਼ ਵਿਦੇਸ਼ ਦੀਆਂ ਸੰਗਤਾਂ ਨੇ ਪਰਿਵਾਰਾਂ ਸਮੇਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਦਰਸ਼ਨ ਦੀਦਾਰੇ ਕੀਤੇ। ਸੰਗਤਾਂ ਨੇ ਸਰੋਵਰ ਵਿੱਚ ਇਸ਼ਨਾਨ ਕੀਤਾ। ਦੇਰ ਰਾਤ ਦੀਪਮਾਲਾ ਤੇ ਆਤਿਸ਼ਬਾਜ਼ੀ ਹੋਵੇਗੀ।

## 10 ਕਿੱਲੋ ਭੁੱਕੀ ਤੇ ਨਸੀਲੀਆਂ ਗੋਲੀਆਂ ਸਮੇਤ 3 ਗ੍ਰਿਫਤਾਰ

ਪਟਿਆਲਾ, (ਅਨਹਦ ਸਿੰਘ)-ਸਥਾਨਕ ਰਾਮ ਲੀਲਾ ਮੈਦਾਨ ਲਾਗੇ 2 ਵਿਅਕਤੀਆਂ ਨੂੰ ਸੱਕ ਦੇ ਅਧਾਰ 'ਤੇ ਰੋਕ ਤਲਾਸੀ ਲਈ ਤਾਂ ਮੁਲਜਮਾਂ ਤੋਂ 10 ਕਿੱਲੋ ਭੁੱਕੀ ਥਾਣਾ ਲਹੌਰੀ ਗੇਟ ਦੀ ਪੁਲਿਸ ਨੂੰ ਬਰਾਮਦ ਹੋਈ ਹੈ . ਜਿਸ ਦੇ ਆਧਾਰ 'ਤੇ ਪੁਲਿਸ ਨੇ ਮੁਲਜਮ ਭਾਗ ਸਿੰਘ ਤੇ ਸਾਦਿਕ ਵਾਸੀਆਨ ਜਿਲ੍ਹਾ ਫਰੀਦਕੋਟ ਦੇ ਖ਼ਿਲਾਫ ਕੇਸ ਦਰਜ ਕਰ ਲਿਆ ਹੈ . ਇਸ ਦੀ ਪੁਸਟੀ ਕਰਦਿਆਂ ਸਹਾਇਕ ਥਾਣੇਦਾਰ ਤੇਜਿੰਦਰ ਸਿੰਘ ਨੇ ਦੱਸਿਆ ਕਿ ਉਕਤ ਕਾਰਵਾਈ ਉਨ੍ਹਾਂ ਗਸਤ ਦੌਰਾਨ ਅਮਲ 'ਚ ਲਿਆਂਦੀ ਸੀ . ਅਜਿਹੇ ਇਕ ਹੋਰ ਕੇਸ 'ਚ ਇੱਥੋਂ ਦੇ ਨਿਰਮਾਣਾ ਹੋਟਲ ਲਾਗੇ ਪੁਲਿਸ ਨੂੰ ਸਾਹਮਣੇ ਦੇਖ ਕੇ ਫਰਾਰ ਹੋਣ ਲੱਗੇ ਵਿਅਕਤੀ ਤੋਂ 200 ਨਸੀਲੀਆਂ ਗੋਲੀਆਂ ਥਾਣਾ ਲਹੌਰੀ ਗੇਟ ਦੀ ਪੁਲਿਸ ਨੂੰ ਬਰਾਮਦ ਹੋਈਆਂ ਹਨ . ਜਿਸ ਦੇ ਆਧਾਰ 'ਤੇ ਪੁਲਿਸ ਮੁਲਜਮ ਟੋਨੀ ਵਰਮਾ ਵਾਸੀ ਪਟਿਆਲਾ ਖ਼ਿਲਾਫ ਐਨ.ਡੀ.ਪੀ.ਐਸ. ਐਕਟ ਤਹਿਤ ਕੇਸ ਦਰਜ ਕਰ ਲਿਆ ਹੈ . ਇਸ ਦੀ ਪੁਸਟੀ ਸਹਾਇਕ ਥਾਣੇਦਾਰ ਤੇਜਿੰਦਰ ਸਿੰਘ ਨੇ ਕੀਤੀ . ਤੀਜੇ ਕੇਸ 'ਚ ਥਾਣਾ ਸਦਰ ਦੇ ਸਹਾਇਕ ਥਾਣੇਦਾਰ ਭੁਪਿੰਦਰ ਸਿੰਘ ਪੁਲਿਸ ਪਾਰਟੀ ਸਮੇਤ ਘਲੋੜੀ ਲਾਗੇ ਮੋਟਰਸਾਈਕਲ ਸਵਾਰ ਵਿਨੈ ਤੇ ਗੁਰਪ੍ਰੀਤ ਸਿੰਘ ਵਾਸੀ ਜਿਲ੍ਹਾ ਪਟਿਆਲਾ ਦੀ ਤਲਾਸੀ ਲੈਣ ਦੌਰਾਨ 32 ਨਸੀਲੀਆਂ ਸੀਸੀਆਂ ਬਰਾਮਦ ਹੋਈਆਂ . ਜਿਸ ਦੇ ਆਧਾਰ 'ਤੇ ਪੁਲਿਸ ਨੇ ਉਕਤ ਦੋਨਾਂ ਮੁਲਜਮਾਂ ਖ਼ਿਲਾਫ ਕੇਸ ਦਰਜ ਕਰ

## ਹਲਕੇ ਮੀਂਹ ਨਾਲ ਸੁੱਕੀ ਠੰਢ ਤੋਂ ਮਿਲੀ ਰਾਹਤ

ਲੁਧਿਆਣਾ, (ਪੱਤਰ ਪ੍ਰੇਰਕ)-ਸਨਅਤੀ ਸ਼ਹਿਰ ਵਿੱਚ ਅੱਜ ਪਏ ਹਲਕੇ ਮੀਂਹ ਨਾਲ ਲੋਕਾਂ ਨੇ ਸੁੱਕੀ ਠੰਢ ਤੋਂ ਰਾਹਤ ਮਹਿਸੂਸ ਕੀਤੀ, ਪਰ ਮੀਂਹ ਕਾਰਨ ਠੰਢ ਵਿੱਚ ਹੋਰ ਵਾਧਾ ਹੋ ਗਿਆ। ਮੀਂਹ ਤੋਂ ਬਾਅਦ ਆਸਮਾਨ 'ਚ ਛਾਏ ਪ੍ਰਦੂਸ਼ਣ ਤੋਂ ਵੀ ਲੋਕਾਂ ਨੂੰ ਰਾਹਤ ਮਿਲੀ ਹੈ। ਬੂੰਦਾਬਾਂਦੀ ਨਾਲ ਪ੍ਰਦੂਸ਼ਣ ਦੇ ਪੱਧਰ 'ਚ ਵੀ ਗਿਰਾਵਟ ਆਵੇਗੀ।ਦਰਅਸਲ, ਸਰਹੱਦੀ ਸੂਬੇ ਹਿਮਾਚਲ ਪ੍ਰਦੇਸ਼ ਦੀਆਂ ਪਹਾੜੀਆਂ 'ਤੇ ਬਰਫ਼ਬਾਰੀ ਤੇ ਮੈਦਾਨੀ ਖੇਤਰਾਂ 'ਚ ਮੀਂਹ ਕਾਰਨ ਠੰਢ ਲਗਾਤਾਰ ਵੱਧ ਰਹੀ ਹੈ। ਲੁਧਿਆਣਾ ਵਿੱਚ ਘੱਟੋਂ ਘੱਟ ਤਾਪਮਾਨ 5 ਡਿਗਰੀ ਤੱਕ ਜਾ ਰਿਹਾ ਹੈ।ਹੱਡ ਠਾਰਵੀਂ ਵਾਲੀ ਠੰਢ ਕਾਰਨ ਲੋਕ ਪ੍ਰੇਸ਼ਾਨ ਹਨ। ਬਾਹਰ ਕੰਮ ਕਰਨ ਵਾਲੇ ਲੋਕ ਠੰਢ ਤੋਂ ਆਪਣੇ ਆਪ ਨੂੰ ਬਚਾਉਣ ਲਈ ਅੱਗ ਜਲਾ ਕੇ ਕੰਮ ਚਲਾ ਰਹੇ ਹਨ। ਬਾਜ਼ਾਰਾਂ ਵਿੱਚ ਪਹਿਲਾਂ ਨਾਲ ਰੌਣਕ ਵੀ ਘਟੀ ਹੈ। ਦੁਪਹਿਰ ਵੇਲੇ ਅੱਜ ਹਲਕਾ ਮੀਂਹ ਪੈਣਾ ਸ਼ੁਰੂ ਹੋ ਗਿਆ ਸੀ ਅਤੇ ਬੂੰਦਾਬਾਂਦੀ ਦੇਰ ਸ਼ਾਮ ਤੱਕ ਜਾਰੀ ਰਹੀ। ਬੇਸ਼ੱਕ ਮੀਂਹ ਦੇ ਕਾਰਨ ਆਸਮਾਨ 'ਚ ਜੋ ਇੱਕ ਪ੍ਰਦੂਸ਼ਣ ਦੀ ਪਰਤ ਜਿਹੀ ਜੰਮਣੀ ਸ਼ੁਰੂ ਹੋ ਗਈ ਸੀ, ਉਹ ਖਤਮ ਹੋ ਗਈ ਹੈ। ਮੌਸਮ ਕਾਰਨ ਧੁੰਦ ਵੀ ਪੈਣੀ ਸ਼ੁਰੂ ਹੋ ਗਈ ਹੈ। ਮੌਸਮ ਵਿਭਾਗ ਦੇ ਅਨੁਸਾਰ ਅਗਲੇ 24 ਘੰਟੇ ਦੌਰਾਨ ਵੀ ਹਲਕਾ ਮੀਂਹ ਪੈਣ ਦੇ ਆਸਾਰ ਹਨ ਜਿਸ ਨਾਲ ਕਣਕ ਦੀ ਫਸਲ ਨੂੰ ਲਾਭ ਮਿਲਣ ਦੀ ਉਮੀਦ ਹੈ।

## ਗੁਰੂ ਨਗਰੀ ਨਾਲ ਸਬੰਧਤ 2 ਆਈਪੀਐੱਸ ਅਧਿਕਾਰੀਆਂ ਨੂੰ ਮਿਲੀ ਤਰੱਕੀ, ਮਾਨਵਜੀਤ ਸਿੰਘ ਤੇ ਹਰਪ੍ਰੀਤ ਕੌਰ ਬਣੇ ਡੀਆਈਜੀ



ਅੰਮ੍ਰਿਤਸਰ, (ਰਵੀ ਠਾਕੁਰ)- ਇੱਕ ਕਹਾਵਤ ਅਨੁਸਾਰ 'ਮਿਹਨਤ ਤੇ ਸਬਰ ਦਾ ਫਲ ਹਮੇਸ਼ਾ ਮਿੱਠਾ ਹੁੰਦਾ ਹੈ'। ਅਜਿਹਾ ਹੀ ਕੁੱਝ ਨਸੀਬ ਹੋਇਆ ਹੈ ਗੁਰੂ ਨਗਰੀ ਦੇ ਕਸਬਾ ਛੇਹਰਟਾ ਦੇ ਇਲਾਕਾ ਕਰਤਾਰ ਨਗਰ ਨਿਵਾਸੀ ਤੇ ਬਾਬਾ ਸੋਹਣ ਸਿੰਘ ਭਕਨਾ ਸੀਨੀਅਰ ਸੈਕੰਡਰੀ ਸਕੂਲ ਦੇ ਸੇਵਾਮੁਕਤ ਪ੍ਰਿੰਸੀਪਲ ਮਨਜਿੰਦਰ ਸਿੰਘ ਢਿੱਲੋਂ ਤੇ ਉਨ੍ਹਾਂ ਦੇ ਪਰਿਵਾਰ ਨੂੰ, ਜਿਨ੍ਹਾਂ ਦਾ ਸੰਨ 2009 ਬੈਚ ਦਾ ਬਿਹਾਰ ਕੇਡਰ ਦਾ ਆਈਪੀਐਸ ਅਧਿਕਾਰੀ ਬੇਟਾ ਮਾਨਵਜੀਤ ਸਿੰਘ ਤੇ 2009 ਬੈਚ ਦੀ ਬਿਹਾਰ ਕੇਡਰ ਦੀ ਆਈਪੀਐਸ ਅਧਿਕਾਰੀ ਨੂੰਹ ਹਰਪ੍ਰੀਤ ਕੌਰ ਐਸਐਸਪੀ ਦੇ ਵੱਕਾਰੀ ਅਹੁਦਿਆਂ ਤੋਂ ਪਦਉੱਨਤ ਹੁੰਦੇ ਹੋਏ ਡੀਆਈਜੀ ਬਣੇ ਹਨ। ਦੋਵੇਂ ਆਈਪੀਐਸ ਅਧਿਕਾਰੀਆਂ ਦੀ ਤਰੱਕੀ ਨੂੰ ਲੈਕੇ ਦੋਵਾਂ ਪਰਿਵਾਰਾਂ ਦੇ ਵਿੱਚ ਖੁਸ਼ੀ ਦਾ ਮਾਹੌਲ ਹੈ। ਇਸ ਗੱਲ ਦੀ ਜਾਣਕਾਰੀ ਆਈਪੀਐਸ ਅਧਿਕਾਰੀ ਮਾਨਵਜੀਤ ਸਿੰਘ ਦੇ ਪਿਤਾ ਸੇਵਾਮੁਕਤ ਪ੍ਰਿੰਸੀਪਲ ਮਨਜਿੰਦਰ ਸਿੰਘ ਢਿੱਲੋਂ ਤੇ ਮਾਤਾ ਬਲਜੀਤ ਕੌਰ ਵੱਲੋਂ ਸਾਂਝੇ ਤੌਰ 'ਤੇ ਅਮਰੀਕਾ ਤੋਂ "ਪੰਜਾਬੀ ਜਾਗਰਣ" ਨੂੰ ਦਿੱਤੀ ਗਈ। ਜਿਕਰਯੋਗ ਹੈ ਕਿ ਬਿਹਾਰ ਦੇ ਮੁੱਖ ਮੰਤਰੀ ਨਿਤਿਸ਼ ਕੁਮਾਰ ਦੇ ਖਾਸਮਖਾਸ ਮਾਨਵਜੀਤ ਸਿੰਘ ਆਈਪੀਐਸ ਅੱਜ ਕੱਲ੍ਹ ਪਟਨਾ ਸਾਹਿਬ ਵਿਖੇ ਜਦੋਂ ਕਿ ਹਰਪ੍ਰੀਤ ਕੌਰ ਆਈਪੀਐਸ ਗਯਾ ਵਿਖੇ ਬਤੌਰ ਐਸਐਸਪੀ ਸੇਵਾਵਾਂ ਨਿਭਾ ਰਹੇ ਹਨ। ਦੋਵੇ ਅਧਿਕਾਰੀ ਜਿੱਥੇ ਪਤੀ-ਪਤਨੀ ਹੋਣ ਦੇ ਨਾਲ-ਨਾਲ ਆਪਣੇ ਪਰਿਵਾਰਿਕ ਤੇ ਸਮਾਜਿਕ ਰਿਸ਼ਤਿਆਂ ਨੂੰ ਬਾਖੂਬੀ ਨਿਭਾ ਰਹੇ ਹਨ, ਉੱਥੇ ਵਿਭਾਗ ਵਿੱਚ ਵੀ ਮਿਸਾਲੀ ਸੇਵਾਵਾਂ ਦੇ ਰਹੇ ਹਨ। ਭ੍ਰਿਸ਼ਟਾਚਾਰੀ ਤੇ ਰਿਸਵਤਖੋਰੀ ਤੋਂ ਕੋਹਾਂ ਦੀ ਦੂਰੀ ਬਣਾਕੇ ਰੱਖਣ ਵਾਲੇ ਦੋਵੇਂ ਆਈਪੀਐਸ ਅਧਿਕਾਰੀਆਂ ਦੀ ਬਿਹਾਰ ਪੁਲਿਸ ਵਿਭਾਗ ਦੇ ਵਿੱਚ ਤੂਤੀ ਬੋਲਦੀ ਹੈ। ਦੋਹਾਂ ਦੇ ਕੋਲੋਂ ਵਿਭਾਗੀ ਕਰਮਚਾਰੀ, ਆਮ ਜਨਤਾ ਬਹੁਤ ਖੁਸ਼ ਹੈ। ਸੇਵਾਮੁਕਤ ਪ੍ਰਿੰਸੀਪਲ ਮਨਜਿੰਦਰ ਸਿੰਘ ਢਿੱਲੋਂ ਦੇ ਅਨੁਸਾਰ, ਉਨ੍ਹਾਂ ਦੇ ਬੇਟੇ ਮਾਨਵਜੀਤ ਸਿੰਘ ਨੇ ਸ਼੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਮੇਨ ਬ੍ਰਾਂਚ ਜੀਟੀ ਰੋਡ ਤੋਂ ਦਸਵੀਂ ਜਦੋਂ ਕਿ ਵਿਸ਼ਵ ਪ੍ਰਸਿੱਧ ਖਾਲਸਾ ਕਾਲਜ ਤੋਂ ਬਾਰ੍ਹਵੀ ਦੀ ਪੜ੍ਹਾਈ ਕਰਨ ਉਪਰੰਤ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਫਰੀਦਕੋਟ ਤੋਂ ਐਮਬੀਬੀਐਸ ਡਾਕਟਰ ਦੀ ਡਿਗਰੀ ਵੀ ਹਾਸਲ ਕੀਤੀ ਤੇ ਫਿਰ ਆਈਪੀਐਸ ਅਫਸਰ ਬਣਨ ਦਾ ਸੁਪਨਾ ਅੱਖਾਂ ਵਿੱਚ ਸੰਜੋ ਕੇ ਤਿਆਰੀ ਕਰਨੀ ਸ਼ੁਰੂ ਕੀਤੀ। ਸੰਨ 2009 ਦੇ ਵਿੱਚ ਮਾਨਵਜੀਤ ਸਿੰਘ ਨੇ ਆਈਪੀਐਸ ਅਧਿਕਾਰੀ ਬਣਨ ਲਈ ਕੌਮੀ ਪੱਧਰ ਦੀ ਪ੍ਰੀਖਿਆ ਦਿੱਤੀ ਤੇ ਸਫਲਤਾ ਹਾਂਸਲ ਕੀਤੀ। ਇਸ ਤੋਂ ਤੁਰੰਤ ਬਾਅਦ ਭਾਰਤ ਸਰਕਾਰ ਦੇ ਗ੍ਰਹਿ ਵਿਭਾਗ ਦੇ ਵੱਲੋਂ ਮਾਨਵਜੀਤ ਸਿੰਘ ਆਈਪੀਐਸ ਨੂੰ ਬਿਹਾਰ ਕੇਡਰ ਅਲਾਟ ਕਰਕੇ ਸੇਵਾਵਾਂ ਨਿਭਾਉਣ ਦੇ ਦਿਸ਼ਾ ਨਿਰਦੇਸ਼ ਜਾਰੀ ਕੀਤੇ। ਇਸੇ ਤਰ੍ਹਾਂ ਉਨ੍ਹਾਂ ਦੀ ਨੂੰਹ ਹਰਪ੍ਰੀਤ ਕੌਰ ਪੁੱਤਰੀ ਜੋਗਿੰਦਰ ਸਿੰਘ ਨਿਵਾਸੀ ਪਿੰਡ ਅਲਕੜਾ ਜ਼ਿਲ੍ਹਾ ਬਰਨਾਲਾ ਨੇ ਮੁੱਢਲੀ ਵਿੱਦਿਆ ਤੇ ਬਾਰ੍ਹਵੀਂ ਤੱਕ ਦੀ ਪੜ੍ਹਾਈ ਆਪਣੇ ਇਲਾਕੇ ਦੇ ਸਕੂਲਾਂ ਵਿੱਚੋਂ ਕਰਨ ਉਪਰੰਤ ਬੀਕਾਮ ਦੀ ਡਿਗਰੀ ਚੰਡੀਗੜ੍ਹ ਤੋਂ ਹਾਸਲ ਕਰਨ ਉਪਰੰਤ ਸੀਏ ਦੀ ਉੱਚ ਵਿੱਦਿਆ ਹਾਸਲ ਕਰਨ ਦੇ ਨਾਲ-ਨਾਲ ਆਈਪੀਐਸ ਅਫਸਰ ਬਣਨ ਲਈ ਮੁਕੰਮਲ ਤਿਆਰੀ ਕਰਨ ਉਪਰੰਤ ਇਸ ਨੂੰ ਹਕੀਕੀ ਰੂਪ ਦੇਣ ਲਈ ਸੰਨ 2009 ਦੇ ਵਿੱਚ ਹਰਪ੍ਰੀਤ ਕੌਰ ਨੇ ਵੀ ਆਈਪੀਐਸ ਅਧਿਕਾਰੀ ਬਣਨ ਲਈ ਕੌਮੀ ਪੱਧਰ ਦੀ ਪ੍ਰੀਖਿਆ ਦਿੱਤੀ ਤੇ ਸਫਲਤਾ ਹਾਸਲ ਕੀਤੀ। ਇਸ ਤੋਂ ਤੁਰੰਤ ਬਾਅਦ ਭਾਰਤ ਸਰਕਾਰ ਦੇ ਗ੍ਰਹਿ ਵਿਭਾਗ ਦੇ ਵੱਲੋਂ ਹਰਪ੍ਰੀਤ ਕੌਰ ਆਈਪੀਐਸ ਨੂੰ ਬਿਹਾਰ ਕੇਡਰ ਅਲਾਟ ਕਰਕੇ ਸੇਵਾਵਾਂ ਨਿਭਾਉਣ ਦੇ ਦਿਸ਼ਾ ਨਿਰਦੇਸ਼ ਜਾਰੀ ਕੀਤੇ। ਮਾਨਵਜੀਤ ਸਿੰਘ ਤੇ ਹਰਪ੍ਰੀਤ ਕੌਰ ਨੇ ਆਪਣਾ ਟ੍ਰੇਨਿੰਗ ਪੀਰੀਅਡ ਪੂਰਾ ਕਰਨ ਉਪਰੰਤ ਬਿਹਾਰ ਦੇ ਵੱਖ-ਵੱਖ ਜ਼ਿਲ੍ਹਿਆਂ ਦੇ ਵਿੱਚ ਬਤੌਰ ਆਈਪੀਐਸ ਅਧਿਕਾਰੀ ਸ਼ਾਨਦਾਰ ਤੇ ਬੇਮਿਸਾਲ ਸੇਵਾਵਾਂ ਦਿੱਤੀਆਂ। ਜਿਸ ਕਾਰਨ ਦੋਵਾਂ ਨੂੰ ਹੀ ਬਿਹਾਰ ਤੇ ਕੇਂਦਰ ਸਰਕਾਰ ਵੱਲੋਂ ਤਰੱਕੀ ਦੇ ਕੇ ਡੀਆਈਜੀ ਬਣਾਇਆ ਗਿਆ ਹੈ। ਦੋਵੇਂ ਆਈਪੀਐਸ ਅਧਿਕਾਰੀਆਂ ਦੀ ਤਰੱਕੀ ਨੂੰ ਲੈਕੇ ਉਨ੍ਹਾਂ ਦੇ ਮਾਤਾ-ਪਿਤਾ ਸੇਵਾਮੁਕਤ ਪ੍ਰਿੰਸੀਪਲ ਮਨਜਿੰਦਰ ਸਿੰਘ ਢਿੱਲੋਂ, ਬਲਜੀਤ ਕੌਰ ਨੂੰ ਇਲਾਕਾ ਕਰਤਾਰ ਨਗਰ ਛੇਹਰਟਾ ਨਿਵਾਸੀਆਂ ਤੇ ਜੱਦੀ ਪਿੰਡ ਕਸੇਲ ਜ਼ਿਲ੍ਹਾ ਤਰਨਤਾਰਨ ਦੇ ਵਾਸੀਆਂ ਤੇ ਹੋਰਨਾਂ ਰਿਸ਼ਤੇਦਾਰਾਂ ਤੇ ਸਕੇ-ਸਬੰਧੀਆਂ ਦੇ ਵੱਲੋਂ ਵਧਾਈਆਂ ਦਿੱਤੇ ਜਾਣ ਦਾ ਸਿਲਸਿਲਾ ਪੂਰੇ ਜ਼ੋਰਾਂ 'ਤੇ ਹੈ। ਉਨ੍ਹਾਂ ਕਿਹਾ ਕਿ ਉਹ ਬਹੁਤ ਜਲਦ ਭਾਰਤ ਵਾਪਸ ਪਰਤਣਗੇ ਤੇ ਫਿਰ ਨੂੰਹ-ਪੁੱਤ ਨੂੰ ਬੁਲਾ ਕੇ ਉਨ੍ਹਾਂ ਦਾ ਸ਼ਾਹੀਆਨਾ ਸਵਾਗਤ ਤੇ ਮਾਨ-ਸਨਮਾਨ ਕਰਨਗੇ। ਜਿਕਰਯੋਗ ਹੈ ਕਿ ਦੋਵਾਂ ਆਈਪੀਐਸ ਅਧਿਕਾਰੀਆਂ ਦੇ ਚਹੇਤਿਆਂ ਤੇ ਨਜਦੀਕੀਆ ਦੇ ਵੱਲੋਂ ਇਸ ਖਬਰ ਨੂੰ ਸ਼ੋਸ਼ਲ ਮੀਡੀਆ ਤੇ ਬੜੀ ਸ਼ਿਦੱਤ ਨਾਲ ਨਸ਼ਰ ਕਰਦਿਆਂ ਖੁਸ਼ੀ ਦਾ ਇਜ਼ਹਾਰ ਕੀਤਾ ਗਿਆ ਹੈ

## ਅਟਾਰੀ ਵਿਖੇ ਹਾਕੀ ਲੀਗ ਦੀ ਹੋਈ ਸ਼ੁਰੂਆਤ



ਅਟਾਰੀ , (ਪੱਤਰ ਪ੍ਰੇਰਕ)- ਸਰਹੱਦੀ ਪਿੰਡ ਅਟਾਰੀ ਵਿਖੇ ਹਲਕਾ ਵਿਧਾਇਕ ਜਸਵਿੰਦਰ ਸਿੰਘ ਰਮਦਾਸ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਅਟਾਰੀ ਹਰਦੇਵ ਸਿੰਘ ਤੇ ਸੀਨੀਅਰ ਆਮ ਵਲੰਟੀਅਰ ਕੁਲਵੰਤ ਸਿੰਘ ਕੋਕਾਕੋਲਾ ਵਾਲਿਆਂ ਦੀ ਅਗਵਾਈ ਹੇਠ ਹਾਕੀ ਲੀਗ ਦੀ ਸ਼ੁਰੂਆਤ ਕਰਵਾਈ ਗਈ। ਇਸ ਮੌਕੇ ਹਰਦੇਵ ਸਿੰਘ ਤੇ ਕੁਲਵੰਤ ਸਿੰਘ ਨੇ ਸਾਂਝੇ ਤੌਰ 'ਤੇ ਗੱਲਬਾਤ ਕਰਦਿਆਂ ਦੱਸਿਆ ਕਿ ਇਹ ਹਾਕੀ ਲੀਗ 5 ਦਿਨ ਚੱਲੇਗੀ। ਇਸ ਲੀਗ ਵਿਚ ਭਾਗ ਲੈਣ ਵਾਲੇ ਖਿਡਾਰੀਆਂ ਨੂੰ ਰਿਫਰੈਸ਼ਮੈਂਟ ਵੀ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਇਸ ਲੀਗ ਵਿਚ ਐੱਨਆਰਆਈ ਨਵਜੋਤ ਸਿੰਘ ਕਨੇਡਾ, ਅਰਸ਼ਦੀਪ ਸਿੰਘ ਸੰਧੂ ਨੇਸ਼ਟਾ ਕੈਨੇਡਾ ਅਤੇ ਗੁਰਵਿੰਦਰ ਸਿੰਘ ਆਬੂਧਾਬੀ ਵੱਲੋਂ ਖਾਸ ਯੋਗਦਾਨ ਪਾਇਆ ਗਿਆ ਹੈ। ਉਨ੍ਹਾਂ ਇਹ ਵੀ ਜਾਣਕਾਰੀ ਦਿੱਤੀ ਕਿ ਫਾਇਨਲ ਮੈਚ ਜੇਤੂ ਰਹਿਣ ਵਾਲੀ ਟੀਮ ਨੂੰ ਹਲਕਾ ਵਿਧਾਇਕ ਜਸਵਿੰਦਰ ਸਿੰਘ ਰਮਦਾਸ ਵਲੋਂ ਇਨਾਮ ਦਿੱਤੇ ਜਾਣਗੇ। ਇਸ ਮੌਕੇ ਹਰਮੇਸ਼ ਸਿੰਘ ਅਟਾਰੀ, ਕੋਚ ਅਮਰਜੀਤ ਸਿੰਘ ਅਟਾਰੀ, ਕੋਚ ਨਵਜੀਤ ਸਿੰਘ, ਕੋਚ ਧਰਮਵੀਰ ਸਿੰਘ, ਜਸਮੀਤ ਸਿੰਘ, ਰਣਵਿਜੇ ਸਿੰਘ, ਹਰਯੋਧਵੀਰ ਸਿੰਘ, ਗੁਰਬੀਰ ਸਿੰਘ, ਮੰਗਜੀਤ ਸਿੰਘ, ਸ਼ਰਨਜੀਤ ਸਿੰਘ, ਸਰਬਦੀਪ ਸਿੰਘ, ਹਰਵਿੰਦਰ ਸਿੰਘ ਰਾਜਾ, ਸਰਮੱਖ ਸਿੰਘ, ਗੁਰਪ੍ਰੀਤ ਸਿੰਘ ਸਿੰਘਾਪੁਰ ਅਤੇ ਅਰਸ਼ਦੀਪ ਸਿੰਘ ਅਟਾਰੀ ਆਦਿ ਹਾਜ਼ਰ ਸਨ।

## ਸਹੀਦੀ ਸਭਾ ਦੇ ਅਖੀਰਲੇ ਦਿਨ ਵਿਸਵ ਯੂਨੀਵਰਸਿਟੀ ਵਲੋਂ ਨਗਰ ਕੀਰਤਨ 'ਚ ਸਮੂਲੀਅਤ

ਫਤਹਿਗੜ੍ਹ ਸਾਹਿਬ, (ਪੱਤਰ ਪ੍ਰੇਰਕ)- ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜਾਦਿਆਂ ਬਾਬਾ ਜੋਰਾਵਰ ਸਿੰਘ, ਬਾਬਾ ਫਤਹਿ ਸਿੰਘ ਤੇ ਮਾਤਾ ਗੁਜਰੀ ਜੀ ਦੀ ਲਾਸਾਨੀ ਸਹਾਦਤ ਨੂੰ ਸਿਜਦਾ ਕਰਦਿਆਂ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਸਵ ਯੂਨੀਵਰਸਿਟੀ ਫਤਹਿਗੜ੍ਹ ਸਾਹਿਬ ਵਲੋਂ ਸਹੀਦੀ ਸਭਾ ਸਮੇਂ ਵੱਖ-ਵੱਖ ਕੈਂਪ ਲਗਾਏ ਗਏ . ਇਨ੍ਹਾਂ ਕੈਂਪ 'ਚ ਯੂਨੀਵਰਸਿਟੀ ਵਲੋਂ ਮੁਫਤ ਕੈਂਸਰ ਜਾਂਚ, ਜਾਣਕਾਰੀ ਕੈਂਪ, ਮੁਫਤ ਫਿਜੀਓਥੈਰੇਪੀ, ਹੋਮਿਓਪੈਥੀ ਦੇ ਸੇਵਾ ਕੈਂਪ, ਪੁਸਤਕ ਪ੍ਰਦਰਸਨੀ, ਦਸਤਾਰ ਸਿਖਲਾਈ ਸੇਵਾ ਕੈਂਪ ਅਤੇ ਸਿੱਖ ਧਰਮ ਨਾਲ ਸੰਬੰਧਿਤ ਡਾਕੂਮੈਂਟਰੀਆਂ ਦੇ ਸੋਅ ਸਾਮਿਲ ਸਨ . ਇਸ ਤੋਂ ਇਲਾਵਾ ਸਹੀਦਾਂ ਦੀ ਯਾਦ 'ਚ ਸੈਮੀਨਾਰ ਵੀ ਲਗਾਇਆ ਗਿਆ, ਜਦੋਂਕਿ ਯੂਨੀਵਰਸਿਟੀ ਦੇ ਉਪ ਕੁਲਪਤੀ ਡਾ. ਪਰਿਤਪਾਲ ਸਿੰਘ ਸਟਾਫ ਤੇ ਵਿਦਿਆਰਥੀਆਂ ਦੇ ਨਾਲ ਸਹੀਦੀ ਸਭਾ ਦੇ ਆਖਰੀ ਦਿਨ ਅੱਜ ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ ਤੋਂ ਸਜਾਏ ਸਹੀਦੀ ਨਗਰ ਕੀਰਤਨ 'ਚ ਸਾਮਿਲ ਹੋਏ . ਡਾ. ਪਰਿਤਪਾਲ ਸਿੰਘ ਨੇ ਦੱਸਿਆ ਕਿ ਯੂਨੀਵਰਸਿਟੀ ਵਲੋਂ ਸਹੀਦੀ ਸਭਾ ਦੌਰਾਨ ਚਲਾਏ ਇਨ੍ਹਾਂ ਸਮਾਗਮਾਂ ਤੇ ਸੇਵਾ ਕਾਰਜਾਂ ਦਾ ਮੁੱਖ ਉਦੇਸ ਦੂਰ-ਦੁਰਾਡੇ ਤੋਂ ਆਈਆਂ ਸੰਗਤਾਂ 'ਚ ਸਿੱਖ ਵਿਰਸੇ ਸਬੰਧੀ ਜਾਗਰੂਕਤਾ ਫੈਲਾਉਣਾ ਹੈ ਤਾਂ ਜੋ ਉਹ ਫਤਹਿਗੜ੍ਹ ਸਾਹਿਬ ਦੀ ਮੁਕੱਦਸ ਧਰਤੀ 'ਤੇ ਦਿੱਤੀਆਂ ਲਾਸਾਨੀ ਸਹਾਦਤਾਂ ਤੋਂ ਸੇਧ ਲੈ ਸਕਣ ਤੇ ਆਪਣੇ ਧਰਮ ਨਾਲ ਜੁੜ ਸਕਣ . ਉਨ੍ਹਾਂ ਦੱਸਿਆ ਕਿ ਵਿਸਵ ਕੈਂਸਰ ਕੇਅਰ ਚੈਰੀਟੇਬਲ ਟਰੱਸਟ, ਇੰਗਲੈਂਡ ਦੇ ਸਹਿਯੋਗ ਨਾਲ ਯੂਨੀਵਰਸਿਟੀ ਵਿਖੇ ਮੁਫਤ ਕੈਂਸਰ ਜਾਂਚ ਅਤੇ ਜਾਣਕਾਰੀ ਕੈਂਪ ਵਿਚ 1 ਹਾਜਰ ਤੋਂ ਵੱਧ ਮਰੀਜਾਂ ਦੀ ਜਾਂਚ ਕੀਤੀ ਗਈ ਅਤੇ ਇਸ ਭਿਆਨਕ ਬਿਮਾਰੀ ਤੋਂ ਬਚਣ ਤੇ ਇਸ ਦੇ ਇਲਾਜ ਸੰਬੰਧੀ ਮਹੱਤਵਪੂਰਨ ਜਾਣਕਾਰੀ ਦਿੱਤੀ ਗਈ . ਫਿਜੀਓਥੈਰਪੀ ਤੇ ਹੋਮੀਓਪੈਥੀ ਸੇਵਾ ਕੈਂਪਾਂ 'ਚ ਵੀ 1 ਹਾਜਰ ਤੋਂ ਵੱਧ ਮਰੀਜਾਂ ਦਾ ਮੁਫਤ ਇਲਾਜ ਕੀਤਾ ਗਿਆ . 5 ਸੌ ਤੋਂ ਜਿਆਦਾ ਵਿਦਿਆਰਥੀਆਂ ਨੇ ਦਸਤਾਰ ਸਿਖਲਾਈ ਕੈਂਪਾਂ 'ਚ ਭਾਗ ਲਿਆ . ਪੁਸਤਕ ਪ੍ਰਦਰਸਨੀ ਨੂੰ ਸੰਗਤਾਂ ਪਾਸੋਂ ਬਹੁਤ ਹੀ ਭਰਵਾਂ ਹੁੰਗਾਰਾ ਮਿਲਿਆ ਅਤੇ ਲਗਪਗ ਤਿੰਨ ਹਾਜਰ ਤੋਂ ਵੱਧ ਲੋਕਾਂ ਨੇ ਪੁਸਤਕ ਪ੍ਰਦਰਸਨੀ ਦਾ ਲਾਹਾ ਲਿਆ . ਨਗਰ ਕੀਰਤਨ ਦੌਰਾਨ ਯੂਨੀਵਰਸਿਟੀ ਦੀ ਗੱਤਕਾ ਟੀਮ ਵਲੋਂ ਸਾਨਦਾਰ ਗੱਤਕੇ ਦੇ ਜੌਹਰ ਪੇਸ ਕੀਤੇ ਗਏ .

## ਬਾਗਬਾਨੀ ਵਿਭਾਗ ਵਲੋਂ ਸਹੀਦੀ ਸਭਾ ਮੌਕੇ ਲਗਾਇਆ ਸਟਾਲ

ਫਤਹਿਗੜ੍ਹ ਸਾਹਿਬ, (ਪੱਤਰ ਪ੍ਰੇਰਕ)- ਸਹੀਦੀ ਸਭਾ 'ਚ ਲਗਾਈਆਂ ਵਿਕਾਸ ਪ੍ਰਦਰਸਨੀਆਂ 'ਚ ਬਾਗਬਾਨੀ ਵਿਭਾਗ ਦੀਆਂ ਸਕੀਮਾਂ ਦੀ ਜਾਣਕਾਰੀ ਲੈਣ ਤੇ ਵਿਭਾਗੀ ਅਧਿਕਾਰੀਆਂ ਨਾਲ ਸਿੱਧਾ ਰਾਬਤਾ ਕਾਇਮ ਕਰਨ ਲਈ ਸਟਾਲ ਲਗਾਇਅ ਗਿਆ . ਜਿਸ 'ਚ ਲੋਕਾਂ ਨੂੰ ਬਾਗਬਾਨੀ ਵਿਭਾਗ ਫਤਹਿਗੜ੍ਹ ਸਾਹਿਬ ਵਲੋਂ ਖੁੰਬਾਂ ਦੀ ਕਾਸਤ, ਮਧੂ ਮੱਖੀ ਪਾਲਣ, ਹਾਈਬਰਿਡ ਸਬਜੀਆਂ ਤੇ ਵਰਮੀ ਕੰਪੋਸਟ ਆਦਿ ਨੂੰ ਦਰਸਾਉਂਦੀ ਹੋਈ ਪ੍ਰਦਰਸਨੀ ਖਿੱਚ ਦਾ ਕੇਂਦਰ ਰਹੀ . ਇਸ ਮੌਕੇ ਸਹਾਇਕ ਡਾਇਰੈਕਟਰ ਬਾਗਬਾਨੀ ਜਗਦੀਪ ਸਿੰਘ ਨੇ ਦੱਸਿਆ ਕਿ ਵਿਭਾਗ ਦੀਆਂ ਸਕੀਮਾਂ ਦੀ ਜਾਣਕਾਰੀ ਲੈਣ ਲਈ ਵਿਭਾਗ ਦੇ ਅਧਿਕਾਰੀਆਂ ਰੁਪਿੰਦਰ ਕੌਰ ਬਾਗਬਾਨੀ ਵਿਕਾਸ ਅਫਸਰ ਆਮ.ਖਾਸ.ਬਾਗ ਸਰਹਿੰਦ ਗੁਰਪ੍ਰੀਤ ਸਿੰਘ ਬਾਗਬਾਨੀ ਵਿਕਾਸ ਅਫਸਰ ਖਮਾਣੋਂ/ ਬਸੀ ਪਠਾਣਾਂ, ਰਮਨਦੀਪ ਕੌਰ ਬਾਗਬਾਨੀ ਵਿਕਾਸ ਅਫਸਰ ਸਰਹਿੰਦ/ਅਮਲੋਹ, ਨਾਲ ਸੰਪਰਕ ਕੀਤਾ ਜਾ ਸਕਦਾ ਹੈ .

## ਸਿਹੌੜਾ ਵਾਸੀਆਂ ਦੀਆਂ ਪੰਚਾਇਤ ਮਹਿਕਮੇ ਨੇ ਸੁਣੀਆਂ ਮੁਸ਼ਕਲਾਂ



ਜੌੜੇਪੁਲ ਜਰਗ , (ਪੱਤਰ ਪ੍ਰੇਰਕ)- ਪਿੰਡ ਸਿਹੌੜਾ ਸਾਹਿਬ ਦੇ ਪੰਚਾਇਤ ਘਰ 'ਚ ਸਰਪੰਚ ਇਸ਼ਵਿੰਦਰ ਕੌਰ ਗ੍ਰਾਮ ਪੰਚਾਇਤ ਸਿਹੌੜਾ ਤੇ ਬੀਡੀਪੀਓ ਗੁਰਵਿੰਦਰ ਕੌਰ ਦੀ ਦੇਖ ਰੇਖ ਹੇਠ ਤੇ ਸਬੰਧਤ ਅਧਿਕਾਰੀਆਂ ਦੀ ਹਾਜ਼ਰੀ 'ਚ ਪਿੰਡ ਵਾਸੀਆਂ ਦੀ ਮੌਜੂਦਗੀ 'ਚ ਆਮ ਇਜਲਾਸ ਕਰਵਾਇਆ ਗਿਆ। ਪਿੰਡ ਵਾਸੀਆਂ ਨੂੰ ਪੰਚਾਇਤ ਵੱਲੋਂ ਪਿੰਡ 'ਚ ਹੋ ਚੁੱਕੇ ਤੇ ਹੋਣ ਵਾਲੇ ਵਿਕਾਸ ਦੇ ਕੰਮਾਂ ਪ੍ਰਤੀ ਜਾਣੂ ਕਰਵਾਇਆ ਗਿਆ ਤੇ ਪਿੰਡ ਵਾਸੀਆਂ ਦੀਆਂ ਹੋਣ ਵਾਲੇ ਵਿਕਾਸ ਦੇ ਕੰਮਾਂ ਪ੍ਰਤੀ ਮੁਸ਼ਕਲਾਂ ਸੁਣੀਆਂ ਗਈਆਂ।ਸਰਪੰਚ ਇਸ਼ਵਿੰਦਰ ਕੌਰ ਨੇ ਕਿਹਾ ਪੰਜਾਬ ਤੇ ਕੇਂਦਰ ਸਰਕਾਰ ਵੱਲੋਂ ਜੋ ਫੰਡ, ਗ੍ਰਾਂਟਾਂ ਭੇਜੀਆਂ ਜਾਣਗੀਆਂ ਉਨ੍ਹਾਂ ਨੂੰ ਲੋਕ ਹਿੱਤਾਂ ਤੇ ਸਬੰਧਤ ਮਹਿਕਮੇ ਦੀਆਂ ਹਦਾਇਤਾਂ ਅਨੁਸਾਰ ਖਰਚ ਕੀਤੀਆਂ ਜਾਣਗੀਆਂ। ਇਸ ਸਮੇਂ ਸਰਪੰਚ ਇਸ਼ਵਿੰਦਰ ਕੌਰ, ਚਰਨਜੀਤ ਸਿੰਘ ਪੰਚ, ਧਲਵਿੰਦਰਜੀਤ ਪੰਚ, ਸਤਨਾਮ ਸਿੰਘ ਪੰਚ, ਜਗਜੀਵਨ ਸਿੰਘ ਕਾਲਾ, ਆਂਗਨਵਾੜੀ ਵਰਕਰ ਮਹਿੰਦਰ ਕੌਰ ਤੇ ਅੰਮ੍ਰਿ ਕੌਰ, ਆਸ਼ਾ ਵਰਕਰ ਪਰਮਜੀਤ ਕੌਰ ਮਨਰੇਗਾ ਕਿਰਤੀ ਪਿੰਡ ਵਾਸੀ ਹਾਜ਼ਰ ਹੋਏ।

## ਸਿੱਧਵਾਂ ਕਾਲਜ 'ਚ ਐੱਨਐੱਸਐੱਸ ਕੈਂਪ ਦਾ ਹੋਇਆ ਉਦਘਾਟਨ

ਚੌਂਕੀਮਾਨ , (ਪੱਤਰ ਪ੍ਰੇਰਕ)- ਖ਼ਾਲਸਾ ਕਾਲਜ ਫਾਰ ਵਿਮੈਂਨ ਵਿਖੇ ਸੱਤ ਰੋਜ਼ਾ ਰਾਸ਼ਟਰੀ ਯੋਜਨਾ ਕੈਂਪ ਦਾ ਉਦਘਾਟਨ ਕੀਤਾ ਗਿਆ। 'ਸਵੱਛ ਭਾਰਤ ਅਭਿਆਨ ਤੇ ਫਿੱਟ ਇੰਡੀਆ' ਕੈਂਪੇਨ ਵਿਸ਼ੇ ਤਹਿਤ ਕਰਵਾਏ ਇਸ ਕੈਂਪ ਦੀ ਸ਼ੁਰੂਆਤ ਸ਼ਬਦ ਨਾਲ ਹੋਈ। ਪ੍ਰੋਗਰਾਮ ਅਫ਼ਸਰ ਪ੍ਰੋ. ਕਰਮਦੀਪ ਕੌਰ ਨੇ ਵਲੰਟੀਅਰਾਂ ਨੂੰ ਐੱਨਐੱਸਐੱਸ ਦੇ ਇਤਿਹਾਸ, ਮਹੱਹਤਾ ਤੇ ਮੋਟੋ 'ਨੋਟ ਮੀ ਬੱਟ ਯੂ' ਨੂੰ ਮੁੱਖ ਰੱਖਦਿਆਂ ਸਮਾਜ ਪ੍ਰਤੀ ਆਪਣੀਆਂ ਜ਼ਿੰਮੇਵਾਰੀਆਂ ਤੋਂ ਪੀਪੀਟੀ ਰਾਹੀਂ ਜਾਣੂੰ ਕਰਵਾਇਆ।ਪ੍ਰੋਗਰਾਮ ਅਫ਼ਸਰ ਪ੍ਰੋ. ਆਸ਼ੀਸ਼ ਕੁਮਾਰ ਨੇ ਡਾਕੂਮੈਂਟਰੀ ਫ਼ਲਮ ਰਾਹੀਂ ਵਲੰਟੀਅਰਾਂ ਨੂੰ ਅਰੋਗ ਜੀਵਨ ਬਿਤਾਉਣ ਤੇ ਸੁਚੱਜੀ ਜੀਵਨ ਸ਼ੈਲੀ ਅਪਣਾਉਣ ਲਈ ਪ੍ਰੇਰਿਤ ਕੀਤਾ। ਕੌਮਾਂਤਰੀ ਸੇਵਾ ਦੇ ਉਦੇਸ਼ ਨੂੰ ਮੁੱਖ ਰੱਖਦਿਆਂ ਵਲੰਟੀਅਰਾਂ ਨੇ ਸਿੱਧਵਾਂ ਖੁਰਦ ਪਿੰਡ ਵਿਚ ਵਿਚਰ ਕੇ ਵਾਹਨਾਂ ਤੇ ਰਿਫ਼ਲੈਕਟਿੰਗ ਟੇਪ ਚਿਪਕਾਈ ਤੇ ਪਿੰਡ ਵਾਸੀਆਂ ਨੂੰ ਆਵਾਜਾਈ ਦੇ ਨਿਯਮਾਂ ਤੋਂ ਜਾਣੂੰ ਕਰਵਾਇਆ।ਬੁੱਧਵਾਰ ਪਹਿਲੇ ਦਿਨ ਕੈਂਪ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਵਲੰਟੀਅਰਾਂ ਦੀ ਰਜਿਸਟ੍ਰੇਸ਼ਨ ਕੀਤੀ ਗਈ ਤੇ ਵੱਖ-ਵੱਖ ਕਮੇਟੀਆਂ ਜਿਨ੍ਹਾਂ 'ਚ ਅਨੁਸ਼ਾਸਨ, ਮੈੱਸ, ਸੱਭਿਆਚਾਰਕ, ਹਾਜ਼ਰੀ, ਸਫ਼ਾਈ ਅਤੇ ਪ੍ਰੈੱਸ ਕਮੇਟੀਆਂ ਬਣਾਈਆਂ ਗਈਆਂ। ਪ੍ਰੋਗਰਾਮ ਅਫ਼ਸਰਾਂ ਤੇ ਵਲੰਟੀਅਰਾਂ ਦੇ ਸਹਿਯੋਗ ਨਾਲ ਅੱਜ ਦਾ ਪਹਿਲਾ ਦਿਨ ਸਫਲਤਾਪੂਰਵਕ ਨੇਪਰੇ ਚੜ੍ਹਿਆ।

## ਪਿੰਡ ਝੜੌਦੀ 'ਚ ਕਰਵਾਇਆ ਆਮ ਇਜਲਾਸ



ਸ੍ਰੀ ਮਾਛੀਵਾੜਾ ਸਾਹਿਬ , (ਪੱਤਰ ਪ੍ਰੇਰਕ)- ਪਿੰਡ ਝੜੌਦੀ ਵਿਖੇ ਗ੍ਰਾਮ ਪੰਚਾਇਤ ਵਲੋਂ ਆਮ ਇਜਲਾਸ ਕਰਵਾਇਆ ਗਿਆ, ਜਿਸ 'ਚ ਵੱਡੀ ਗਿਣਤੀ ਲੋਕਾਂ ਨੇ ਸ਼ਮੂਲੀਅਤ ਕੀਤੀ। ਪਿੰਡ ਦੇ ਸਰਪੰਚ ਧਰਮਵੀਰ ਸਿੰਘ ਨੇ ਦੱਸਿਆ ਇਸ ਆਮ ਇਜਲਾਸ 'ਚ ਪਿੰਡ ਦੀਆਂ ਸਮੱਸਿਆਵਾਂ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ ਤੇ ਹੋਣ ਵਾਲੇ ਵਿਕਾਸ ਕਾਰਜਾਂ ਸਬੰਧੀ ਨੀਤੀ ਬਣਾਈ ਗਈ। ਇਸ ਮੌਕੇ ਵਿਨੀਤ ਕੁਮਾਰ ਝੜੌਦੀ, ਸੰਤੋਖ ਸਿੰਘ, ਬਲਵਿੰਦਰ ਸਿੰਘ (ਸਾਰੇ ਪੰਚ), ਹਰਪਾਲ ਸਿੰਘ, ਬਲਜੀਤ ਸਿੰਘ, ਜਸਪਾਲ ਸਿੰਘ, ਕਰਨੈਲ ਸਿੰਘ, ਸਤਪਾਲ ਸਿੰਘ, ਰਜਿੰਦਰ ਕੌਰ, ਰਛਪਾਲ ਕੌਰ, ਪਰਮਜੀਤ ਕੌਰ ਵੀ ਮੌਜੂਦ ਸਨ।

Editor: Surinder Singh, Dr. Bhai Paramjit Singh Publisher, Owner and Printers of Fortnightly 'Garjdi Saver' Printed from K.J. Printers, Published from Garjdi Saver Office 366/B-2, Anardana Chowk, Patiala, (Punjab) (R.N.I No.042481/86)

ਐਡੀਟਰ ਸੁਰਿੰਦਰ ਸਿੰਘ, ਪ੍ਰਿੰਟਰ ਪਬਲੀਸ਼ਰ ਅਤੇ ਮਾਲਕ ਡਾ. ਭਾਈ ਪਰਮਜੀਤ ਸਿੰਘ ਨੇ ਕੇ.ਜੇ. ਪ੍ਰਿੰਟਰਜ਼ ਤੋਂ ਛਪਵਾਕੇ ਦਫਤਰ ਪੰਦਰਵਾੜਾ 'ਗਰਜਦੀ ਸਵੇਰ' 366/ਬੀ-2 ਅਨਾਰਦਾਨਾ ਚੌਂਕ ਪਟਿਆਲਾ ਤੋਂ ਪ੍ਰਕਾਸ਼ਿਤ ਕੀਤਾ। ਆਰ.ਐਨ.ਆਈ. ਨੰ. 042481/86, ਫੋਨ ਨੰ: 0175-2216759

## ਅਗਰਵਾਲ ਵੈਸ ਸਮਾਜ ਵਲੋਂ ਲੋੜਵੰਦ ਸਕੂਲੀ ਵਿਦਿਆਰਥੀਆਂ ਨੂੰ ਗਰਮ ਜਰਸੀਆਂ ਵੰਡੀਆਂ

ਰਤੀਆ, (ਪੱਤਰ ਪ੍ਰੇਰਕ)-ਅਗਰਵਾਲ ਵੈਸ ਸਮਾਜ ਦੇ 13ਵੇਂ ਸਥਾਪਨਾ ਦਿਵਸ ਮੌਕੇ ਸਰਕਾਰੀ ਸੰਸਕ੍ਰਿ ਮਾਡਲ ਸੀਨੀਅਰ ਸੈਕੰਡਰੀ ਸਕੂਲ ਵਿਖੇ ਰਤੀਆ ਯੂਨਿਟ ਵਲੋਂ ਲੋੜਵੰਦ ਵਿਦਿਆਰਥੀਆਂ ਨੂੰ ਜਰਸੀ ਵੰਡਣ ਦੀ ਰਸਮ ਅਦਾ ਕੀਤੀ ਗਈ . ਜਿਸ 'ਚ ਮੁੱਖ ਮਹਿਮਾਨ ਸਮਾਜ ਸੇਵੀ ਰਾਜ ਕੁਮਾਰ ਗਰਗ ਸਨ, ਵਿਸੇਸ ਮਹਿਮਾਨ ਵਜੋਂ ਭਾਜਪਾ ਮੰਡਲ ਪ੍ਰਧਾਨ ਸੁਖਵਿੰਦਰ ਗੋਇਲ, ਮੰਡਲ ਜਨਰਲ ਸਕੱਤਰ ਪਵਨ ਗਰਗ, ਜਿਲ੍ਹਾ ਪ੍ਰਧਾਨ ਰਾਜਿੰਦਰ ਮਿੱਤਲ ਅਤੇ ਸਕੂਲ ਪ੍ਰਿੰਸੀਪਲ ਮਨੋਜ ਬਾਂਸਲ ਨੇ ਸ਼ਿਰਕਤ ਕੀਤੀ . ਪ੍ਰੋਗਰਾਮ ਦੀ ਪ੍ਰਧਾਨਗੀ ਰਤੀਆ ਪ੍ਰਧਾਨ ਲਵਕੇਸ ਮਿੱਤਲ ਨੇ ਕੀਤੀ . ਇਸ ਮੌਕੇ ਮਹਿਲਾ ਇਕਾਈ ਦੀ ਪ੍ਰਧਾਨ ਪੂਜਾ ਗੋਇਲ, ਸੀਨੀਅਰ ਮੀਤ ਪ੍ਰਧਾਨ ਜਨਕ ਰਾਜ ਗੋਇਲ, ਜਨਰਲ ਸਕੱਤਰ ਵਿਪਨ ਗੋਇਲ, ਸੋਮਨਾਥ ਗਰਗ, ਮਨੀਸ ਕੁਮਾਰ, ਖਜਾਨਚੀ, ਨਿਤੇਸ ਜਿੰਦਲ, ਅਮਿਤ ਗੋਇਲ, ਮੋਹਿਤ ਗੁਪਤਾ, ਅਜੇ ਗੋਇਲ, ਮਨੀਸ ਸਿੰਗਲਾ ਤੋਂ ਇਲਾਵਾ ਸਕੂਲ ਸਟਾਫ, ਡਾ . ਰਸਮੀ ਬਾਂਸਲ, ਮੋਨਿਕਾ ਜਿੰਦਲ, ਸਸੀ ਸਰਦਾਨਾ, ਗੁਰਵਿੰਦਰ ਸਿੰਘ ਆਦਿ ਵੀ ਹਾਜਰ ਸਨ . ਪ੍ਰੋਗਰਾਮ ਨੂੰ ਸੰਬੋਧਨ ਕਰਦਿਆਂ ਮੁੱਖ ਮਹਿਮਾਨ ਰਾਜਕੁਮਾਰ ਗਰਗ ਨੇ ਕਿਹਾ ਕਿ ਲੋੜਵੰਦਾਂ ਦੀ ਮਦਦ ਕਰਨਾ ਸਭ ਤੋਂ ਵੱਡਾ ਪੁੰਨ ਹੈ ਅਤੇ ਇਸ ਸਰਦੀ ਦੇ ਮੌਸਮ ਵਿੱਚ ਸਮਾਜ ਵਲੋਂ ਵੰਡੇ ਜਾ ਰਹੇ ਗਰਮ ਕੱਪੜੇ ਸਲਾਘਾਯੋਗ ਕਾਰਜ ਦਾ ਹਿੱਸਾ ਹਨ, ਭਾਜਪਾ ਮੰਡਲ ਪ੍ਰਧਾਨ ਸੁਖਵਿੰਦਰ ਗੋਇਲ ਨੇ ਕਿਹਾ ਕਿ ਅਗਰਵਾਲ ਵੈਸ ਸਮਾਜ ਵੱਲੋਂ ਸਮਾਜ ਸੇਵਾ ਦਾ ਕੰਮ ਕੀਤਾ ਜਾ ਰਿਹਾ ਹੈ . ਵੈਸ ਸਮਾਜ ਵੱਲੋਂ ਸਮੇਂ-ਸਮੇਂ 'ਤੇ ਕੀਤੇ ਜਾ ਰਹੇ ਉਪਰਾਲੇ ਜਿਕਰਯੋਗ ਹਨ ਅਤੇ ਇਸ ਲਈ ਸਮਾਜ ਦੇ ਵਰਕਰ ਵਧਾਈ ਦੇ ਹੱਕਦਾਰ ਹਨ . ਪ੍ਰੋਗਰਾਮ ਦੌਰਾਨ ਰਤੀਆ ਦੇ ਪ੍ਰਧਾਨ ਲਵਕੇਸ ਮਿੱਤਲ ਨੇ ਦੱਸਿਆ ਕਿ ਇਸ ਸਕੂਲ ਵਿਚ ਰਤੀਆ ਸਹਿਰ ਅਤੇ ਆਸ-ਪਾਸ ਦੇ ਇਲਾਕੇ ਦੇ ਵਿਦਿਆਰਥੀ ਆ ਰਹੇ ਹਨ ਜਿਨ੍ਹਾਂ ਨੂੰ ਗਰਮ ਕੱਪੜਿਆਂ ਦੀ ਲੋੜ ਹੈ, ਇਸ ਦੇ ਮੱਦੇਨਜਰ ਅਗਰਵਾਲ ਵੈਸ ਸਮਾਜ ਵਲੋਂ ਲੋੜਵੰਦਾਂ ਨੂੰ ਗਰਮ ਜਰਸੀ ਮੁਹੱਈਆ ਕਰਵਾਈ ਜਾ ਰਹੀ ਹੈ ਅਤੇ ਅੱਗੇ ਵੀ ਇਹ ਸੇਵਾ ਕੰਮ ਕੀਤਾ ਜਾਵੇਗਾ . ਮਹਿਲਾ ਇਕਾਈ ਦੀ ਪ੍ਰਧਾਨ ਪੂਜਾ ਗੋਇਲ ਨੇ ਦੱਸਿਆ ਕਿ ਅੱਜ ਪਹਿਲੇ ਪੜਾਅ ਵਿੱਚ 100 ਲੋੜਵੰਦ ਵਿਦਿਆਰਥੀਆਂ ਨੂੰ ਗਰਮ ਕੱਪੜੇ ਵੰਡੇ ਗਏ ਹਨ ਅਤੇ ਆਉਣ ਵਾਲੇ ਸਮੇਂ ਵਿੱਚ ਮੁੜ ਲੋੜਵੰਦ ਵਿਦਿਆਰਥਣਾਂ ਨੂੰ ਗਰਮ ਕੱਪੜੇ ਮੁਹੱਈਆ ਕਰਵਾਏ ਜਾਣਗੇ . ਸਕੂਲ ਦੇ ਪ੍ਰਿੰਸੀਪਲ ਮਨੋਜ ਬਾਂਸਲ ਨੇ ਜਰਸੀ ਵੰਡਣ 'ਤੇ ਅਗਰਵਾਲ ਵੈਸ ਸਮਾਜ ਦੇ ਅਹੁਦੇਦਾਰਾਂ ਦਾ ਧੰਨਵਾਦ ਕੀਤਾ, ਇਸ ਦੌਰਾਨ ਉਨ੍ਹਾਂ ਸਕੂਲ ਦੀ ਸਮੱਸਿਆ ਭਾਜਪਾ ਦੇ ਮੰਡਲ ਪ੍ਰਧਾਨ ਦੇ ਸਾਹਮਣੇ ਵੀ ਰੱਖੀ, ਜਿਸ ਨੂੰ ਮੰਡਲ ਪ੍ਰਧਾਨ ਵੱਲੋਂ ਹੱਲ ਕਰਨ ਦਾ ਭਰੋਸਾ ਦਿੱਤਾ ਗਿਆ .

## ਨਗਰ ਕੀਰਤਨ 'ਚ ਲੱਖਾਂ ਸੰਗਤਾਂ ਨੇ ਕੀਤੀ ਸਮੂਲੀਅਤ

ਫਤਹਿਗੜ੍ਹ ਸਾਹਿਬ, (ਪੱਤਰ ਪ੍ਰੇਰਕ)- ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜਾਦੇ ਬਾਬਾ ਜੋਰਾਵਰ ਸਿੰਘ ਜੀ, ਬਾਬਾ ਫਤਹਿ ਸਿੰਘ ਜੀ ਤੇ ਮਾਤਾ ਗੁਜਰੀ ਜੀ ਦੀ ਸਹਾਦਤ ਦੀ ਯਾਦ 'ਚ ਫਤਹਿਗੜ੍ਹ ਸਾਹਿਬ ਵਿਖੇ ਸਹੀਦੀ ਸਭਾ ਦੇ ਆਖਰੀ ਦਿਨ ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ ਤੋਂ ਸਜਾਇਆ ਨਗਰ ਕੀਰਤਨ ਗੁਰਦੁਆਰਾ ਸ੍ਰੀ ਜੋਤੀ ਸਰੂਪ ਸਾਹਿਬ ਵਿਖੇ ਪੁੱਜਣ 'ਤੇ ਅਰਦਾਸ ਉਪਰੰਤ ਧਾਰਮਿਕ ਰਿਵਾਇਤ ਅਨੁਸਾਰ ਸਹੀਦੀ ਸਭਾ ਦੀ ਸੰਪੂਰਨਤਾ ਹੋਈ . ਨਗਰ ਕੀਰਤਨ 'ਚ ਲੱਖਾਂ ਸੰਗਤਾਂ ਨੇ ਸਮੂਲੀਅਤ ਕੀਤੀ . ਇਸ ਮੌਕੇ ਸ੍ਰੋਮਣੀ ਦੇ ਪ੍ਰਧਾਨ ਐਡ. ਹਰਜਿੰਦਰ ਸਿੰਘ ਧਾਮੀ ਨੇ ਸਹੀਦੀ ਸਭਾ ਦੌਰਾਨ ਲੰਗਰਾਂ ਸਮੇਤ ਹੋਰ ਪੰਥਕ ਸੇਵਾਵਾਂ ਨਿਭਾਉਣ ਵਾਲੀਆਂ ਸੰਸਥਾਂਵਾਂ ਦਾ ਉਚੇਚੇ ਤੌਰ ਤੇ ਧੰਨਵਾਦ ਕੀਤਾ . ਨਗਰ ਕੀਰਤਨ ਦੌਰਾਨ ਸ੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਭਾਈ ਅਵਤਾਰ ਸਿੰਘ ਰਿਆ, ਜਨਰਲ ਸਕੱਤਰ ਭਾਈ ਗੁਰਚਰਨ ਸਿੰਘ ਗਰੇਵਾਲ, ਅੰਤ੍ਰਿੰਗ ਕਮੇਟੀ ਮੈਂਬਰ ਪਰਮਜੀਤ ਸਿੰਘ ਖਾਲਸਾ, ਬਾਬਾ ਗੁਰਪ੍ਰੀਤ ਸਿੰਘ, ਸਾਬਕਾ ਜਨਰਲ ਸਕੱਤਰ ਜਥੇ. ਕਰਨੈਲ ਸਿੰਘ ਪੰਜੋਲੀ, ਭਾਈ ਅਮਰਜੀਤ ਸਿੰਘ ਚਾਵਲਾ, ਗਿਆਨੀ ਫੂਲਾ ਸਿੰਘ, ਗਿਆਨੀ ਪ੍ਰਣਾਮ ਸਿੰਘ, ਗਿਆਨੀ ਪ੍ਰਿਪਾਲ ਸਿੰਘ, ਗਿਆਨੀ ਜਸਵਿੰਦਰ ਸਿੰਘ, ਮੈਂਬਰ ਸਰਵਣ ਸਿੰਘ ਕੁਲਾਰ, ਅਜਮੇਰ ਸਿੰਘ ਖੇੜਾ, ਚਰਨਜੀਤ ਸਿੰਘ ਕਾਲੇਵਾਲ, ਜਸਮੇਰ ਸਿੰਘ ਲਾਛੜੂ, ਹਰਪਾਲ ਸਿੰਘ ਜੱਲਾ, ਬਾਬਾ ਹਰੀ ਸਿੰਘ ਰੰਧਾਵੇ ਵਾਲੇ, ਬਾਬਾ ਲਖਬੀਰ ਸਿੰਘ ਰਤਵਾੜਾ ਸਾਹਿਬ, ਬਾਬਾ ਹਰਦੇਵ ਸਿੰਘ ਲੰਗਰਾਂ ਵਾਲੇ, ਬਾਬਾ ਮੇਜਰ ਸਿੰਘ ਸੋਢੀ, ਸ੍ਰੋਮਣੀ ਅਕਾਲੀ ਦਲ ਦੇ ਜਨਰਲ ਸਕੱਤਰ ਜਗਦੀਪ ਸਿੰਘ ਚੀਮਾ, ਕਰਨੈਲ ਸਿੰਘ ਪੀਰ ਮੁਹੰਮਦ, ਜਗਮੀਤ ਸਿੰਘ ਬਰਾੜ, ਸ੍ਰੋਮਣੀ ਕਮੇਟੀ ਦੇ ਸਕੱਤਰ ਪ੍ਰਤਾਪ ਸਿੰਘ, ਵਧੀਕ ਸਕੱਤਰ ਗੁਰਿੰਦਰ ਸਿੰਘ ਮਥਰੇਵਾਲ, ਮੀਤ ਸਕੱਤਰ ਗੁਰਚਰਨ ਸਿੰਘ ਕੋਹਾਲਾ, ਵਿਧਾਇਕ ਲਖਬੀਰ ਸਿੰਘ ਰਾਏ, ਦੇਵ ਸਿੰਘ ਮਾਨ, ਵਿਧਾਇਕ ਰੁਪਿੰਦਰ ਸਿੰਘ ਹੈਪੀ, ਸਾਬਕਾ ਵਿਧਾਇਕ ਦੀਦਾਰ ਸਿੰਘ ਭੱਟੀ, ਸੰਸਦ ਮੈਂਬਰ ਡਾ. ਅਮਰ ਸਿੰਘ, ਸਾਬਕਾ ਵਿਧਾਇਕ ਕੁਲਜੀਤ ਸਿੰਘ ਨਾਗਰਾ, ਗੁਰਪ੍ਰੀਤ ਸਿੰਘ (ਜੀ.ਪੀ), ਐਡਵੋਕੇਟ ਅਮਰਦੀਪ ਸਿੰਘ ਧਾਰਨੀ, ਇੰਜੀ. ਕੰਵਰਵੀਰ ਸਿੰਘ ਟੌਹੜਾ, ਇੰਚਾਰਜ ਗੁਰਨਾਮ ਸਿੰਘ, ਸੁਖਬੀਰ ਸਿੰਘ, ਮੈਨੇਜਰ ਭਗਵੰਤ ਸਿੰਘ ਧੰਗੇੜਾ, ਗੁਰਦੀਪ ਸਿੰਘ ਕੰਗ, ਨੱਥਾ ਸਿੰਘ, ਜਰਨੈਲ ਸਿੰਘ, ਬਲਵਿੰਦਰ ਸਿੰਘ ਭਮਾਰਸੀ, ਨਰਿੰਦਰਜੀਤ ਸਿੰਘ ਭਵਾਨੀਗੜ੍ਹ, ਅਮਰਜੀਤ ਸਿੰਘ, ਮੀਤ ਮੈਨੇਜਰ ਜਰਨੈਲ ਸਿੰਘ ਮਕਰੌੜ ਸਾਹਿਬ, ਦਵਿੰਦਰ ਸਿੰਘ ਬਾਜਵਾ, ਬਲਜੀਤ ਸਿੰਘ ਭੁੱਟਾ, ਡਾ. ਕਸਮੀਰ ਸਿੰਘ, ਡਾ. ਪ੍ਰਿਪਾਲ ਸਿੰਘ, ਡਾ. ਲਖਵੀਰ ਸਿੰਘ, ਦਰਬਾਰਾ ਸਿੰਘ ਰੰਧਾਵਾ, ਲਖਵੀਰ ਸਿੰਘ ਥਾਂਬਲਾ, ਗੁਰਮੀਤ ਸਿੰਘ ਧਾਲੀਵਾਲ, ਹਰਵਿੰਦਰ ਸਿੰਘ ਬੱਬਲ, ਅਮਰ ਇੰਦਰ ਸਿੰਘ ਲਿਬੜਾ, ਸਰਬਜੀਤ ਸਿੰਘ ਝਿੰਜਰ, ਸਰਨਜੀਤ ਸਿੰਘ ਚਨਾਰਥਲ ਤੋਂ ਇਲਾਵਾ ਵੱਡੀ ਗਿਣਤੀ 'ਚ ਸੰਗਤਾਂ ਹਾਜਰ ਸਨ .

ਸੰਗਤੀ ਰੂਪ 'ਚ ਮੂਲ ਮੰਤਰ ਦੇ ਜਾਪ ਨੇ ਸਿਰਜਿਆ ਵਿਸਮਾਦੀ ਮਾਹੌਲ

ਛੋਟੇ ਸਾਹਿਬਜਾਦਿਆਂ ਬਾਬਾ ਜੋਰਾਵਰ ਸਿੰਘ ਜੀ, ਬਾਬਾ ਫਤਹਿ ਸਿੰਘ ਜੀ ਤੇ ਮਾਤਾ ਗੁਜਰੀ ਜੀ ਦੇ ਸਹੀਦੀ ਦਿਹਾੜੇ ਸੰਬੰਧੀ ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ ਤੋਂ ਸਜਾਏ ਨਗਰ ਕੀਰਤਨ ਦੌਰਾਨ ਉਸ ਵੇਲੇ ਮਾਹੌਲ ਹੋਰ ਵੀ ਵਿਸਮਾਦੀ ਹੋ ਗਿਆ, ਜਦੋਂ ਸੰਗਤਾਂ ਨੇ ਸੰਗਤੀ ਰੂਪ 'ਚ ਮੂਲ ਮੰਤਰ ਦੇ ਜਾਪ ਕੀਤੇ . ਜਿਕਰਯੋਗ ਹੈ ਕਿ ਸ੍ਰੀ ਅਕਾਲ ਤਖਤ ਸਾਹਿਬ ਵਲੋਂ ਸੰਗਤਾਂ ਨੂੰ ਸਾਹਿਬਜਾਦਿਆਂ ਅਤੇ ਮਾਤਾ ਗੁਜਰੀ ਜੀ ਦੇ ਸਹੀਦੀ ਦਿਹਾੜੇ ਮੌਕੇ ਸਵੇਰੇ 10 ਵਜੇ 10 ਮਿੰਟ ਲਈ ਮੂਲ ਮੰਤਰ ਦਾ ਜਾਪ ਕਰਨ ਲਈ ਕਿਹਾ ਗਿਆ ਸੀ . ਇਸ ਸੰਬੰਧ 'ਚ ਜਿੱਥੇ ਗੁਰਦੁਆਰਾ ਵੱਖ-ਵੱਖ ਗੁਰਦੁਆਰਾ ਸਾਹਿਬਾਨ 'ਚ ਮੂਲ ਮੰਤਰ ਦੇ ਜਾਪ ਹੋਏ, ਉੱਥੇ ਹੀ ਸਹੀਦੀ ਨਗਰ ਕੀਰਤਨ 'ਚ ਸਾਮਿਲ ਸ੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਸਮੇਤ ਪ੍ਰਮੁੱਖ ਸਖਸੀਅਤਾਂ ਅਤੇ ਸੰਗਤਾਂ ਨੇ ਵੀ ਮੂਲ ਮੰਤਰ ਦਾ ਜਾਪ ਕਰਕੇ ਸਾਹਿਬਜਾਦਿਆਂ ਅਤੇ ਮਾਤਾ ਗੁਜਰੀ ਜੀ ਨੂੰ ਸਤਿਕਾਰ ਭੇਟ ਕੀਤਾ .

## 'ਸਫਰ-ਏ-ਸਹਾਦਤ' ਨੂੰ ਸਮਰਪਿਤ ਧਾਰਮਿਕ ਸਮਾਗਮ

ਖਮਾਣੋਂ, (ਪੱਤਰ ਪ੍ਰੇਰਕ)-ਸਫਰ-ਏ-ਸਹਾਦਤ ਧੰਨ-ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਚਾਰ ਸਾਹਿਬਜਾਦੇ, ਮਾਤਾ ਗੁਜਰੀ ਜੀ ਤੇ ਸਿੰਘ, ਸਿੰਘਣੀਆਂ ਦੀ ਸਹਾਦਤ ਨੂੰ ਸਮਰਪਿਤ ਗੁਰਮਤਿ ਸਮਾਗਮ ਗੁਰਦੁਆਰਾ ਸ੍ਰੀ ਸਿੰਘ ਸਭਾ ਗੁਰਦੁਆਰਾ ਸਾਹਿਬ ਬਿਲਾਸਪੁਰ ਰੋਡ ਖਮਾਣੋਂ ਵਿਖੇ ਸਰਧਾ ਭਾਵਨਾ ਤੇ ਸਤਿਕਾਰ ਸਹਿਤ ਕਰਵਾਇਆ ਗਿਆ . ਇਸ ਮੌਕੇ ਭਾਈ ਬਚਿੱਤਰ ਸਿੰਘ ਪ੍ਰਚਾਰਕ ਸ੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਸ੍ਰੀ ਗੋਬਿੰਦ ਸਿੰਘ ਜੀ ਦੇ ਚਾਰ ਸਾਹਿਬਜਾਦਿਆਂ ਦੁਆਰਾ ਧਰਮ ਦੀ ਖਾਤਰ ਛੋਟੀ ਉਮਰੇ ਦਿੱਤੀ ਅਦੁੱਤੀ ਤੇ ਲਾਸਾਨੀ ਸਹਾਦਤ ਬਾਰੇ ਸੰਗਤਾਂ ਨੂੰ ਜਾਣੂ ਕਰਵਾਇਆ . ਜਾਣਕਾਰੀ ਦਿੰਦਿਆਂ ਕਮੇਟੀ ਦੇ ਮੁੱਖ ਸਲਾਹਕਾਰ ਦਿਲਬਾਰਾ ਸਿੰਘ ਰਿਟਾ: ਡਿਪਟੀ ਡਾਇਰੈਕਟਰ ਸਿੱਖਿਆ ਵਿਭਾਗ ਨੇ ਦੱਸਿਆ ਕਿ ਉਪਰੰਤ ਲੋਕਲ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਭਾਈ ਬਚਿੱਤਰ ਸਿੰਘ ਦਾ ਸਨਮਾਨ ਕੀਤਾ ਗਿਆ .

## ਘੱਟ ਗਿਣਤੀ ਕਮਿਸ਼ਨ ਪੰਜਾਬ ਦੇ ਮੈਂਬਰ ਨੂੰ ਮਿਲੀ ਜਾਨੋਂ ਮਾਰਨ ਦੀ ਧਮਕੀ, ਮੰਗੀ 50 ਲੱਖ ਦੀ ਰੰਗਦਾਰੀ

ਅੰਮ੍ਰਿਤਸਰ , (ਰਵੀ ਠਾਕੁਰ)- ਪੁਲਿਸ ਥਾਣਾ ਬਿਆਸ ਨੇ ਘੱਟ ਗਿਣਤੀ ਕਮਿਸ਼ਨ ਪੰਜਾਬ ਦੇ ਮੈਂਬਰ ਲਾਲ ਹੁਸੈਨ ਵਾਸੀ ਵਜ਼ੀਰ ਭੁੱਲਰ ਨੂੰ ਜਾਨੋਂ ਮਾਰਨ ਦੀਆਂ ਧਮਕੀਆਂ ਦੇਣ ਅਤੇ 50 ਲੱਖ ਰੁਪਏ ਦੀ ਫਿਰੌਤੀ ਮੰਗਣ ਦੇ ਦੋਸ਼ ਹੇਠ ਅਣਪਛਾਤੇ ਵਿਅਕਤੀਆਂ ਖ਼ਿਲਾਫ਼ ਕੇਸ ਦਰਜ ਕੀਤਾ ਹੈ। ਮੁਲਜ਼ਮਾਂ ਨੇ ਕਮਿਸ਼ਨ ਮੈਂਬਰ ਨੂੰ ਵਿਦੇਸ਼ੀ ਨੰਬਰ ਤੋਂ ਫੋਨ ਕਰਕੇ ਜਾਨੋਂ ਮਾਰਨ ਦੀਆਂ ਧਮਕੀਆਂ ਦਿੱਤੀਆਂ ਸਨ। ਇਹ ਧਮਕੀ ਉਨ੍ਹਾਂ ਨੂੰ ਪਿਛਲੇ ਕਈ ਦਿਨਾਂ ਤੋਂ ਦਿੱਤੀ ਜਾ ਰਹੀ ਸੀ। ਮੁਲਜ਼ਮਾਂ ਨੇ ਉਨ੍ਹਾਂ ਨੂੰ ਧਮਕੀ ਦਿੱਤੀ ਕਿ ਉਨ੍ਹਾਂ ਨੇ ਉਸ ਦੇ ਘਰ ਦੀ ਰੇਕੀ ਵੀ ਕੀਤੀ ਹੈ ਅਤੇ ਜੇਕਰ ਇਹ ਪੈਸੇ ਉਨ੍ਹਾਂ ਨੂੰ ਨਾ ਦਿੱਤੇ ਤਾਂ ਉਨ੍ਹਾਂ ਨੂੰ ਮਾਰ ਦਿੱਤਾ ਜਾਵੇਗਾ। ਫਿਲਹਾਲ ਪੁਲਿਸ ਨੇ ਅਣਪਛਾਤੇ ਵਿਅਕਤੀਆਂ ਖਿਲਾਫ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।ਘੱਟ ਗਿਣਤੀ ਕਮਿਸ਼ਨ ਪੰਜਾਬ ਦੇ ਮੈਂਬਰ ਲਾਲ ਹੁਸੈਨ ਵਾਸੀ ਵਜ਼ੀਰ ਭੁੱਲਰ ਨੇ ਦੱਸਿਆ ਕਿ ਉਨ੍ਹਾਂ ਦਾ ਦਫਤਰ ਫਾਰੈਸਟ ਕੰਪਲੈਕਸ ਸੈਕਟਰ 68 ਮੁਹਾਲੀ ਵਿਚ ਹੈ। 11 ਦਸੰਬਰ 2022 ਨੂੰ ਸਵੇਰੇ ਕਰੀਬ 11.44 ਵਜੇ ਉਹ ਵਜ਼ੀਰ ਭੁੱਲਰ ਸਥਿਤ ਆਪਣੇ ਘਰ ਮੌਜੂਦ ਸੀ ਕਿ ਉਸ ਨੂੰ ਵਿਦੇਸ਼ੀ ਨੰਬਰ ਤੋਂ ਵਟਸਐਪ 'ਤੇ ਕਾਲ ਆਈ। ਫੋਨ ਕਰਨ ਵਾਲੇ ਨੇ ਉਸ ਨੂੰ ਕਿਹਾ ਕਿ ਉਸ ਨੇ ਵਕਫ ਬੋਰਡ ਦੀ ਕਾਫੀ ਜ਼ਮੀਨ ਦੱਬੀ ਹੋਈ ਹੈ ਅਤੇ ਉਹ 50 ਲੱਖ ਰੁਪਏ ਇੰਗਲੈਂਡ ਜਾਂ ਕੈਨੇਡਾ ਭੇਜ ਦੇਵੇ, ਨਹੀਂ ਤਾਂ ਉਸ ਨੂੰ ਮਾਰ ਦਿੱਤਾ ਜਾਵੇਗਾ।ਪੁਲਿਸ ਨੇ ਸ਼ਿਕਾਇਤ ਦੇ ਅਧਾਰ 'ਤੇ ਅਣਪਛਾਤੇ ਵਿਅਕਤੀਆਂ ਖ਼ਿਲਾਫ਼ ਕੇਸ ਦਰਜ ਕਰ ਲਿਆ ਹੈ। ਮਾਮਲੇ ਦੀ ਜਾਂਚ ਏਐਸਆਈ ਹਰਪਾਲ ਸਿੰਘ ਕਰ ਰਹੇ ਹਨ



## ਨੈਸ਼ਨਲ ਹਾਈਵੇ ਤੋਂ ਲੁੱਟਿਆ ਆਟੋ ਹੋਇਆ ਬਰਾਮਦ



ਜਗਰਾਓਂ , (ਪੱਤਰ ਪ੍ਰੇਰਕ)-ਲੁਧਿਆਣਾ ਤੋਂ ਟੈਂਪੂ ਕਿਰਾਏ ਤੇ ਕਰਕੇ ਜਗਰਾਓਂ ਲਿਆ ਕੇ ਆਟੋ ਚਾਲਕ ਦੀ ਕੁੱਟਮਾਰ ਕਰਦਿਆਂ ਆਟੋ ਖੋਹਣ ਦੇ ਮਾਮਲੇ ਨੂੰ ਆਖਰਕਾਰ ਜਗਰਾਓਂ ਪੁਲਿਸ ਨੇ ਵੀਰਵਾਰ ਆਟੋ ਲੁਧਿਆਣਾ ਵਾਸੀ ਮਾਲਕ ਨੂੰ ਸੌਂਪ ਦਿੱਤਾ। ਜਿਕਰਯੋਗ ਹੈ ਕਿ ਬੀਤੇ ਐਤਵਾਰ ਲੁਧਿਆਣਾ ਦੇ ਆਰਤੀ ਚੌਕ ਤੋਂ 5 ਵਿਅਕਤੀਆਂ ਨੇ ਜਗਰਾਓਂ ਛੱਡ ਕੇ ਆਉਣਾ ਤੈਅ ਕਰ ਲਿਆ, ਜਿਸ 'ਤੇ ਲੁਧਿਆਣਾ ਦੇ ਸਰਾਭਾ ਵਾਸੀ ਆਟੋ ਮਾਲਕ ਉਮੇਦ ਸਿੰਘ ਪੰਜਾਂ ਨੂੰ ਲੈ ਕੇ ਜਗਰਾਓਂ ਕੌਮੀ ਮਾਰਗ 'ਤੇ ਰਾਜਾ ਢਾਬਾ ਨੇੜੇ ਪੁੱਜਾ ਤਾਂ ਉਕਤ ਮੁਲਜ਼ਮ ਆਟੋ ਚਾਲਕ ਦੀ ਕੁੱਟਮਾਰ ਕਰਦੇ ਆਟੋ ਲੈ ਕੇ ਫ਼ਰਾਰ ਹੋ ਗਏ। ਦੇਰ ਰਾਤ ਆਟੋ ਚਾਲਕ ਨੇ ਪੁਲਿਸ ਚੌਂਕੀ ਬੱਸ ਸਟੈਂਡ ਸ਼ਿਕਾਇਤ ਕੀਤੀ। ਦਿਨ ਚੜ੍ਹਦਿਆਂ ਹੀ ਚੌਂਕੀ ਦੇ ਮੁਖੀ ਗੁਰਸੇਵਕ ਸਿੰਘ ਸਮੇਤ ਪੁਲਿਸ ਪਾਰਟੀ ਨੇ ਆਟੋ ਬਰਾਮਦ ਕਰਨ ਲਈ ਲੁੱਟ ਵਾਲੀ ਥਾਂ ਤੋਂ ਲੈ ਕੇ ਸੀਸੀਟੀਵੀ ਕੈਮਰੇ ਖੰਗਾਲੇ ਤਾਂ ਪੁਲਿਸ ਦੀ ਕੀਤੀ ਮਿਹਨਤ ਰੰਗ ਲਿਆਈ ਤੇ ਪੁਲਿਸ ਨੇ ਸੂਆ ਰੋਡ ਨੇੜਿਓਂ ਉਕਤ ਆਟੋ ਬਰਾਮਦ ਕਰ ਲਿਆ।